ਰਾਗੁ ਮਾਝ ਚਉਪਦੇ ਘਰੁ ੧ ਮਹਲਾ ੪

# ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਹਰਿ ਹਰਿ ਨਾਮੁ ਮੈ ਹਰਿ ਮਨਿ ਭਾਇਆ ॥ ਵਡਭਾਗੀ ਹਰਿ ਨਾਮੁ ਧਿਆਇਆ ॥ ਗੁਰਿ ਪੂਰੈ ਹਰਿ ਨਾਮ ਸਿਧਿ ਪਾਈ ਕੋ ਵਿਰਲਾ ਗੁਰਮਤਿ ਚਲੈ ਜੀਉ ॥੧॥ ਮੈ ਹਰਿ ਹਰਿ ਖਰਚੁ ਲਇਆ ਬੰਨਿ ਪਲੈ ॥ ਮੇਰਾ ਪ੍ਰਾਣ ਸਖਾਈ ਸਦਾ ਨਾਲਿ ਚਲੈ ॥ ਗੁਰਿ ਪੂਰੈ ਹਰਿ ਨਾਮੁ ਦਿੜਾਇਆ ਹਰਿ ਨਿਹਚਲੁ ਹਰਿ ਧਨੁ ਪਲੈ ਜੀਉ ॥੨॥ ਹਰਿ ਹਰਿ ਸਜਣੁ ਮੇਰਾ ਪ੍ਰੀਤਮੁ ਰਾਇਆ ॥ ਕੋਈ ਆਨਿ ਮਿਲਾਵੈ ਮੇਰੇ ਪ੍ਰਾਣ ਜੀਵਾਇਆ ॥ ਹਉ ਰਹਿ ਨ ਸਕਾ ਬਿਨੁ ਦੇਖੇ ਪ੍ਰੀਤਮਾ ਮੈ ਨੀਰੁ ਵਹੇ ਵਹਿ ਚਲੈ ਜੀਉ ॥੩॥ ਸਤਿਗੁਰੁ ਮਿਤ੍ਰੁ ਮੇਰਾ ਬਾਲ ਸਖਾਈ ॥ ਹਉ ਰਹਿ ਨ ਸਕਾ ਬਿਨੁ ਦੇਖੇ ਮੇਰੀ ਮਾਈ ॥ ਹਰਿ ਜੀਉ ਕ੍ਰਿਪਾ ਕਰਹੁ ਗੁਰੁ ਮੇਲਹੁ ਜਨ ਨਾਨਕ ਹਰਿ ਧਨੁ ਪਲੈ ਜੀਉ ॥੪॥੧॥ ਮਾਝ ਮਹਲਾ ੪ ॥ ਮਧੁਸੂਦਨ ਮੇਰੇ ਮਨ ਤਨ ਪ੍ਰਾਨਾ ॥ ਹਉ ਹਰਿ ਬਿਨੁ ਦੂਜਾ ਅਵਰੁ ਨ ਜਾਨਾ ॥ ਕੋਈ ਸਜਣੁ ਸੰਤੁ ਮਿਲੈ ਵਡਭਾਗੀ ਮੈ ਹਰਿ ਪ੍ਰਭੁ ਪਿਆਰਾ ਦਸੈ ਜੀਉ ॥੧॥ ਹਉ ਮਨੁ ਤਨੁ ਖੋਜੀ ਭਾਲਿ ਭਾਲਾਈ ॥ ਕਿਉ ਪਿਆਰਾ ਪ੍ਰੀਤਮੁ ਮਿਲੈ ਮੇਰੀ ਮਾਈ ॥ ਮਿਲਿ ਸਤਸੰਗਤਿ ਖੋਜੁ ਦਸਾਈ ਵਿਚਿ ਸੰਗਤਿ ਹਰਿ ਪ੍ਰਭੁ ਵਸੈ ਜੀਉ ॥੨॥ ਮੇਰਾ ਪਿਆਰਾ ਪ੍ਰੀਤਮੁ ਸਤਿਗੁਰੁ ਰਖਵਾਲਾ ॥ ਹਮ ਬਾਰਿਕ ਦੀਨ ਕਰਹੁ ਪ੍ਰਤਿਪਾਲਾ ॥ ਮੇਰਾ ਮਾਤ ਪਿਤਾ ਗੁਰੁ ਸਤਿਗੁਰੁ ਪੂਰਾ ਗੁਰ ਜਲ ਮਿਲਿ ਕਮਲੁ ਵਿਗਸੈ ਜੀਉ ॥੩॥ ਮੈ ਬਿਨੁ ਗੁਰ ਦੇਖੇ ਨੀਦ ਨ ਆਵੈ ॥ ਮੇਰੇ ਮਨ ਤਨਿ ਵੇਦਨ ਗੁਰ ਬਿਰਹੁ ਲਗਾਵੈ ॥ ਹਰਿ ਹਰਿ ਦਇਆ ਕਰਹੁ ਗੁਰੁ ਮੇਲਹੁ ਜਨ ਨਾਨਕ ਗੁਰ ਮਿਲਿ ਰਹਸੈ ਜੀਉ ॥੪॥੨॥

ਮਾਝ ਮਹਲਾ ੪ ॥ ਹਰਿ ਗੁਣ ਪੜੀਐ ਹਰਿ ਗੁਣ ਗੁਣੀਐ ॥ ਹਰਿ ਹਰਿ ਨਾਮ ਕਥਾ ਨਿਤ ਸੁਣੀਐ ॥ ਮਿਲਿ ਸਤਸੰਗਤਿ ਹਰਿ ਗੁਣ ਗਾਏ ਜਗੁ ਭਉਜਲੁ ਦੁਤਰੁ ਤਰੀਐ ਜੀਉ ॥੧॥ ਆਉ ਸਖੀ ਹਰਿ ਮੇਲੁ ਕਰੇਹਾ ॥ ਮੇਰੇ ਪ੍ਰੀਤਮ ਕਾ ਮੈ ਦੇਇ ਸਨੇਹਾ ॥ ਮੇਰਾ ਮਿਤ੍ਰੁ ਸਖਾ ਸੋ ਪ੍ਰੀਤਮੁ ਭਾਈ ਮੈ ਦਸੇ ਹਰਿ ਨਰਹਰੀਐ ਜੀਉ ॥੨॥ ਮੇਰੀ ਬੇਦਨ ਹਰਿ ਗੁਰੁ ਪੂਰਾ ਜਾਣੈ ॥ ਹਉ ਰਹਿ ਨ ਸਕਾ ਬਿਨੁ ਨਾਮ ਵਖਾਣੇ ॥ ਮੈ ਅਉਖਧੁ ਮੰਤ੍ਰੁ ਦੀਜੈ ਗੁਰ ਪੂਰੇ ਮੈ ਹਰਿ ਹਰਿ ਨਾਮਿ ਉਧਰੀਐ ਜੀਉ ॥੩॥ ਹਮ ਚਾਤ੍ਰਿਕ ਦੀਨ ਸਤਿਗੁਰ ਸਰਣਾਈ ॥ ਹਰਿ ਹਰਿ ਨਾਮੁ ਬੂੰਦ ਮੁਖਿ ਪਾਈ ॥ ਹਰਿ ਜਲਨਿਧਿ ਹਮ ਜਲ ਕੇ ਮੀਨੇ ਜਨ ਨਾਨਕ ਜਲ ਬਿਨੁ ਮਰੀਐ ਜੀਉ ॥੪॥੩॥ ਮਾਝ ਮਹਲਾ ੪ ॥ ਹਰਿ ਜਨ ਸੰਤ ਮਿਲਹੁ ਮੇਰੇ ਭਾਈ ॥ ਮੇਰਾ ਹਰਿ ਪ੍ਰਭੁ ਦਸਹੁ ਮੈ ਭੁਖ ਲਗਾਈ ॥ ਮੇਰੀ ਸਰਧਾ ਪੂਰਿ ਜਗਜੀਵਨ ਦਾਤੇ ਮਿਲਿ ਹਰਿ ਦਰਸਨਿ ਮਨੁ ਭੀਜੈ ਜੀਉ ॥੧॥ ਮਿਲਿ ਸਤਸੰਗਿ ਬੋਲੀ ਹਰਿ ਬਾਣੀ ॥ ਹਰਿ ਹਰਿ ਕਥਾ ਮੇਰੈ ਮਨਿ ਭਾਣੀ ॥ ਹਰਿ ਹਰਿ ਅੰਮ੍ਰਿਤੁ ਹਰਿ ਮਨਿ ਭਾਵੈ ਮਿਲਿ ਸਤਿਗੁਰ ਅੰਮ੍ਰਿਤੁ ਪੀਜੈ ਜੀਉ ॥੨॥ ਵਡਭਾਗੀ ਹਰਿ ਸੰਗਤਿ ਪਾਵਹਿ ॥ ਭਾਗਹੀਨ ਭ੍ਰਮਿ ਚੋਟਾ ਖਾਵਹਿ ॥ ਬਿਨੁ ਭਾਗਾ ਸਤਸੰਗੁ ਨ ਲਭੈ ਬਿਨੁ ਸੰਗਤਿ ਮੈਲੁ ਭਰੀਜੈ ਜੀਉ ॥੩॥ ਮੈ ਆਇ ਮਿਲਹੁ ਜਗਜੀਵਨ ਪਿਆਰੇ ॥ ਹਰਿ ਹਰਿ ਨਾਮੁ ਦਇਆ ਮਨਿ ਧਾਰੇ ॥ ਗੁਰਮਤਿ ਨਾਮੁ ਮੀਠਾ ਮਨਿ ਭਾਇਆ ਜਨ ਨਾਨਕ ਨਾਮਿ ਮਨੁ ਭੀਜੈ ਜੀਉ ॥੪॥੪॥ ਮਾਝ ਮਹਲਾ ੪ ॥ ਹਰਿ ਗੁਰ ਗਿਆਨੁ ਹਰਿ ਰਸੁ ਹਰਿ ਪਾਇਆ ॥ ਮਨੁ ਹਰਿ ਰੰਗਿ ਰਾਤਾ ਹਰਿ ਰਸੁ ਪੀਆਇਆ ॥ ਹਰਿ ਹਰਿ ਨਾਮੁ ਮੁਖਿ ਹਰਿ ਹਰਿ ਬੋਲੀ ਮਨੁ ਹਰਿ ਰਸਿ ਟੁਲਿ ਟੁਲਿ ਪਉਦਾ ਜੀਉ ॥੧॥ ਆਵਹੁ ਸੰਤ ਮੈ ਗਲਿ ਮੇਲਾਈਐ ॥ ਮੇਰੇ ਪ੍ਰੀਤਮ ਕੀ ਮੈ ਕਥਾ ਸੁਣਾਈਐ ॥ ਹਰਿ ਕੇ ਸੰਤ ਮਿਲਹੁ ਮਨੁ ਦੇਵਾ ਜੋ ਗੁਰਬਾਣੀ ਮੁਖਿ ਚਉਦਾ ਜੀਉ ॥੨॥ ਵਡਭਾਗੀ ਹਰਿ ਸੰਤੁ ਮਿਲਾਇਆ ॥ ਗੁਰਿ ਪੂਰੈ ਹਰਿ ਰਸੁ ਮੁਖਿ ਪਾਇਆ ॥ ਭਾਗਹੀਨ ਸਤਿਗੁਰੁ ਨਹੀ ਪਾਇਆ ਮਨਮੁਖੁ ਗਰਭ ਜੂਨੀ ਨਿਤਿ ਪਉਦਾ ਜੀਉ ॥੩॥ ਆਪਿ ਦਇਆਲਿ ਦਇਆ ਪ੍ਰਭਿ ਧਾਰੀ ॥ ਮਲੁ ਹਉਮੈ ਬਿਖਿਆ ਸਭ ਨਿਵਾਰੀ ॥ ਨਾਨਕ ਹਟ ਪਟਣ ਵਿਚਿ ਕਾਂਇਆ ਹਰਿ ਲੈਂਦੇ ਗੁਰਮੁਖਿ ਸਉਦਾ ਜੀਉ ॥੪॥੫॥ ਮਾਝ ਮਹਲਾ ੪ ॥ ਹਉ ਗੁਣ ਗੋਵਿੰਦ ਹਰਿ ਨਾਮੁ ਧਿਆਈ ॥ ਮਿਲਿ ਸੰਗਤਿ ਮਨਿ ਨਾਮੁ ਵਸਾਈ ॥ ਹਰਿ ਪ੍ਰਭ ਅਗਮ ਅਗੋਚਰ ਸੁਆਮੀ

ਮਿਲਿ ਸਤਿਗੁਰ ਹਰਿ ਰਸੁ ਕੀਚੈ ਜੀਉ ॥੧॥ ਧਨੁ ਧਨੁ ਹਰਿ ਜਨ ਜਿਨਿ ਹਰਿ ਪ੍ਰਭੁ ਜਾਤਾ ॥ ਜਾਇ ਪੁਛਾ ਜਨ ਹਰਿ ਕੀ ਬਾਤਾ ॥ ਪਾਵ ਮਲੋਵਾ ਮਲਿ ਮਲਿ ਧੋਵਾ ਮਿਲਿ ਹਰਿ ਜਨ ਹਰਿ ਰਸੁ ਪੀਚੈ ਜੀਉ ॥੨॥ ਸਤਿਗੁਰ ਦਾਤੈ ਨਾਮੁ ਦਿੜਾਇਆ ॥ ਵਡਭਾਗੀ ਗੁਰ ਦਰਸਨੁ ਪਾਇਆ ॥ ਅੰਮ੍ਰਿਤ ਰਸੁ ਸਚੁ ਅੰਮ੍ਰਿਤੁ ਬੋਲੀ ਗੁਰਿ ਪੂਰੈ ਅੰਮ੍ਰਿਤੁ ਲੀਚੈ ਜੀਉ ॥੩॥ ਹਰਿ ਸਤਸੰਗਤਿ ਸਤ ਪੁਰਖੁ ਮਿਲਾਈਐ ॥ ਮਿਲਿ ਸਤਸੰਗਤਿ ਹਰਿ ਨਾਮੁ ਧਿਆਈਐ ॥ ਨਾਨਕ ਹਰਿ ਕਥਾ ਸੁਣੀ ਮੁਖਿ ਬੋਲੀ ਗੁਰਮਤਿ ਹਰਿ ਨਾਮਿ ਪਰੀਚੈ ਜੀਉ ॥੪॥੬॥ ਮਾਝ ਮਹਲਾ ੪ ॥ ਆਵਹੁ ਭੈਣੇ ਤੁਸੀ ਮਿਲਹੁ ਪਿਆਰੀਆ ॥ ਜੋ ਮੇਰਾ ਪ੍ਰੀਤਮੁ ਦਸੇ ਤਿਸ ਕੈ ਹਉ ਵਾਰੀਆ ॥ ਮਿਲਿ ਸਤਸੰਗਤਿ ਲਧਾ ਹਰਿ ਸਜਣੁ ਹਉ ਸਤਿਗੁਰ ਵਿਟਹੁ ਘੁਮਾਈਆ ਜੀਉ ॥੧॥ ਜਹ ਜਹ ਦੇਖਾ ਤਹ ਤਹ ਸੁਆਮੀ ॥ ਤੂ ਘਟਿ ਘਟਿ ਰਵਿਆ ਅੰਤਰਜਾਮੀ ॥ ਗੁਰਿ ਪੂਰੈ ਹਰਿ ਨਾਲਿ ਦਿਖਾਲਿਆ ਹਉ ਸਤਿਗੁਰ ਵਿਟਹੁ ਸਦ ਵਾਰਿਆ ਜੀਉ ॥੨॥ ਏਕੋ ਪਵਣੁ ਮਾਟੀ ਸਭ ਏਕਾ ਸਭ ਏਕਾ ਜੋਤਿ ਸਬਾਈਆ ॥ ਸਭ ਇਕਾ ਜੋਤਿ ਵਰਤੈ ਭਿਨਿ ਭਿਨਿ ਨ ਰਲਈ ਕਿਸੈ ਦੀ ਰਲਾਈਆ ॥ ਗੁਰ ਪਰਸਾਦੀ ਇਕੁ ਨਦਰੀ ਆਇਆ ਹਉ ਸਤਿਗੁਰ ਵਿਟਹੁ ਵਤਾਇਆ ਜੀਉ ॥੩॥ ਜਨੁ ਨਾਨਕੁ ਬੋਲੈ ਅੰਮ੍ਰਿਤ ਬਾਣੀ ॥ ਗੁਰਸਿਖਾਂ ਕੈ ਮਨਿ ਪਿਆਰੀ ਭਾਣੀ ॥ ਉਪਦੇਸੁ ਕਰੇ ਗੁਰੁ ਸਤਿਗੁਰੁ ਪੂਰਾ ਗੁਰੁ ਸਤਿਗੁਰੁ ਪਰਉਪਕਾਰੀਆ ਜੀਉ ॥੪॥੭॥ ਸਤ ਚਉਪਦੇ ਮਹਲੇ ਚਉਥੇ ਕੇ ॥

### ਮਾਝ ਮਹਲਾ ੫ ਚਉਪਦੇ ਘਰੁ ੧॥

ਮੇਰਾ ਮਨੁ ਲੋਚੈ ਗੁਰ ਦਰਸਨ ਤਾਈ ॥ ਬਿਲਪ ਕਰੇ ਚਾਤ੍ਰਿਕ ਕੀ ਨਿਆਈ ॥ ਤ੍ਰਿਖਾ ਨ ਉਤਰੈ ਸਾਂਤਿ ਨ ਆਵੈ ਬਿਨੁ ਦਰਸਨ ਸੰਤ ਪਿਆਰੇ ਜੀਉ ॥੧॥ ਹਉ ਘੋਲੀ ਜੀਉ ਘੋਲਿ ਘੁਮਾਈ ਗੁਰ ਦਰਸਨ ਸੰਤ ਪਿਆਰੇ ਜੀਉ ॥੧॥ ਰਹਾਉ ॥ ਤੇਰਾ ਮੁਖੁ ਸੁਹਾਵਾ ਜੀਉ ਸਹਜ ਧੁਨਿ ਬਾਣੀ ॥ ਚਿਰੁ ਹੋਆ ਦੇਖੇ ਸਾਰਿੰਗਪਾਣੀ ॥ ਧੰਨੁ ਸੁ ਦੇਸੁ ਜਹਾ ਤੂੰ ਵਸਿਆ ਮੇਰੇ ਸਜਣ ਮੀਤ ਮੁਰਾਰੇ ਜੀਉ ॥੨॥ ਹਉ ਘੋਲੀ ਹਉ ਘੋਲਿ ਘੁਮਾਈ ਗੁਰ ਸਜਣ ਮੀਤ ਮੁਰਾਰੇ ਜੀਉ ॥੧॥ ਰਹਾਉ ॥ ਇਕ ਘੜੀ ਨ ਮਿਲਤੇ ਤਾ ਕਲਿਜੁਗੁ ਹੋਤਾ ॥ ਹੁਣਿ ਕਦਿ

ਮਿਲੀਐ ਪ੍ਰਿਅ ਤੁਧੁ ਭਗਵੰਤਾ ॥ ਮੋਹਿ ਰੈਣਿ ਨ ਵਿਹਾਵੈ ਨੀਦ ਨ ਆਵੈ ਬਿਨੁ ਦੇਖੇ ਗੁਰ ਦਰਬਾਰੇ ਜੀਉ ॥੩॥ ਹਉ ਘੋਲੀ ਜੀਉ ਘੋਲਿ ਘੁਮਾਈ ਤਿਸੁ ਸਚੇ ਗੁਰ ਦਰਬਾਰੇ ਜੀਉ ॥੧॥ ਰਹਾਉ ॥ ਭਾਗੁ ਹੋਆ ਗੁਰਿ ਸੰਤੁ ਮਿਲਾਇਆ ॥ ਪ੍ਰਭੁ ਅਬਿਨਾਸੀ ਘਰ ਮਹਿ ਪਾਇਆ ॥ ਸੇਵ ਕਰੀ ਪਲੁ ਚਸਾ ਨ ਵਿਛੁੜਾ ਜਨ ਨਾਨਕ ਦਾਸ ਤੁਮਾਰੇ ਜੀਉ ॥੪॥ ਹਉ ਘੋਲੀ ਜੀਉ ਘੋਲਿ ਘੁਮਾਈ ਜਨ ਨਾਨਕ ਦਾਸ ਤੁਮਾਰੇ ਜੀਉ ॥ ਰਹਾਉ ॥੧॥੮॥ ਰਾਗੁ ਮਾਝ ਮਹਲਾ ੫ ॥ ਸਾ ਰੁਤਿ ਸੁਹਾਵੀ ਜਿਤੁ ਤੁਧੁ ਸਮਾਲੀ ॥ ਸੋ ਕੰਮੁ ਸੁਹੇਲਾ ਜੋ ਤੇਰੀ ਘਾਲੀ ॥ ਸੋ ਰਿਦਾ ਸੁਹੇਲਾ ਜਿਤੁ ਰਿਦੈ ਤੂੰ ਵੁਠਾ ਸਭਨਾ ਕੇ ਦਾਤਾਰਾ ਜੀਉ ॥੧॥ ਤੂੰ ਸਾਝਾ ਸਾਹਿਬੁ ਬਾਪੁ ਹਮਾਰਾ ॥ ਨਉ ਨਿਧਿ ਤੇਰੈ ਅਖੁਟ ਭੰਡਾਰਾ ॥ ਜਿਸੁ ਤੂੰ ਦੇਹਿ ਸੁ ਤ੍ਰਿਪਤਿ ਅਘਾਵੈ ਸੋਈ ਭਗਤੁ ਤੁਮਾਰਾ ਜੀਉ ॥੨॥ ਸਭੁ ਕੋ ਆਸੈ ਤੇਰੀ ਬੈਠਾ ॥ ਘਟ ਘਟ ਅੰਤਰਿ ਤੂੰਹੈ ਵੁਠਾ ॥ ਸਭੇ ਸਾਝੀਵਾਲ ਸਦਾਇਨਿ ਤੂੰ ਕਿਸੈ ਨ ਦਿਸਹਿ ਬਾਹਰਾ ਜੀਉ ॥੩॥ ਤੂੰ ਆਪੇ ਗੁਰਮੁਖਿ ਮੁਕਤਿ ਕਰਾਇਹਿ ॥ ਤੂੰ ਆਪੇ ਮਨਮੁਖਿ ਜਨਮਿ ਭਵਾਇਹਿ ॥ ਨਾਨਕ ਦਾਸ ਤੇਰੈ ਬਲਿਹਾਰੈ ਸਭੁ ਤੇਰਾ ਖੇਲੁ ਦਸਾਹਰਾ ਜੀਉ ॥੪॥੨॥੯॥ ਮਾਝ ਮਹਲਾ ੫ ॥ ਅਨਹਦੁ ਵਾਜੈ ਸਹਜਿ ਸੁਹੇਲਾ ॥ ਸਬਦਿ ਅਨੰਦ ਕਰੇ ਸਦ ਕੇਲਾ ॥ ਸਹਜ ਗੁਫਾ ਮਹਿ ਤਾੜੀ ਲਾਈ ਆਸਣੁ ਊਚ ਸਵਾਰਿਆ ਜੀਉ ॥੧॥ ਫਿਰਿ ਘਿਰਿ ਅਪੁਨੇ ਗ੍ਰਿਹ ਮਹਿ ਆਇਆ ॥ ਜੋ ਲੋੜੀਦਾ ਸੋਈ ਪਾਇਆ ॥ ਤ੍ਰਿਪਤਿ ਅਘਾਇ ਰਹਿਆ ਹੈ ਸੰਤਹੁ ਗੁਰਿ ਅਨਭਉ ਪੁਰਖੁ ਦਿਖਾਰਿਆ ਜੀਉ ॥੨॥ ਆਪੇ ਰਾਜਨੁ ਆਪੇ ਲੋਗਾ ॥ ਆਪਿ ਨਿਰਬਾਣੀ ਆਪੇ ਭੋਗਾ ॥ ਆਪੇ ਤਖਤਿ ਬਹੈ ਸਚੁ ਨਿਆਈ ਸਭ ਚੂਕੀ ਕੂਕ ਪੁਕਾਰਿਆ ਜੀਉ ॥੩॥ ਜੇਹਾ ਡਿਠਾ ਮੈ ਤੇਹੋ ਕਹਿਆ ॥ ਤਿਸੁ ਰਸੁ ਆਇਆ ਜਿਨਿ ਭੇਦੁ ਲਹਿਆ ॥ ਜੋਤੀ ਜੋਤਿ ਮਿਲੀ ਸੁਖੁ ਪਾਇਆ ਜਨ ਨਾਨਕ ਇਕੁ ਪਸਾਰਿਆ ਜੀਉ ॥੪॥੩॥੧੦॥ ਮਾਝ ਮਹਲਾ ੫ ॥ ਜਿਤੁ ਘਰਿ ਪਿਰਿ ਸੋਹਾਗੁ ਬਣਾਇਆ ॥ ਤਿਤੁ ਘਰਿ ਸਖੀਏ ਮੰਗਲੁ ਗਾਇਆ ॥ ਅਨਦ ਬਿਨੋਦ ਤਿਤੈ ਘਰਿ ਸੋਹਹਿ ਜੋ ਧਨ ਕੰਤਿ ਸਿਗਾਰੀ ਜੀਉ ॥੧॥ ਸਾ ਗੁਣਵੰਤੀ ਸਾ ਵਡਭਾਗਣਿ ॥ ਪੁਤ੍ਰਵੰਤੀ ਸੀਲਵੰਤਿ ਸੋਹਾਗਣਿ ॥ ਰੂਪਵੰਤਿ ਸਾ ਸੁਘੜਿ ਬਿਚਖਣਿ ਜੋ ਧਨ ਕੰਤ ਪਿਆਰੀ ਜੀਉ ॥੨॥ ਅਚਾਰਵੰਤਿ ਸਾਈ ਪਰਧਾਨੇ ॥ ਸਭ ਸਿੰਗਾਰ ਬਣੇ ਤਿਸੁ ਗਿਆਨੇ ॥ ਸਾ ਕੁਲਵੰਤੀ ਸਾ ਸਭਰਾਈ ਜੋ ਪਿਰਿ ਕੈ ਰੰਗਿ ਸਵਾਰੀ ਜੀਉ ॥੩॥ ਮਹਿਮਾ ਤਿਸ ਕੀ ਕਹਣੁ ਨ ਜਾਏ ॥ ਜੋ ਪਿਰਿ ਮੇਲਿ ਲਈ ਅੰਗਿ

ਲਾਏ ॥ ਥਿਰੁ ਸੁਹਾਗੁ ਵਰੁ ਅਗਮੁ ਅਗੋਚਰੁ ਜਨ ਨਾਨਕ ਪ੍ਰੇਮ ਸਾਧਾਰੀ ਜੀਉ ॥੪॥੪॥੧੧॥ ਮਾਝ ਮਹਲਾ ੫ ॥ ਖੋਜਤ ਖੋਜਤ ਦਰਸਨ ਚਾਹੇ ॥ ਭਾਤਿ ਭਾਤਿ ਬਨ ਬਨ ਅਵਗਾਹੇ ॥ ਨਿਰਗੁਣੁ ਸਰਗੁਣੁ ਹਰਿ ਹਰਿ ਮੇਰਾ ਕੋਈ ਹੈ ਜੀਉ ਆਣਿ ਮਿਲਾਵੈ ਜੀਉ ॥੧॥ ਖਟੁ ਸਾਸਤ ਬਿਚਰਤ ਮੁਖਿ ਗਿਆਨਾ ॥ ਪੂਜਾ ਤਿਲਕੁ ਤੀਰਥ ਇਸਨਾਨਾ ॥ ਨਿਵਲੀ ਕਰਮ ਆਸਨ ਚਉਰਾਸੀਹ ਇਨ ਮਹਿ ਸਾਂਤਿ ਨ ਆਵੈ ਜੀਉ ॥੨॥ ਅਨਿਕ ਬਰਖ ਕੀਏ ਜਪ ਤਾਪਾ ॥ ਗਵਨੁ ਕੀਆ ਧਰਤੀ ਭਰਮਾਤਾ ॥ ਇਕੁ ਖਿਨੁ ਹਿਰਦੈ ਸਾਂਤਿ ਨ ਆਵੈ ਜੋਗੀ ਬਹੁੜਿ ਬਹੁੜਿ ਉਠਿ ਧਾਵੈ ਜੀਉ ॥੩॥ ਕਰਿ ਕਿਰਪਾ ਮੋਹਿ ਸਾਧੁ ਮਿਲਾਇਆ ॥ ਮਨੁ ਤਨੁ ਸੀਤਲੁ ਧੀਰਜੁ ਪਾਇਆ ॥ ਪ੍ਰਭੁ ਅਬਿਨਾਸੀ ਬਸਿਆ ਘਟ ਭੀਤਰਿ ਹਰਿ ਮੰਗਲੁ ਨਾਨਕੁ ਗਾਵੈ ਜੀਉ ॥੪॥੫॥੧੨॥ ਮਾਝ ਮਹਲਾ ੫ ॥ ਪਾਰਬ੍ਰਹਮ ਅਪਰੰਪਰ ਦੇਵਾ ॥ ਅਗਮ ਅਗੋਚਰ ਅਲਖ ਅਭੇਵਾ ॥ ਦੀਨ ਦਇਆਲ ਗੋਪਾਲ ਗੋਬਿੰਦਾ ਹਰਿ ਧਿਆਵਹੁ ਗੁਰਮੁਖਿ ਗਾਤੀ ਜੀਉ ॥੧॥ ਗੁਰਮੁਖਿ ਮਧੁਸੂਦਨੁ ਨਿਸਤਾਰੇ ॥ ਗੁਰਮੁਖਿ ਸੰਗੀ ਕ੍ਰਿਸਨ ਮੁਰਾਰੇ ॥ ਦਇਆਲ ਦਮੋਦਰੁ ਗੁਰਮੁਖਿ ਪਾਈਐ ਹੋਰਤੁ ਕਿਤੈ ਨ ਭਾਤੀ ਜੀਉ ॥੨॥ ਨਿਰਹਾਰੀ ਕੇਸਵ ਨਿਰਵੈਰਾ ॥ ਕੋਟਿ ਜਨਾ ਜਾ ਕੇ ਪੂਜਹਿ ਪੈਰਾ ॥ ਗੁਰਮੁਖਿ ਹਿਰਦੈ ਜਾ ਕੈ ਹਰਿ ਹਰਿ ਸੋਈ ਭਗਤੁ ਇਕਾਤੀ ਜੀਉ ॥੩॥ ਅਮੋਘ ਦਰਸਨ ਬੇਅੰਤ ਅਪਾਰਾ ॥ ਵਡ ਸਮਰਥੁ ਸਦਾ ਦਾਤਾਰਾ ॥ ਗੁਰਮੁਖਿ ਨਾਮੁ ਜਪੀਐ ਤਿਤੁ ਤਰੀਐ ਗਤਿ ਨਾਨਕ ਵਿਰਲੀ ਜਾਤੀ ਜੀਉ ॥੪॥੬॥੧੩॥ ਮਾਝ ਮਹਲਾ ੫ ॥ ਕਹਿਆ ਕਰਣਾ ਦਿਤਾ ਲੈਣਾ ॥ ਗਰੀਬਾ ਅਨਾਥਾ ਤੇਰਾ ਮਾਣਾ ॥ ਸਭ ਕਿਛੁ ਤੂੰਹੈ ਤੂੰਹੈ ਮੇਰੇ ਪਿਆਰੇ ਤੇਰੀ ਕੁਦਰਤਿ ਕਉ ਬਲਿ ਜਾਈ ਜੀਉ ॥੧॥ ਭਾਣੈ ਉਝੜ ਭਾਣੈ ਰਾਹਾ ॥ ਭਾਣੈ ਹਰਿ ਗੁਣ ਗੁਰਮੁਖਿ ਗਾਵਾਹਾ ॥ ਭਾਣੈ ਭਰਮਿ ਭਵੈ ਬਹੁ ਜੂਨੀ ਸਭ ਕਿਛੁ ਤਿਸੈ ਰਜਾਈ ਜੀਉ ॥੨॥ ਨਾ ਕੋ ਮੂਰਖੁ ਨਾ ਕੋ ਸਿਆਣਾ ॥ ਵਰਤੈ ਸਭ ਕਿਛੁ ਤੇਰਾ ਭਾਣਾ ॥ ਅਗਮ ਅਗੋਚਰ ਬੇਅੰਤ ਅਥਾਹਾ ਤੇਰੀ ਕੀਮਤਿ ਕਹਣੁ ਨ ਜਾਈ ਜੀਉ ॥੩॥ ਖਾਕੁ ਸੰਤਨ ਕੀ ਦੇਹੁ ਪਿਆਰੇ ॥ ਆਇ ਪਇਆ ਹਰਿ ਤੇਰੈ ਦੁਆਰੈ ॥ ਦਰਸਨੁ ਪੇਖਤ ਮਨੁ ਆਘਾਵੈ ਨਾਨਕ ਮਿਲਣੁ ਸੁਭਾਈ ਜੀਉ ॥੪॥੭॥੧੪॥ ਮਾਝ ਮਹਲਾ ੫ ॥ ਦੁਖੁ ਤਦੇ ਜਾ ਵਿਸਰਿ ਜਾਵੈ ॥ ਭੁਖ ਵਿਆਪੈ ਬਹੁ ਬਿਧਿ ਧਾਵੈ ॥ ਸਿਮਰਤ ਨਾਮੁ ਸਦਾ ਸੁਹੇਲਾ ਜਿਸੁ ਦੇਵੈ ਦੀਨ ਦਇਆਲਾ ਜੀਉ ॥੧॥ ਸਤਿਗੁਰੁ ਮੇਰਾ ਵਡ

ਸਮਰਥਾ ॥ ਜੀਇ ਸਮਾਲੀ ਤਾ ਸਭੁ ਦੁਖੁ ਲਥਾ ॥ ਚਿੰਤਾ ਰੋਗੁ ਗਈ ਹਉ ਪੀੜਾ ਆਪਿ ਕਰੇ ਪ੍ਰਤਿਪਾਲਾ ਜੀਉ ॥੨॥ ਬਾਰਿਕ ਵਾਂਗੀ ਹਉ ਸਭ ਕਿਛੁ ਮੰਗਾ ॥ ਦੇਦੇ ਤੋਟਿ ਨਾਹੀ ਪ੍ਰਭ ਰੰਗਾ ॥ ਪੈਰੀ ਪੈ ਪੈ ਬਹੁਤੁ ਮਨਾਈ ਦੀਨ ਦਇਆਲ ਗੋਪਾਲਾ ਜੀਉ ॥੩॥ ਹਉ ਬਲਿਹਾਰੀ ਸਤਿਗੁਰ ਪੂਰੇ ॥ ਜਿਨਿ ਬੰਧਨ ਕਾਟੇ ਸਗਲੇ ਮੇਰੇ ॥ ਹਿਰਦੈ ਨਾਮੁ ਦੇ ਨਿਰਮਲ ਕੀਏ ਨਾਨਕ ਰੰਗਿ ਰਸਾਲਾ ਜੀਉ ॥੪॥੮॥੧੫॥ ਮਾਝ ਮਹਲਾ ੫ ॥ ਲਾਲ ਗੋਪਾਲ ਦਇਆਲ ਰੰਗੀਲੇ ॥ ਗਹਿਰ ਗੰਭੀਰ ਬੇਅੰਤ ਗੋਵਿੰਦੇ ॥ ਊਚ ਅਥਾਹ ਬੇਅੰਤ ਸੁਆਮੀ ਸਿਮਰਿ ਸਿਮਰਿ ਹਉ ਜੀਵਾਂ ਜੀਉ ॥੧॥ ਦੁਖ ਭੰਜਨ ਨਿਧਾਨ ਅਮੋਲੇ ॥ ਨਿਰਭਉ ਨਿਰਵੈਰ ਅਥਾਹ ਅਤੋਲੇ ॥ ਅਕਾਲ ਮੂਰਤਿ ਅਜੂਨੀ ਸੰਭੌ ਮਨ ਸਿਮਰਤ ਠੰਢਾ ਥੀਵਾਂ ਜੀਉ ॥੨॥ ਸਦਾ ਸੰਗੀ ਹਰਿ ਰੰਗ ਗੋਪਾਲਾ ॥ ਊਚ ਨੀਚ ਕਰੇ ਪ੍ਰਤਿਪਾਲਾ ॥ ਨਾਮੁ ਰਸਾਇਣੁ ਮਨੁ ਤ੍ਰਿਪਤਾਇਣੁ ਗੁਰਮੁਖਿ ਅੰਮ੍ਰਿਤੁ ਪੀਵਾਂ ਜੀਉ ॥੩॥ ਦੁਖਿ ਸੁਖਿ ਪਿਆਰੇ ਤੁਧੁ ਧਿਆਈ ॥ ਏਹ ਸੁਮਤਿ ਗੁਰੂ ਤੇ ਪਾਈ ॥ ਨਾਨਕ ਕੀ ਧਰ ਤੂੰਹੈ ਠਾਕੁਰ ਹਰਿ ਰੰਗਿ ਪਾਰਿ ਪਰੀਵਾਂ ਜੀਉ ॥੪॥੯॥੧੬॥ ਮਾਝ ਮਹਲਾ ੫ ॥ ਧੰਨੁ ਸੁ ਵੇਲਾ ਜਿਤੁ ਮੈ ਸਤਿਗੁਰੁ ਮਿਲਿਆ ॥ ਸਫਲੁ ਦਰਸਨੁ ਨੇਤ੍ਰ ਪੇਖਤ ਤਰਿਆ ॥ ਧੰਨੁ ਮੂਰਤ ਚਸੇ ਪਲ ਘੜੀਆ ਧੰਨਿ ਸੁ ਓਇ ਸੰਜੋਗਾ ਜੀਉ ॥੧॥ ਉਦਮੁ ਕਰਤ ਮਨੁ ਨਿਰਮਲੁ ਹੋਆ ॥ ਹਰਿ ਮਾਰਗਿ ਚਲਤ ਭ੍ਰਮੁ ਸਗਲਾ ਖੋਇਆ ॥ ਨਾਮੁ ਨਿਧਾਨੁ ਸਤਿਗੁਰੂ ਸੁਣਾਇਆ ਮਿਟਿ ਗਏ ਸਗਲੇ ਰੋਗਾ ਜੀਉ ॥੨॥ ਅੰਤਰਿ ਬਾਹਰਿ ਤੇਰੀ ਬਾਣੀ ॥ ਤੁਧੁ ਆਪਿ ਕਥੀ ਤੈ ਆਪਿ ਵਖਾਣੀ ॥ ਗੁਰਿ ਕਹਿਆ ਸਭੁ ਏਕੋ ਏਕੋ ਅਵਰੁ ਨ ਕੋਈ ਹੋਇਗਾ ਜੀਉ ॥੩॥ ਅੰਮ੍ਰਿਤ ਰਸੁ ਹਰਿ ਗੁਰ ਤੇ ਪੀਆ ॥ ਹਰਿ ਪੈਨਣੁ ਨਾਮੁ ਭੋਜਨੁ ਥੀਆ ॥ ਨਾਮਿ ਰੰਗ ਨਾਮਿ ਚੋਜ ਤਮਾਸੇ ਨਾਉ ਨਾਨਕ ਕੀਨੇ ਭੋਗਾ ਜੀਉ ॥੪॥੧੦॥੧੭॥ ਮਾਝ ਮਹਲਾ ੫ ॥ ਸਗਲ ਸੰਤਨ ਪਹਿ ਵਸਤੁ ਇਕ ਮਾਂਗਉ ॥ ਕਰਉ ਬਿਨੰਤੀ ਮਾਨੁ ਤਿਆਗਉ ॥ ਵਾਰਿ ਵਾਰਿ ਜਾਈ ਲਖ ਵਰੀਆ ਦੇਹੁ ਸੰਤਨ ਕੀ ਧੂਰਾ ਜੀਉ ॥੧॥ ਤੁਮ ਦਾਤੇ ਤੁਮ ਪੁਰਖ ਬਿਧਾਤੇ ॥ ਤੁਮ ਸਮਰਥ ਸਦਾ ਸੁਖਦਾਤੇ ॥ ਸਭ ਕੋ ਤੁਮ ਹੀ ਤੇ ਵਰਸਾਵੈ ਅਉਸਰੁ ਕਰਹੁ ਹਮਾਰਾ ਪੂਰਾ ਜੀਉ ॥੨॥ ਦਰਸਨਿ ਤੇਰੈ ਭਵਨ ਪੁਨੀਤਾ ॥ ਆਤਮ ਗੜੁ ਬਿਖਮੁ ਤਿਨਾ ਹੀ ਜੀਤਾ ॥ ਤੁਮ ਦਾਤੇ ਤੁਮ ਪੁਰਖ ਬਿਧਾਤੇ ਤੁਧੁ ਜੇਵਡੁ ਅਵਰੁ ਨ ਸੂਰਾ ਜੀਉ ॥੩॥

ਰੇਨੁ ਸੰਤਨ ਕੀ ਮੇਰੈ ਮੁਖਿ ਲਾਗੀ ॥ ਦੁਰਮਤਿ ਬਿਨਸੀ ਕੁਬੁਧਿ ਅਭਾਗੀ ॥ ਸਚ ਘਰਿ ਬੈਸਿ ਰਹੇ ਗੁਣ ਗਾਏ ਨਾਨਕ ਬਿਨਸੇ ਕੂਰਾ ਜੀਉ ॥੪॥੧੧॥੧੮॥ ਮਾਝ ਮਹਲਾ ੫ ॥ ਵਿਸਰੁ ਨਾਹੀ ਏਵਡ ਦਾਤੇ ॥ ਕਰਿ ਕਿਰਪਾ ਭਗਤਨ ਸੰਗਿ ਰਾਤੇ ॥ ਦਿਨਸੁ ਰੈਣਿ ਜਿਉ ਤੁਧੁ ਧਿਆਈ ਏਹੁ ਦਾਨੁ ਮੋਹਿ ਕਰਣਾ ਜੀਉ ॥੧॥ ਮਾਟੀ ਅੰਧੀ ਸੁਰਤਿ ਸਮਾਈ ॥ ਸਭ ਕਿਛੁ ਦੀਆ ਭਲੀਆ ਜਾਈ ॥ ਅਨਦ ਬਿਨੋਦ ਚੋਜ ਤਮਾਸੇ ਤੁਧੁ ਭਾਵੈ ਸੋ ਹੋਣਾ ਜੀਉ ॥੨॥ ਜਿਸ ਦਾ ਦਿਤਾ ਸਭੁ ਕਿਛੁ ਲੈਣਾ ॥ ਛਤੀਹ ਅੰਮ੍ਰਿਤ ਭੋਜਨੁ ਖਾਣਾ ॥ ਸੇਜ ਸੁਖਾਲੀ ਸੀਤਲੁ ਪਵਣਾ ਸਹਜ ਕੇਲ ਰੰਗ ਕਰਣਾ ਜੀਉ ॥੩॥ ਸਾ ਬੁਧਿ ਦੀਜੈ ਜਿਤੁ ਵਿਸਰਹਿ ਨਾਹੀ ॥ ਸਾ ਮਤਿ ਦੀਜੈ ਜਿਤੁ ਤੁਧੁ ਧਿਆਈ ॥ ਸਾਸ ਸਾਸ ਤੇਰੇ ਗੁਣ ਗਾਵਾ ਓਟ ਨਾਨਕ ਗੁਰ ਚਰਣਾ ਜੀਉ ॥੪॥੧੨॥੧੯॥ ਮਾਝ ਮਹਲਾ ੫ ॥ ਸਿਫਤਿ ਸਾਲਾਹਣੁ ਤੇਰਾ ਹੁਕਮੁ ਰਜਾਈ ॥ ਸੋ ਗਿਆਨੁ ਧਿਆਨੁ ਜੋ ਤੁਧੁ ਭਾਈ ॥ ਸੋਈ ਜਪੁ ਜੋ ਪ੍ਰਭ ਜੀਉ ਭਾਵੈ ਭਾਣੈ ਪੂਰ ਗਿਆਨਾ ਜੀਉ ॥੧॥ ਅੰਮ੍ਰਿਤੁ ਨਾਮੁ ਤੇਰਾ ਸੋਈ ਗਾਵੈ ॥ ਜੋ ਸਾਹਿਬ ਤੇਰੈ ਮਨਿ ਭਾਵੈ ॥ ਤੂੰ ਸੰਤਨ ਕਾ ਸੰਤ ਤੁਮਾਰੇ ਸੰਤ ਸਾਹਿਬ ਮਨੁ ਮਾਨਾ ਜੀਉ ॥੨॥ ਤੂੰ ਸੰਤਨ ਕੀ ਕਰਹਿ ਪ੍ਰਤਿਪਾਲਾ ॥ ਸੰਤ ਖੇਲਹਿ ਤੁਮ ਸੰਗਿ ਗੋਪਾਲਾ ॥ ਅਪੁਨੇ ਸੰਤ ਤੁਧੁ ਖਰੇ ਪਿਆਰੇ ਤੂ ਸੰਤਨ ਕੇ ਪ੍ਰਾਨਾ ਜੀਉ ॥੩॥ ਉਨ ਸੰਤਨ ਕੈ ਮੇਰਾ ਮਨੁ ਕੁਰਬਾਨੇ ॥ ਜਿਨ ਤੂੰ ਜਾਤਾ ਜੋ ਤੁਧੁ ਮਨਿ ਭਾਨੇ ॥ ਤਿਨ ਕੈ ਸੰਗਿ ਸਦਾ ਸੁਖੁ ਪਾਇਆ ਹਰਿ ਰਸ ਨਾਨਕ ਤ੍ਰਿਪਤਿ ਅਘਾਨਾ ਜੀਉ ॥੪॥੧੩॥੨੦॥ ਮਾਝ ਮਹਲਾ ੫ ॥ ਤੂੰ ਜਲਨਿਧਿ ਹਮ ਮੀਨ ਤੁਮਾਰੇ ॥ ਤੇਰਾ ਨਾਮੁ ਬੂੰਦ ਹਮ ਚਾਤ੍ਰਿਕ ਤਿਖਹਾਰੇ ॥ ਤੁਮਰੀ ਆਸ ਪਿਆਸਾ ਤੁਮਰੀ ਤੁਮ ਹੀ ਸੰਗਿ ਮਨੁ ਲੀਨਾ ਜੀਉ ॥੧॥ ਜਿਉ ਬਾਰਿਕੁ ਪੀ ਖੀਰੁ ਅਘਾਵੈ ॥ ਜਿਉ ਨਿਰਧਨੁ ਧਨੁ ਦੇਖਿ ਸੁਖੁ ਪਾਵੈ ॥ ਤ੍ਰਿਖਾਵੰਤ ਜਲੁ ਪੀਵਤ ਠੰਢਾ ਤਿਉ ਹਰਿ ਸੰਗਿ ਇਹੁ ਮਨੁ ਭੀਨਾ ਜੀਉ ॥੨॥ ਜਿਉ ਅੰਧਿਆਰੈ ਦੀਪਕੁ ਪਰਗਾਸਾ ॥ ਭਰਤਾ ਚਿਤਵਤ ਪੂਰਨ ਆਸਾ ॥ ਮਿਲਿ ਪ੍ਰੀਤਮ ਜਿਉ ਹੋਤ ਅਨੰਦਾ ਤਿਉ ਹਰਿ ਰੰਗਿ ਮਨੁ ਰੰਗੀਨਾ ਜੀਉ ॥੩॥ ਸੰਤਨ ਮੋ ਕਉ ਹਰਿ ਮਾਰਗਿ ਪਾਇਆ ॥ ਸਾਧ ਕ੍ਰਿਪਾਲਿ ਹਰਿ ਸੰਗਿ ਗਿਝਾਇਆ ॥ ਹਰਿ ਹਮਰਾ ਹਮ ਹਰਿ ਕੇ ਦਾਸੇ ਨਾਨਕ ਸਬਦੁ ਗੁਰੂ ਸਚੁ ਦੀਨਾ ਜੀਉ ॥੪॥੧੪॥੨੧॥ ਮਾਝ ਮਹਲਾ ੫ ॥ ਅੰਮ੍ਰਿਤ ਨਾਮੁ ਸਦਾ ਨਿਰਮਲੀਆ ॥ ਸੁਖਦਾਈ ਦੂਖ ਬਿਡਾਰਨ ਹਰੀਆ ॥ ਅਵਰਿ ਸਾਦ ਚਖਿ ਸਗਲੇ ਦੇਖੇ ਮਨ

ਹਰਿ ਰਸੁ ਸਭ ਤੇ ਮੀਠਾ ਜੀਉ ॥੧॥ ਜੋ ਜੋ ਪੀਵੈ ਸੋ ਤ੍ਰਿਪਤਾਵੈ ॥ ਅਮਰੁ ਹੋਵੈ ਜੋ ਨਾਮ ਰਸੁ ਪਾਵੈ ॥ ਨਾਮ ਨਿਧਾਨ ਤਿਸਹਿ ਪਰਾਪਤਿ ਜਿਸੁ ਸਬਦੁ ਗੁਰੂ ਮਨਿ ਵੂਠਾ ਜੀਉ ॥੨॥ ਜਿਨਿ ਹਰਿ ਰਸੁ ਪਾਇਆ ਸੋ ਤ੍ਰਿਪਤਿ ਅਘਾਨਾ ॥ ਜਿਨਿ ਹਰਿ ਸਾਦੁ ਪਾਇਆ ਸੋ ਨਾਹਿ ਡੁਲਾਨਾ ॥ ਤਿਸਹਿ ਪਰਾਪਤਿ ਹਰਿ ਹਰਿ ਨਾਮਾ ਜਿਸੁ ਮਸਤਕਿ ਭਾਗੀਠਾ ਜੀਉ ॥੩॥ ਹਰਿ ਇਕਸੁ ਹਥਿ ਆਇਆ ਵਰਸਾਣੇ ਬਹੁਤੇਰੇ ॥ ਤਿਸੁ ਲਗਿ ਮੁਕਤੁ ਭਏ ਘਣੇਰੇ ॥ ਨਾਮੁ ਨਿਧਾਨਾ ਗੁਰਮੁਖਿ ਪਾਈਐ ਕਹੁ ਨਾਨਕ ਵਿਰਲੀ ਡੀਠਾ ਜੀਉ ॥੪॥੧੫॥੨੨॥ ਮਾਝ ਮਹਲਾ ੫ ॥ ਨਿਧਿ ਸਿਧਿ ਰਿਧਿ ਹਰਿ ਹਰਿ ਹਰਿ ਮੇਰੈ ॥ ਜਨਮੁ ਪਦਾਰਥੁ ਗਹਿਰ ਗੰਭੀਰੈ ॥ ਲਾਖ ਕੋਟ ਖੁਸੀਆ ਰੰਗ ਰਾਵੈ ਜੋ ਗੁਰ ਲਾਗਾ ਪਾਈ ਜੀਉ ॥੧॥ ਦਰਸਨੁ ਪੇਖਤ ਭਏ ਪੁਨੀਤਾ ॥ ਸਗਲ ਉਧਾਰੇ ਭਾਈ ਮੀਤਾ ॥ ਅਗਮ ਅਗੋਚਰੁ ਸੁਆਮੀ ਅਪੁਨਾ ਗੁਰ ਕਿਰਪਾ ਤੇ ਸਚੁ ਧਿਆਈ ਜੀਉ ॥੨॥ ਜਾ ਕਉ ਖੋਜਹਿ ਸਰਬ ਉਪਾਏ ॥ ਵਡਭਾਗੀ ਦਰਸਨੁ ਕੋ ਵਿਰਲਾ ਪਾਏ ॥ ਊਚ ਅਪਾਰ ਅਗੋਚਰ ਥਾਨਾ ਓਹੁ ਮਹਲੁ ਗੁਰੂ ਦੇਖਾਈ ਜੀਉ ॥੩॥ ਗਹਿਰ ਗੰਭੀਰ ਅੰਮ੍ਰਿਤ ਨਾਮੁ ਤੇਰਾ ॥ ਮੁਕਤਿ ਭਇਆ ਜਿਸੁ ਰਿਦੈ ਵਸੇਰਾ ॥ ਗੁਰਿ ਬੰਧਨ ਤਿਨ ਕੇ ਸਗਲੇ ਕਾਟੇ ਜਨ ਨਾਨਕ ਸਹਜਿ ਸਮਾਈ ਜੀਉ ॥੪॥੧੬॥੨੩॥ ਮਾਝ ਮਹਲਾ ੫ ॥ ਪ੍ਰਭ ਕਿਰਪਾ ਤੇ ਹਰਿ ਹਰਿ ਧਿਆਵਉ ॥ ਪ੍ਰਭੂ ਦਇਆ ਤੇ ਮੰਗਲੁ ਗਾਵਉ ॥ ਊਠਤ ਬੈਠਤ ਸੋਵਤ ਜਾਗਤ ਹਰਿ ਧਿਆਈਐ ਸਗਲ ਅਵਰਦਾ ਜੀਉ ॥੧॥ ਨਾਮੁ ਅਉਖਧੁ ਮੋ ਕਉ ਸਾਧੂ ਦੀਆ ॥ ਕਿਲਬਿਖ ਕਾਟੇ ਨਿਰਮਲੁ ਥੀਆ ॥ ਅਨਦੁ ਭਇਆ ਨਿਕਸੀ ਸਭ ਪੀਰਾ ਸਗਲ ਬਿਨਾਸੇ ਦਰਦਾ ਜੀਉ ॥੨॥ ਜਿਸ ਕਾ ਅੰਗੁ ਕਰੇ ਮੇਰਾ ਪਿਆਰਾ ॥ ਸੋ ਮੁਕਤਾ ਸਾਗਰ ਸੰਸਾਰਾ ॥ ਸਤਿ ਕਰੇ ਜਿਨਿ ਗੁਰੂ ਪਛਾਤਾ ਸੋ ਕਾਹੇ ਕਉ ਡਰਦਾ ਜੀਉ ॥੩॥ ਜਬ ਤੇ ਸਾਧੂ ਸੰਗਤਿ ਪਾਏ ॥ ਗੁਰ ਭੇਟਤ ਹਉ ਗਈ ਬਲਾਏ ॥ ਸਾਸਿ ਸਾਸਿ ਹਰਿ ਗਾਵੈ ਨਾਨਕੁ ਸਤਿਗੁਰ ਢਾਕਿ ਲੀਆ ਮੇਰਾ ਪੜਦਾ ਜੀਉ ॥੪॥੧੭॥੨੪॥ ਮਾਝ ਮਹਲਾ ੫ ॥ ਓਤਿ ਪੋਤਿ ਸੇਵਕ ਸੰਗਿ ਰਾਤਾ ॥ ਪ੍ਰਭ ਪ੍ਰਤਿਪਾਲੇ ਸੇਵਕ ਸੁਖਦਾਤਾ ॥ ਪਾਣੀ ਪਖਾ ਪੀਸਉ ਸੇਵਕ ਕੈ ਠਾਕੁਰ ਹੀ ਕਾ ਆਹਰੁ ਜੀਉ ॥੧॥ ਕਾਟਿ ਸਿਲਕ ਪ੍ਰਭਿ ਸੇਵਾ ਲਾਇਆ ॥ ਹੁਕਮੁ ਸਾਹਿਬ ਕਾ ਸੇਵਕ ਮਨਿ ਭਾਇਆ ॥ ਸੋਈ ਕਮਾਵੈ ਜੋ ਸਾਹਿਬ ਭਾਵੈ ਸੇਵਕੁ ਅੰਤਰਿ ਬਾਹਰਿ ਮਾਹਰੁ ਜੀਉ ॥੨॥ ਤੂੰ ਦਾਨਾ ਠਾਕੁਰੁ ਸਭ ਬਿਧਿ ਜਾਨਹਿ ॥

ਠਾਕੁਰ ਕੇ ਸੇਵਕ ਹਰਿ ਰੰਗ ਮਾਣਹਿ ॥ ਜੋ ਕਿਛੁ ਠਾਕੁਰ ਕਾ ਸੋ ਸੇਵਕ ਕਾ ਸੇਵਕੁ ਠਾਕੁਰ ਹੀ ਸੰਗਿ ਜਾਹਰੁ ਜੀਉ ॥੩॥ ਅਪੁਨੈ ਠਾਕੁਰਿ ਜੋ ਪਹਿਰਾਇਆ ॥ ਬਹੁਰਿ ਨ ਲੇਖਾ ਪੁਛਿ ਬੁਲਾਇਆ ॥ ਤਿਸੁ ਸੇਵਕ ਕੈ ਨਾਨਕ ਕੁਰਬਾਣੀ ਸੋ ਗਹਿਰ ਗਭੀਰਾ ਗਉਹਰੁ ਜੀਉ ॥੪॥੧੮॥੨੫॥ ਮਾਝ ਮਹਲਾ ੫ ॥ ਸਭ ਕਿਛੁ ਘਰ ਮਹਿ ਬਾਹਰਿ ਨਾਹੀ ॥ ਬਾਹਰਿ ਟੋਲੈ ਸੋ ਭਰਮਿ ਭੁਲਾਹੀ ॥ ਗੁਰ ਪਰਸਾਦੀ ਜਿਨੀ ਅੰਤਰਿ ਪਾਇਆ ਸੋ ਅੰਤਰਿ ਬਾਹਰਿ ਸੁਹੇਲਾ ਜੀਉ ॥੧॥ ਝਿਮਿ ਝਿਮਿ ਵਰਸੈ ਅੰਮ੍ਰਿਤ ਧਾਰਾ ॥ ਮਨੁ ਪੀਵੈ ਸੁਨਿ ਸਬਦੁ ਬੀਚਾਰਾ ॥ ਅਨਦ ਬਿਨੋਦ ਕਰੇ ਦਿਨ ਰਾਤੀ ਸਦਾ ਸਦਾ ਹਰਿ ਕੇਲਾ ਜੀਉ ॥੨॥ ਜਨਮ ਜਨਮ ਕਾ ਵਿਛੁੜਿਆ ਮਿਲਿਆ ॥ ਸਾਧ ਕ੍ਰਿਪਾ ਤੇ ਸੂਕਾ ਹਰਿਆ ॥ ਸੁਮਤਿ ਪਾਏ ਨਾਮੁ ਧਿਆਏ ਗੁਰਮੁਖਿ ਹੋਏ ਮੇਲਾ ਜੀਉ ॥੩॥ ਜਲ ਤਰੰਗੁ ਜਿਉ ਜਲਹਿ ਸਮਾਇਆ ॥ ਤਿਉ ਜੋਤੀ ਸੰਗਿ ਜੋਤਿ ਮਿਲਾਇਆ ॥ ਕਹੁ ਨਾਨਕ ਭ੍ਰਮ ਕਟੇ ਕਿਵਾੜਾ ਬਹੁੜਿ ਨ ਹੋਈਐ ਜਉਲਾ ਜੀਉ ॥੪॥੧੯॥੨੬॥ ਮਾਝ ਮਹਲਾ ੫ ॥ ਤਿਸੁ ਕੁਰਬਾਣੀ ਜਿਨਿ ਤੂੰ ਸੁਣਿਆ ॥ ਤਿਸੁ ਬਲਿਹਾਰੀ ਜਿਨਿ ਰਸਨਾ ਭਣਿਆ ॥ ਵਾਰਿ ਵਾਰਿ ਜਾਈ ਤਿਸੁ ਵਿਟਹੁ ਜੋ ਮਨਿ ਤਨਿ ਤੁਧੁ ਆਰਾਧੇ ਜੀਉ ॥੧॥ ਤਿਸੁ ਚਰਣ ਪਖਾਲੀ ਜੋ ਤੇਰੈ ਮਾਰਗਿ ਚਾਲੈ ॥ ਨੈਨ ਨਿਹਾਲੀ ਤਿਸੁ ਪੁਰਖ ਦਇਆਲੈ ॥ ਮਨੁ ਦੇਵਾ ਤਿਸੁ ਅਪੁਨੇ ਸਾਜਨ ਜਿਨਿ ਗੁਰ ਮਿਲਿ ਸੋ ਪ੍ਰਭੁ ਲਾਧੇ ਜੀਉ ॥੨॥ ਸੇ ਵਡਭਾਗੀ ਜਿਨਿ ਤੁਮ ਜਾਣੇ ॥ ਸਭ ਕੈ ਮਧੇ ਅਲਿਪਤ ਨਿਰਬਾਣੇ ॥ ਸਾਧ ਕੈ ਸੰਗਿ ਉਨਿ ਭਉਜਲੁ ਤਰਿਆ ਸਗਲ ਦੂਤ ਉਨਿ ਸਾਧੇ ਜੀਉ ॥੩॥ ਤਿਨ ਕੀ ਸਰਣਿ ਪਰਿਆ ਮਨੁ ਮੇਰਾ ॥ ਮਾਣੁ ਤਾਣੁ ਤਜਿ ਮੋਹੁ ਅੰਧੇਰਾ ॥ ਨਾਮੁ ਦਾਨੁ ਦੀਜੈ ਨਾਨਕ ਕਉ ਤਿਸੁ ਪ੍ਰਭ ਅਗਮ ਅਗਾਧੇ ਜੀਉ ॥੪॥੨੦॥੨੭॥ ਮਾਝ ਮਹਲਾ ੫ ॥ ਤੂੰ ਪੇਡੁ ਸਾਖ ਤੇਰੀ ਫੂਲੀ ॥ ਤੂੰ ਸੂਖਮੁ ਹੋਆ ਅਸਥੂਲੀ ॥ ਤੂੰ ਜਲਨਿਧਿ ਤੂੰ ਫੇਨੁ ਬੁਦਬੁਦਾ ਤੁਧੁ ਬਿਨੁ ਅਵਰੁ ਨ ਭਾਲੀਐ ਜੀਉ ॥੧॥ ਤੂੰ ਸੂਤੁ ਮਣੀਏ ਭੀ ਤੂੰਹੈ ॥ ਤੂੰ ਗੰਠੀ ਮੇਰੁ ਸਿਰਿ ਤੂੰਹੈ ॥ ਆਦਿ ਮਧਿ ਅੰਤਿ ਪ੍ਰਭੁ ਸੋਈ ਅਵਰੁ ਨ ਕੋਇ ਦਿਖਾਲੀਐ ਜੀਉ ॥੨॥ ਤੂੰ ਨਿਰਗੁਣੁ ਸਰਗੁਣੁ ਸੁਖਦਾਤਾ ॥ ਤੂੰ ਨਿਰਬਾਣੁ ਰਸੀਆ ਰੰਗਿ ਰਾਤਾ ॥ ਅਪਣੇ ਕਰਤਬ ਆਪੇ ਜਾਣਹਿ ਆਪੇ ਤੁਧੁ ਸਮਾਲੀਐ ਜੀਉ ॥੩॥ ਤੂੰ ਠਾਕੁਰੁ ਸੇਵਕੁ ਫੁਨਿ ਆਪੇ ॥ ਤੂੰ ਗੁਪਤੁ ਪਰਗਟੁ ਪ੍ਰਭ ਆਪੇ ॥ ਨਾਨਕ ਦਾਸੁ ਸਦਾ ਗੁਣ ਗਾਵੈ ਇਕ ਭੋਰੀ ਨਦਰਿ ਨਿਹਾਲੀਐ

ਜੀਉ ॥੪॥੨੧॥੨੮॥ ਮਾਝ ਮਹਲਾ ੫ ॥ ਸਫਲ ਸੁ ਬਾਣੀ ਜਿਤੁ ਨਾਮੁ ਵਖਾਣੀ ॥ ਗੁਰ ਪਰਸਾਦਿ ਕਿਨੈ ਵਿਰਲੈ ਜਾਣੀ ॥ ਧੰਨੁ ਸੁ ਵੇਲਾ ਜਿਤੁ ਹਰਿ ਗਾਵਤ ਸੁਨਣਾ ਆਏ ਤੇ ਪਰਵਾਨਾ ਜੀਉ ॥੧॥ ਸੇ ਨੇਤ੍ਰ ਪਰਵਾਣੁ ਜਿਨੀ ਦਰਸਨੁ ਪੇਖਾ ॥ ਸੇ ਕਰ ਭਲੇ ਜਿਨੀ ਹਰਿ ਜਸੁ ਲੇਖਾ ॥ ਸੇ ਚਰਣ ਸੁਹਾਵੇ ਜੋ ਹਰਿ ਮਾਰਗਿ ਚਲੇ ਹਉ ਬਲਿ ਤਿਨ ਸੰਗਿ ਪਛਾਣਾ ਜੀਉ ॥੨॥ ਸੁਣਿ ਸਾਜਨ ਮੇਰੇ ਮੀਤ ਪਿਆਰੇ ॥ ਸਾਧਸੰਗਿ ਖਿਨ ਮਾਹਿ ਉਧਾਰੇ ॥ ਕਿਲਵਿਖ ਕਾਟਿ ਹੋਆ ਮਨੁ ਨਿਰਮਲੁ ਮਿਟਿ ਗਏ ਆਵਣ ਜਾਣਾ ਜੀਉ ॥੩॥ ਦੁਇ ਕਰ ਜੋੜਿ ਇਕੁ ਬਿਨਉ ਕਰੀਜੈ ॥ ਕਰਿ ਕਿਰਪਾ ਡੁਬਦਾ ਪਥਰੁ ਲੀਜੈ ॥ ਨਾਨਕ ਕਉ ਪ੍ਰਭ ਭਏ ਕ੍ਰਿਪਾਲਾ ਪ੍ਰਭ ਨਾਨਕ ਮਨਿ ਭਾਣਾ ਜੀਉ ॥੪॥੨੨ ॥੨੯॥ ਮਾਝ ਮਹਲਾ ੫ ॥ ਅੰਮ੍ਰਿਤ ਬਾਣੀ ਹਰਿ ਹਰਿ ਤੇਰੀ ॥ ਸੁਣਿ ਸੁਣਿ ਹੋਵੈ ਪਰਮ ਗਤਿ ਮੇਰੀ ॥ ਜਲਨਿ ਬੁਝੀ ਸੀਤਲੁ ਹੋਇ ਮਨੂਆ ਸਤਿਗੁਰ ਕਾ ਦਰਸਨੁ ਪਾਏ ਜੀਉ ॥੧॥ ਸੂਖੁ ਭਇਆ ਦੁਖੁ ਦੂਰਿ ਪਰਾਨਾ ॥ ਸੰਤ ਰਸਨ ਹਰਿ ਨਾਮੁ ਵਖਾਨਾ ॥ ਜਲ ਥਲ ਨੀਰਿ ਭਰੇ ਸਰ ਸੁਭਰ ਬਿਰਥਾ ਕੋਇ ਨ ਜਾਏ ਜੀਉ ॥੨॥ ਦਇਆ ਧਾਰੀ ਤਿਨਿ ਸਿਰਜਨਹਾਰੇ ॥ ਜੀਅ ਜੰਤ ਸਗਲੇ ਪ੍ਰਤਿਪਾਰੇ ॥ ਮਿਹਰਵਾਨ ਕਿਰਪਾਲ ਦਇਆਲਾ ਸਗਲੇ ਤ੍ਰਿਪਤਿ ਅਘਾਏ ਜੀਉ ॥੩॥ ਵਣੁ ਤ੍ਰਿਣੁ ਤ੍ਰਿਭਵਣੁ ਕੀਤੋਨੁ ਹਰਿਆ ॥ ਕਰਣਹਾਰਿ ਖਿਨ ਭੀਤਰਿ ਕਰਿਆ ॥ ਗੁਰਮੁਖਿ ਨਾਨਕ ਤਿਸੈ ਅਰਾਧੇ ਮਨ ਕੀ ਆਸ ਪੁਜਾਏ ਜੀਉ ॥੪॥੨੩॥੩੦॥ ਮਾਝ ਮਹਲਾ ੫ ॥ ਤੂੰ ਮੇਰਾ ਪਿਤਾ ਤੂੰਹੈ ਮੇਰਾ ਮਾਤਾ ॥ ਤੂੰ ਮੇਰਾ ਬੰਧਪੁ ਤੂੰ ਮੇਰਾ ਭ੍ਰਾਤਾ ॥ ਤੂੰ ਮੇਰਾ ਰਾਖਾ ਸਭਨੀ ਥਾਈ ਤਾ ਭਉ ਕੇਹਾ ਕਾੜਾ ਜੀਉ ॥੧॥ ਤੁਮਰੀ ਕ੍ਰਿਪਾ ਤੇ ਤੁਧੁ ਪਛਾਣਾ ॥ ਤੂੰ ਮੇਰੀ ਓਟ ਤੂੰਹੈ ਮੇਰਾ ਮਾਣਾ ॥ ਤੁਝ ਬਿਨੁ ਦੂਜਾ ਅਵਰੁ ਨ ਕੋਈ ਸਭੁ ਤੇਰਾ ਖੇਲੁ ਅਖਾੜਾ ਜੀਉ ॥੨॥ ਜੀਅ ਜੰਤ ਸਭਿ ਤੁਧੁ ਉਪਾਏ ॥ ਜਿਤੁ ਜਿਤੁ ਭਾਣਾ ਤਿਤੁ ਤਿਤੁ ਲਾਏ ॥ ਸਭ ਕਿਛੁ ਕੀਤਾ ਤੇਰਾ ਹੋਵੈ ਨਾਹੀ ਕਿਛੁ ਅਸਾੜਾ ਜੀਉ ॥੩॥ ਨਾਮੁ ਧਿਆਇ ਮਹਾ ਸੁਖੁ ਪਾਇਆ ॥ ਹਰਿ ਗੁਣ ਗਾਇ ਮੇਰਾ ਮਨੁ ਸੀਤਲਾਇਆ ॥ ਗੁਰਿ ਪੂਰੈ ਵਜੀ ਵਾਧਾਈ ਨਾਨਕ ਜਿਤਾ ਬਿਖਾੜਾ ਜੀਉ ॥੪॥੨੪॥੩੧॥ ਮਾਝ ਮਹਲਾ ੫ ॥ ਜੀਅ ਪ੍ਰਾਣ ਪ੍ਰਭ ਮਨਹਿ ਅਧਾਰਾ ॥ ਭਗਤ ਜੀਵਹਿ ਗੁਣ ਗਾਇ ਅਪਾਰਾ ॥ ਗੁਣ ਨਿਧਾਨ ਅੰਮ੍ਰਿਤੁ ਹਰਿ ਨਾਮਾ ਹਰਿ ਧਿਆਇ ਧਿਆਇ ਸੁਖੁ ਪਾਇਆ ਜੀਉ ॥੧॥ ਮਨਸਾ ਧਾਰਿ ਜੋ ਘਰ ਤੇ ਆਵੈ ॥

ਸਾਧਸੰਗਿ ਜਨਮੁ ਮਰਣੁ ਮਿਟਾਵੈ ॥ ਆਸ ਮਨੋਰਥੁ ਪੂਰਨੁ ਹੋਵੈ ਭੇਟਤ ਗੁਰ ਦਰਸਾਇਆ ਜੀਉ ॥੨॥ ਅਗਮ ਅਗੋਚਰ ਕਿਛੁ ਮਿਤਿ ਨਹੀ ਜਾਨੀ ॥ ਸਾਧਿਕ ਸਿਧ ਧਿਆਵਹਿ ਗਿਆਨੀ ॥ ਖੁਦੀ ਮਿਟੀ ਚੂਕਾ ਭੋਲਾਵਾ ਗੁਰਿ ਮਨ ਹੀ ਮਹਿ ਪ੍ਰਗਟਾਇਆ ਜੀਉ ॥੩॥ ਅਨਦ ਮੰਗਲ ਕਲਿਆਣ ਨਿਧਾਨਾ ॥ ਸੂਖ ਸਹਜ ਹਰਿ ਨਾਮੁ ਵਖਾਨਾ ॥ ਹੋਇ ਕ੍ਰਿਪਾਲੁ ਸੁਆਮੀ ਅਪਨਾ ਨਾਉ ਨਾਨਕ ਘਰ ਮਹਿ ਆਇਆ ਜੀਉ ॥੪॥੨੫॥੩੨॥ ਮਾਝ ਮਹਲਾ ੫ ॥ ਸੁਣਿ ਸੁਣਿ ਜੀਵਾ ਸੋਇ ਤੁਮਾਰੀ ॥ ਤੂੰ ਪ੍ਰੀਤਮੁ ਠਾਕੁਰੁ ਅਤਿ ਭਾਰੀ ॥ ਤੁਮਰੇ ਕਰਤਬ ਤੁਮ ਹੀ ਜਾਣਹੁ ਤੁਮਰੀ ਓਟ ਗੁੋਪਾਲਾ ਜੀਉ ॥੧॥ ਗੁਣ ਗਾਵਤ ਮਨੁ ਹਰਿਆ ਹੋਵੈ ॥ ਕਥਾ ਸੁਣਤ ਮਲੁ ਸਗਲੀ ਖੋਵੈ ॥ ਭੇਟਤ ਸੰਗਿ ਸਾਧ ਸੰਤਨ ਕੈ ਸਦਾ ਜਪਉ ਦਇਆਲਾ ਜੀਉ ॥੨॥ ਪ੍ਰਭੁ ਅਪੁਨਾ ਸਾਸਿ ਸਾਸਿ ਸਮਾਰਉ ॥ ਇਹ ਮਤਿ ਗੁਰ ਪ੍ਰਸਾਦਿ ਮਨਿ ਧਾਰਉ ॥ ਤੁਮਰੀ ਕ੍ਰਿਪਾ ਤੇ ਹੋਇ ਪ੍ਰਗਾਸਾ ਸਰਬ ਮਇਆ ਪ੍ਰਤਿਪਾਲਾ ਜੀਉ ॥੩॥ ਸਤਿ ਸਤਿ ਸਤਿ ਪ੍ਰਭੁ ਸੋਈ ॥ ਸਦਾ ਸਦਾ ਸਦ ਆਪੇ ਹੋਈ ॥ ਚਲਿਤ ਤੁਮਾਰੇ ਪ੍ਰਗਟ ਪਿਆਰੇ ਦੇਖਿ ਨਾਨਕ ਭਏ ਨਿਹਾਲਾ ਜੀਉ ॥੪॥੨੬॥੩੩॥ ਮਾਝ ਮਹਲਾ ੫ ॥ ਹੁਕਮੀ ਵਰਸਣ ਲਾਗੇ ਮੇਹਾ ॥ ਸਾਜਨ ਸੰਤ ਮਿਲਿ ਨਾਮੁ ਜਪੇਹਾ ॥ ਸੀਤਲ ਸਾਂਤਿ ਸਹਜ ਸੁਖੁ ਪਾਇਆ ਠਾਢਿ ਪਾਈ ਪ੍ਰਭਿ ਆਪੇ ਜੀਉ ॥੧॥ ਸਭੁ ਕਿਛੁ ਬਹੁਤੋ ਬਹੁਤੁ ਉਪਾਇਆ ॥ ਕਰਿ ਕਿਰਪਾ ਪ੍ਰਭਿ ਸਗਲ ਰਜਾਇਆ ॥ ਦਾਤਿ ਕਰਹੁ ਮੇਰੇ ਦਾਤਾਰਾ ਜੀਅ ਜੰਤ ਸਭਿ ਧ੍ਰਾਪੇ ਜੀਉ ॥੨॥ ਸਚਾ ਸਾਹਿਬੁ ਸਚੀ ਨਾਈ ॥ ਗੁਰ ਪਰਸਾਦਿ ਤਿਸੁ ਸਦਾ ਧਿਆਈ ॥ ਜਨਮ ਮਰਣ ਭੈ ਕਾਟੇ ਮੋਹਾ ਬਿਨਸੇ ਸੋਗ ਸੰਤਾਪੇ ਜੀਉ ॥੩॥ ਸਾਸਿ ਸਾਸਿ ਨਾਨਕੁ ਸਾਲਾਹੇ ॥ ਸਿਮਰਤ ਨਾਮੁ ਕਾਟੇ ਸਭਿ ਫਾਹੇ ॥ ਪੂਰਨ ਆਸ ਕਰੀ ਖਿਨ ਭੀਤਰਿ ਹਰਿ ਹਰਿ ਹਰਿ ਗੁਣ ਜਾਪੇ ਜੀਉ ॥੪॥੨੭॥੩੪॥ ਮਾਝ ਮਹਲਾ ੫ ॥ ਆਉ ਸਾਜਨ ਸੰਤ ਮੀਤ ਪਿਆਰੇ ॥ ਮਿਲਿ ਗਾਵਹ ਗੁਣ ਅਗਮ ਅਪਾਰੇ ॥ ਗਾਵਤ ਸੁਣਤ ਸਭੇ ਹੀ ਮੁਕਤੇ ਸੋ ਧਿਆਈਐ ਜਿਨਿ ਹਮ ਕੀਏ ਜੀਉ ॥੧॥ ਜਨਮ ਜਨਮ ਕੇ ਕਿਲਬਿਖ ਜਾਵਹਿ ॥ ਮਨਿ ਚਿੰਦੇ ਸੇਈ ਫਲ ਪਾਵਹਿ ॥ ਸਿਮਰਿ ਸਾਹਿਬੁ ਸੋ ਸਚੁ ਸੁਆਮੀ ਰਿਜਕੁ ਸਭਸੁ ਕਉ ਦੀਏ ਜੀਉ ॥੨॥ ਨਾਮੁ ਜਪਤ ਸਰਬ ਸੁਖੁ ਪਾਈਐ ॥ ਸਭੁ ਭਉ ਬਿਨਸੈ ਹਰਿ ਹਰਿ ਧਿਆਈਐ ॥ ਜਿਨਿ ਸੇਵਿਆ ਸੋ ਪਾਰਗਿਰਾਮੀ ਕਾਰਜ ਸਗਲੇ ਥੀਏ ਜੀਉ ॥੩॥ ਆਇ ਪਇਆ ਤੇਰੀ ਸਰਣਾਈ ॥ ਜਿਉ ਭਾਵੈ ਤਿਉ ਲੈਹਿ ਮਿਲਾਈ ॥

ਕਰਿ ਕਿਰਪਾ ਪ੍ਰਭੁ ਭਗਤੀ ਲਾਵਹੁ ਸਚੁ ਨਾਨਕ ਅੰਮ੍ਰਿਤੁ ਪੀਏ ਜੀਉ ॥੪॥੨੮॥੩੫॥ ਮਾਝ ਮਹਲਾ ੫ ॥ ਭਏ ਕ੍ਰਿਪਾਲ ਗੋਵਿੰਦ ਗੁਸਾਈ ॥ ਮੇਘੁ ਵਰਸੈ ਸਭਨੀ ਥਾਈ ॥ ਦੀਨ ਦਇਆਲ ਸਦਾ ਕਿਰਪਾਲਾ ਠਾਢਿ ਪਾਈ ਕਰਤਾਰੇ ਜੀਉ ॥੧॥ ਅਪੁਨੇ ਜੀਅ ਜੰਤ ਪ੍ਰਤਿਪਾਰੇ ॥ ਜਿਉ ਬਾਰਿਕ ਮਾਤਾ ਸੰਮਾਰੇ ॥ ਦੁਖ ਭੰਜਨ ਸੁਖ ਸਾਗਰ ਸੁਆਮੀ ਦੇਤ ਸਗਲ ਆਹਾਰੇ ਜੀਉ ॥੨॥ ਜਲਿ ਥਲਿ ਪੂਰਿ ਰਹਿਆ ਮਿਹਰਵਾਨਾ ॥ ਸਦ ਬਲਿਹਾਰਿ ਜਾਈਐ ਕੁਰਬਾਨਾ ॥ ਰੈਣਿ ਦਿਨਸੁ ਤਿਸੁ ਸਦਾ ਧਿਆਈ ਜਿ ਖਿਨ ਮਹਿ ਸਗਲ ਉਧਾਰੇ ਜੀਉ ॥੩॥ ਰਾਖਿ ਲੀਏ ਸਗਲੇ ਪ੍ਰਭਿ ਆਪੇ ॥ ਉਤਰਿ ਗਏ ਸਭ ਸੋਗ ਸੰਤਾਪੇ ॥ ਨਾਮੁ ਜਪਤ ਮਨੁ ਤਨੁ ਹਰੀਆਵਲੁ ਪ੍ਰਭ ਨਾਨਕ ਨਦਰਿ ਨਿਹਾਰੇ ਜੀਉ ॥੪॥੨੯॥੩੬॥ ਮਾਝ ਮਹਲਾ ੫ ॥ ਜਿਥੈ ਨਾਮੁ ਜਪੀਐ ਪ੍ਰਭ ਪਿਆਰੇ ॥ ਸੇ ਅਸਥਲ ਸੋਇਨ ਚਉਬਾਰੇ ॥ ਜਿਥੈ ਨਾਮੁ ਨ ਜਪੀਐ ਮੇਰੇ ਗੋਇਦਾ ਸੇਈ ਨਗਰ ਉਜਾੜੀ ਜੀਉ ॥੧॥ ਹਰਿ ਰੁਖੀ ਰੋਟੀ ਖਾਇ ਸਮਾਲੇ ॥ ਹਰਿ ਅੰਤਰਿ ਬਾਹਰਿ ਨਦਰਿ ਨਿਹਾਲੇ ॥ ਖਾਇ ਖਾਇ ਕਰੇ ਬਦਫੈਲੀ ਜਾਣੁ ਵਿਸੂ ਕੀ ਵਾੜੀ ਜੀਉ ॥੨॥ ਸੰਤਾ ਸੇਤੀ ਰੰਗੁ ਨ ਲਾਏ ॥ ਸਾਕਤ ਸੰਗਿ ਵਿਕਰਮ ਕਮਾਏ ॥ ਦੁਲਭ ਦੇਹ ਖੋਈ ਅਗਿਆਨੀ ਜੜ ਅਪੁਣੀ ਆਪਿ ਉਪਾੜੀ ਜੀਉ ॥੩॥ ਤੇਰੀ ਸਰਣਿ ਮੇਰੇ ਦੀਨ ਦਇਆਲਾ ॥ ਸੁਖ ਸਾਗਰ ਮੇਰੇ ਗੁਰ ਗੋਪਾਲਾ ॥ ਕਰਿ ਕਿਰਪਾ ਨਾਨਕੁ ਗੁਣ ਗਾਵੈ ਰਾਖਹੁ ਸਰਮ ਅਸਾੜੀ ਜੀਉ ॥੪॥੩੦॥੩੭॥ ਮਾਝ ਮਹਲਾ ੫ ॥ ਚਰਣ ਠਾਕੁਰ ਕੇ ਰਿਦੈ ਸਮਾਣੇ ॥ ਕਲਿ ਕਲੇਸ ਸਭ ਦੂਰਿ ਪਇਆਣੇ ॥ ਸਾਂਤਿ ਸੂਖ ਸਹਜ ਧੁਨਿ ਉਪਜੀ ਸਾਧੂ ਸੰਗਿ ਨਿਵਾਸਾ ਜੀਉ ॥੧॥ ਲਾਗੀ ਪ੍ਰੀਤਿ ਨ ਤੂਟੈ ਮੂਲੇ ॥ ਹਰਿ ਅੰਤਰਿ ਬਾਹਰਿ ਰਹਿਆ ਭਰਪੂਰੇ ॥ ਸਿਮਰਿ ਸਿਮਰਿ ਸਿਮਰਿ ਗੁਣ ਗਾਵਾ ਕਾਟੀ ਜਮ ਕੀ ਫਾਸਾ ਜੀਉ ॥੨॥ ਅੰਮ੍ਰਿਤੁ ਵਰਖੈ ਅਨਹਦ ਬਾਣੀ ॥ ਮਨ ਤਨ ਅੰਤਰਿ ਸਾਂਤਿ ਸਮਾਣੀ ॥ ਤ੍ਰਿਪਤਿ ਅਘਾਇ ਰਹੇ ਜਨ ਤੇਰੇ ਸਤਿਗੁਰਿ ਕੀਆ ਦਿਲਾਸਾ ਜੀਉ ॥੩॥ ਜਿਸ ਕਾ ਸਾ ਤਿਸ ਤੇ ਫਲੁ ਪਾਇਆ ॥ ਕਰਿ ਕਿਰਪਾ ਪ੍ਰਭ ਸੰਗਿ ਮਿਲਾਇਆ ॥ ਆਵਣ ਜਾਣ ਰਹੇ ਵਡਭਾਗੀ ਨਾਨਕ ਪੂਰਨ ਆਸਾ ਜੀਉ ॥੪॥੩੧॥੩੮॥ ਮਾਝ ਮਹਲਾ ੫ ॥ ਮੀਹੁ ਪਇਆ ਪਰਮੇਸਰਿ ਪਾਇਆ ॥ ਜੀਅ ਜੰਤ ਸਭਿ ਸੁਖੀ ਵਸਾਇਆ ॥ ਗਇਆ ਕਲੇਸੁ ਭਇਆ ਸੁਖੁ ਸਾਚਾ ਹਰਿ ਹਰਿ ਨਾਮੁ ਸਮਾਲੀ ਜੀਉ ॥੧॥ ਜਿਸ ਕੇ ਸੇ ਤਿਨ ਹੀ ਪ੍ਰਤਿਪਾਰੇ ॥ ਪਾਰਬ੍ਰਹਮ ਪ੍ਰਭ ਭਏ ਰਖਵਾਰੇ ॥ ਸੁਣੀ

ਬੇਨੰਤੀ ਠਾਕੁਰਿ ਮੇਰੈ ਪੂਰਨ ਹੋਈ ਘਾਲੀ ਜੀਉ ॥੨॥ ਸਰਬ ਜੀਆ ਕਉ ਦੇਵਣਹਾਰਾ ॥ ਗੁਰ ਪਰਸਾਦੀ ਨਦਰਿ ਨਿਹਾਰਾ ॥ ਜਲ ਥਲ ਮਹੀਅਲ ਸਭਿ ਤ੍ਰਿਪਤਾਣੇ ਸਾਧੂ ਚਰਨ ਪਖਾਲੀ ਜੀਉ ॥੩॥ ਮਨ ਕੀ ਇਛ ਪੁਜਾਵਣਹਾਰਾ ॥ ਸਦਾ ਸਦਾ ਜਾਈ ਬਲਿਹਾਰਾ ॥ ਨਾਨਕ ਦਾਨੁ ਕੀਆ ਦੁਖ ਭੰਜਨਿ ਰਤੇ ਰੰਗਿ ਰਸਾਲੀ ਜੀਉ ॥੪॥੩੨॥੩੯॥ ਮਾਝ ਮਹਲਾ ੫ ॥ ਮਨੁ ਤਨੁ ਤੇਰਾ ਧਨੁ ਭੀ ਤੇਰਾ ॥ ਤੂੰ ਠਾਕੁਰੁ ਸੁਆਮੀ ਪ੍ਰਭੁ ਮੇਰਾ ॥ ਜੀਉ ਪਿੰਡੁ ਸਭੁ ਰਾਸਿ ਤੁਮਾਰੀ ਤੇਰਾ ਜੋਰੁ ਗੋਪਾਲਾ ਜੀਉ ॥੧॥ ਸਦਾ ਸਦਾ ਤੂੰਹੈ ਸੁਖਦਾਈ ॥ ਨਿਵਿ ਨਿਵਿ ਲਾਗਾ ਤੇਰੀ ਪਾਈ ॥ ਕਾਰ ਕਮਾਵਾ ਜੇ ਤੁਧੁ ਭਾਵਾ ਜਾ ਤੂੰ ਦੇਹਿ ਦਇਆਲਾ ਜੀਉ ॥੨॥ ਪ੍ਰਭ ਤੁਮ ਤੇ ਲਹਣਾ ਤੂੰ ਮੇਰਾ ਗਹਣਾ ॥ ਜੋ ਤੂੰ ਦੇਹਿ ਸੋਈ ਸੁਖੁ ਸਹਣਾ ॥ ਜਿਥੈ ਰਖਹਿ ਬੈਕੁੰਠੁ ਤਿਥਾਈ ਤੂੰ ਸਭਨਾ ਕੇ ਪ੍ਰਤਿਪਾਲਾ ਜੀਉ ॥੩॥ ਸਿਮਰਿ ਸਿਮਰਿ ਨਾਨਕ ਸੁਖੁ ਪਾਇਆ ॥ ਆਠ ਪਹਰ ਤੇਰੇ ਗੁਣ ਗਾਇਆ ॥ ਸਗਲ ਮਨੋਰਥ ਪੂਰਨ ਹੋਏ ਕਦੇ ਨ ਹੋਇ ਦੁਖਾਲਾ ਜੀਉ ॥੪॥੩੩॥੪੦॥ ਮਾਝ ਮਹਲਾ ੫ ॥ ਪਾਰਬ੍ਰਹਮਿ ਪ੍ਰਭਿ ਮੇਘੁ ਪਠਾਇਆ ॥ ਜਲਿ ਥਲਿ ਮਹੀਅਲਿ ਦਹ ਦਿਸਿ ਵਰਸਾਇਆ ॥ ਸਾਂਤਿ ਭਈ ਬੁਝੀ ਸਭ ਤ੍ਰਿਸਨਾ ਅਨਦੁ ਭਇਆ ਸਭ ਠਾਈ ਜੀਉ ॥੧॥ ਸੁਖਦਾਤਾ ਦੁਖ ਭੰਜਨਹਾਰਾ ॥ ਆਪੇ ਬਖਸਿ ਕਰੇ ਜੀਅ ਸਾਰਾ ॥ ਅਪਨੇ ਕੀਤੇ ਨੋ ਆਪਿ ਪ੍ਰਤਿਪਾਲੇ ਪਇ ਪੈਰੀ ਤਿਸਹਿ ਮਨਾਈ ਜੀਉ ॥੨॥ ਜਾ ਕੀ ਸਰਣਿ ਪਇਆ ਗਤਿ ਪਾਈਐ ॥ ਸਾਸਿ ਸਾਸਿ ਹਰਿ ਨਾਮੁ ਧਿਆਈਐ ॥ ਤਿਸੁ ਬਿਨੁ ਹੋਰੁ ਨ ਦੂਜਾ ਠਾਕੁਰੁ ਸਭ ਤਿਸੈ ਕੀਆ ਜਾਈ ਜੀਉ ॥੩॥ ਤੇਰਾ ਮਾਣੁ ਤਾਣੁ ਪ੍ਰਭ ਤੇਰਾ ॥ ਤੂੰ ਸਚਾ ਸਾਹਿਬੁ ਗੁਣੀ ਗਹੇਰਾ ॥ ਨਾਨਕੁ ਦਾਸੁ ਕਹੈ ਬੇਨੰਤੀ ਆਠ ਪਹਰ ਤੁਧੁ ਧਿਆਈ ਜੀਉ ॥੪॥੩੪॥੪੧॥ ਮਾਝ ਮਹਲਾ ੫ ॥ ਸਭੇ ਸੁਖ ਭਏ ਪ੍ਰਭ ਤੁਠੇ ॥ ਗੁਰ ਪੂਰੇ ਕੇ ਚਰਣ ਮਨਿ ਵੁਠੇ ॥ ਸਹਜ ਸਮਾਧਿ ਲਗੀ ਲਿਵ ਅੰਤਰਿ ਸੋ ਰਸੁ ਸੋਈ ਜਾਣੈ ਜੀਉ ॥੧॥ ਅਗਮ ਅਗੋਚਰੁ ਸਾਹਿਬੁ ਮੇਰਾ ॥ ਘਟ ਘਟ ਅੰਤਰਿ ਵਰਤੈ ਨੇਰਾ ॥ ਸਦਾ ਅਲਿਪਤੁ ਜੀਆ ਕਾ ਦਾਤਾ ਕੋ ਵਿਰਲਾ ਆਪੁ ਪਛਾਣੈ ਜੀਉ ॥੨॥ ਪ੍ਰਭ ਮਿਲਣੈ ਕੀ ਏਹ ਨੀਸਾਣੀ ॥ ਮਨਿ ਇਕੋ ਸਚਾ ਹੁਕਮੁ ਪਛਾਣੀ ॥ ਸਹਜਿ ਸੰਤੋਖਿ ਸਦਾ ਤ੍ਰਿਪਤਾਸੇ ਅਨਦੁ ਖਸਮ ਕੈ ਭਾਣੈ ਜੀਉ ॥੩॥ ਹਥੀ ਦਿਤੀ ਪ੍ਰਭਿ ਦੇਵਣਹਾਰੈ ॥ ਜਨਮ ਮਰਣ ਰੋਗ ਸਭਿ ਨਿਵਾਰੇ ॥ ਨਾਨਕ ਦਾਸ ਕੀਏ ਪ੍ਰਭਿ ਅਪੁਨੇ ਹਰਿ ਕੀਰਤਨਿ ਰੰਗ ਮਾਣੇ ਜੀਉ ॥

੪॥੩੫॥੪੨॥ ਮਾਝ ਮਹਲਾ ੫ ॥ ਕੀਨੀ ਦਇਆ ਗੋਪਾਲ ਗੁਸਾਈ ॥ ਗੁਰ ਕੇ ਚਰਣ ਵਸੇ ਮਨ ਮਾਹੀ ॥ ਅੰਗੀਕਾਰੁ ਕੀਆ ਤਿਨਿ ਕਰਤੈ ਦੁਖ ਕਾ ਡੇਰਾ ਢਾਹਿਆ ਜੀਉ ॥੧॥ ਮਨਿ ਤਨਿ ਵਸਿਆ ਸਚਾ ਸੋਈ ॥ ਬਿਖੜਾ ਥਾਨੁ ਨ ਦਿਸੈ ਕੋਈ ॥ ਦੂਤ ਦੁਸਮਣ ਸਭਿ ਸਜਣ ਹੋਏ ਏਕੋ ਸੁਆਮੀ ਆਹਿਆ ਜੀਉ ॥੨॥ ਜੋ ਕਿਛੁ ਕਰੇ ਸੁ ਆਪੇ ਆਪੈ ॥ ਬੁਧਿ ਸਿਆਣਪ ਕਿਛੂ ਨ ਜਾਪੈ ॥ ਆਪਣਿਆ ਸੰਤਾ ਨੋ ਆਪਿ ਸਹਾਈ ਪ੍ਰਭਿ ਭਰਮ ਭੁਲਾਵਾ ਲਾਹਿਆ ਜੀਉ ॥੩॥ ਚਰਣ ਕਮਲ ਜਨ ਕਾ ਆਧਾਰੋ ॥ ਆਠ ਪਹਰ ਰਾਮ ਨਾਮੁ ਵਾਪਾਰੋ ॥ ਸਹਜ ਅਨੰਦ ਗਾਵਹਿ ਗੁਣ ਗੋਵਿੰਦ ਪ੍ਰਭ ਨਾਨਕ ਸਰਬ ਸਮਾਹਿਆ ਜੀਉ ॥੪॥੩੬॥੪੩॥ ਮਾਝ ਮਹਲਾ ੫ ॥ ਸੋ ਸਚੁ ਮੰਦਰੁ ਜਿਤੁ ਸਚੁ ਧਿਆਈਐ ॥ ਸੋ ਰਿਦਾ ਸੁਹੇਲਾ ਜਿਤੁ ਹਰਿ ਗੁਣ ਗਾਈਐ ॥ ਸਾ ਧਰਤਿ ਸੁਹਾਵੀ ਜਿਤੁ ਵਸਹਿ ਹਰਿ ਜਨ ਸਚੇ ਨਾਮ ਵਿਟਹੁ ਕੁਰਬਾਣੋ ਜੀਉ ॥੧॥ ਸਚੁ ਵਡਾਈ ਕੀਮ ਨ ਪਾਈ ॥ ਕੁਦਰਤਿ ਕਰਮੁ ਨ ਕਹਣਾ ਜਾਈ ॥ ਧਿਆਇ ਧਿਆਇ ਜੀਵਹਿ ਜਨ ਤੇਰੇ ਸਚੁ ਸਬਦੁ ਮਨਿ ਮਾਣੋ ਜੀਉ ॥੨॥ ਸਚੁ ਸਾਲਾਹਣੁ ਵਡਭਾਗੀ ਪਾਈਐ ॥ ਗੁਰ ਪਰਸਾਦੀ ਹਰਿ ਗੁਣ ਗਾਈਐ ॥ ਰੰਗਿ ਰਤੇ ਤੇਰੈ ਤੁਧੁ ਭਾਵਹਿ ਸਚੁ ਨਾਮੁ ਨੀਸਾਣੋ ਜੀਉ ॥੩॥ ਸਚੇ ਅੰਤੁ ਨ ਜਾਣੈ ਕੋਈ ॥ ਥਾਨਿ ਥਨੰਤਰਿ ਸਚਾ ਸੋਈ ॥ ਨਾਨਕ ਸਚੁ ਧਿਆਈਐ ਸਦ ਹੀ ਅੰਤਰਜਾਮੀ ਜਾਣੋ ਜੀਉ ॥੪॥੩੭॥੪੪॥ ਮਾਝ ਮਹਲਾ ੫ ॥ ਰੈਣਿ ਸੁਹਾਵੜੀ ਦਿਨਸੁ ਸੁਹੇਲਾ ॥ ਜਪਿ ਅੰਮ੍ਰਿਤ ਨਾਮੁ ਸੰਤਸੰਗਿ ਮੇਲਾ ॥ ਘੜੀ ਮੂਰਤ ਸਿਮਰਤ ਪਲ ਵੰਞਹਿ ਜੀਵਣੁ ਸਫਲੁ ਤਿਥਾਈ ਜੀਉ ॥੧॥ ਸਿਮਰਤ ਨਾਮੁ ਦੋਖ ਸਭਿ ਲਾਥੇ ॥ ਅੰਤਰਿ ਬਾਹਰਿ ਹਰਿ ਪ੍ਰਭੁ ਸਾਥੇ ॥ ਭੈ ਭਉ ਭਰਮੁ ਖੋਇਆ ਗੁਰਿ ਪੂਰੈ ਦੇਖਾ ਸਭਨੀ ਜਾਈ ਜੀਉ ॥੨॥ ਪ੍ਰਭੁ ਸਮਰਥੁ ਵਡ ਊਚ ਅਪਾਰਾ ॥ ਨਉ ਨਿਧਿ ਨਾਮੁ ਭਰੇ ਭੰਡਾਰਾ ॥ ਆਦਿ ਅੰਤਿ ਮਧਿ ਪ੍ਰਭੁ ਸੋਈ ਦੂਜਾ ਲਵੈ ਨ ਲਾਈ ਜੀਉ ॥੩॥ ਕਰਿ ਕਿਰਪਾ ਮੇਰੇ ਦੀਨ ਦਇਆਲਾ ॥ ਜਾਚਿਕੁ ਜਾਚੈ ਸਾਧ ਰਵਾਲਾ ॥ ਦੇਹਿ ਦਾਨੁ ਨਾਨਕੁ ਜਨੁ ਮਾਗੈ ਸਦਾ ਸਦਾ ਹਰਿ ਧਿਆਈ ਜੀਉ ॥੪॥੩੮॥੪੫॥ ਮਾਝ ਮਹਲਾ ੫ ॥ ਐਥੈ ਤੂੰਹੈ ਆਗੈ ਆਪੇ ॥ ਜੀਅ ਜੰਤ੍ਰ ਸਭਿ ਤੇਰੇ ਥਾਪੇ ॥ ਤੁਧੁ ਬਿਨੁ ਅਵਰੁ ਨ ਕੋਈ ਕਰਤੇ ਮੈ ਧਰ ਓਟ ਤੁਮਾਰੀ ਜੀਉ ॥੧॥ ਰਸਨਾ ਜਪਿ ਜਪਿ ਜੀਵੈ ਸੁਆਮੀ ॥ ਪਾਰਬ੍ਰਹਮ ਪ੍ਰਭ ਅੰਤਰਜਾਮੀ ॥ ਜਿਨਿ ਸੇਵਿਆ ਤਿਨ ਹੀ ਸੁਖੁ ਪਾਇਆ ਸੋ ਜਨਮੁ ਨ ਜੂਐ ਹਾਰੀ ਜੀਉ ॥੨॥ ਨਾਮੁ

ਅਵਖਧੁ ਜਿਨਿ ਜਨ ਤੇਰੈ ਪਾਇਆ ॥ ਜਨਮ ਜਨਮ ਕਾ ਰੋਗੁ ਗਵਾਇਆ ॥ ਹਰਿ ਕੀਰਤਨੁ ਗਾਵਹੁ ਦਿਨੁ ਰਾਤੀ ਸਫਲ ਏਹਾ ਹੈ ਕਾਰੀ ਜੀਉ ॥੩॥ ਦ੍ਰਿਸਟਿ ਧਾਰਿ ਅਪਨਾ ਦਾਸੁ ਸਵਾਰਿਆ ॥ ਘਟ ਘਟ ਅੰਤਰਿ ਪਾਰਬ੍ਰਹਮੁ ਨਮਸਕਾਰਿਆ ॥ ਇਕਸੁ ਵਿਣੁ ਹੋਰੁ ਦੂਜਾ ਨਾਹੀ ਬਾਬਾ ਨਾਨਕ ਇਹ ਮਤਿ ਸਾਰੀ ਜੀਉ ॥੪॥੩੯॥੪੬॥ ਮਾਝ ਮਹਲਾ ੫ ॥ ਮਨੁ ਤਨੁ ਰਤਾ ਰਾਮ ਪਿਆਰੇ ॥ ਸਰਬਸੁ ਦੀਜੈ ਅਪਨਾ ਵਾਰੇ ॥ ਆਠ ਪਹਰ ਗੋਵਿੰਦ ਗੁਣ ਗਾਈਐ ਬਿਸਰੁ ਨ ਕੋਈ ਸਾਸਾ ਜੀਉ ॥੧॥ ਸੋਈ ਸਾਜਨ ਮੀਤੁ ਪਿਆਰਾ ॥ ਰਾਮ ਨਾਮੁ ਸਾਧਸੰਗਿ ਬੀਚਾਰਾ ॥ ਸਾਧੂ ਸੰਗਿ ਤਰੀਜੈ ਸਾਗਰੁ ਕਟੀਐ ਜਮ ਕੀ ਫਾਸਾ ਜੀਉ ॥੨॥ ਚਾਰਿ ਪਦਾਰਥ ਹਰਿ ਕੀ ਸੇਵਾ ॥ ਪਾਰਜਾਤੁ ਜਪਿ ਅਲਖ ਅਭੇਵਾ ॥ ਕਾਮੁ ਕ੍ਰੋਧੁ ਕਿਲਬਿਖ ਗੁਰਿ ਕਾਟੇ ਪੂਰਨ ਹੋਈ ਆਸਾ ਜੀਉ ॥੩॥ ਪੂਰਨ ਭਾਗ ਭਏ ਜਿਸੁ ਪ੍ਰਾਣੀ ॥ ਸਾਧਸੰਗਿ ਮਿਲੇ ਸਾਰੰਗਪਾਣੀ ॥ ਨਾਨਕ ਨਾਮੁ ਵਸਿਆ ਜਿਸੁ ਅੰਤਰਿ ਪਰਵਾਣੁ ਗਿਰਸਤ ਉਦਾਸਾ ਜੀਉ ॥੪॥੪੦॥੪੭॥ ਮਾਝ ਮਹਲਾ ੫ ॥ ਸਿਮਰਤ ਨਾਮੁ ਰਿਦੈ ਸੁਖੁ ਪਾਇਆ ॥ ਕਰਿ ਕਿਰਪਾ ਭਗਤੀ ਪ੍ਰਗਟਾਇਆ ॥ ਸੰਤਸੰਗਿ ਮਿਲਿ ਹਰਿ ਹਰਿ ਜਪਿਆ ਬਿਨਸੇ ਆਲਸ ਰੋਗਾ ਜੀਉ ॥੧॥ ਜਾ ਕੈ ਗ੍ਰਿਹਿ ਨਵ ਨਿਧਿ ਹਰਿ ਭਾਈ ॥ ਤਿਸੁ ਮਿਲਿਆ ਜਿਸੁ ਪੁਰਬ ਕਮਾਈ ॥ ਗਿਆਨ ਧਿਆਨ ਪੂਰਨ ਪਰਮੇਸੁਰ ਪ੍ਰਭੁ ਸਭਨਾ ਗਲਾ ਜੋਗਾ ਜੀਉ ॥੨॥ ਖਿਨ ਮਹਿ ਥਾਪਿ ਉਥਾਪਨਹਾਰਾ ॥ ਆਪਿ ਇਕੰਤੀ ਆਪਿ ਪਸਾਰਾ ॥ ਲੇਪੁ ਨਹੀ ਜਗਜੀਵਨ ਦਾਤੇ ਦਰਸਨ ਡਿਠੇ ਲਹਨਿ ਵਿਜੋਗਾ ਜੀਉ ॥੩॥ ਅੰਚਲਿ ਲਾਇ ਸਭ ਸਿਸਟਿ ਤਰਾਈ ॥ ਆਪਣਾ ਨਾਉ ਆਪਿ ਜਪਾਈ ॥ ਗੁਰ ਬੋਹਿਥੁ ਪਾਇਆ ਕਿਰਪਾ ਤੇ ਨਾਨਕ ਧੁਰਿ ਸੰਜੋਗਾ ਜੀਉ ॥੪॥੪੧॥੪੮॥ ਮਾਝ ਮਹਲਾ ੫ ॥ ਸੋਈ ਕਰਣਾ ਜਿ ਆਪਿ ਕਰਾਏ ॥ ਜਿਥੈ ਰਖੈ ਸਾ ਭਲੀ ਜਾਏ ॥ ਸੋਈ ਸਿਆਣਾ ਸੋ ਪਤਿਵੰਤਾ ਹੁਕਮੁ ਲਗੈ ਜਿਸੁ ਮੀਠਾ ਜੀਉ ॥੧॥ ਸਭ ਪਰੋਈ ਇਕਤੁ ਧਾਗੈ ॥ ਜਿਸੁ ਲਾਇ ਲਏ ਸੋ ਚਰਣੀ ਲਾਗੈ ॥ ਊਂਧ ਕਵਲੁ ਜਿਸੁ ਹੋਇ ਪ੍ਰਗਾਸਾ ਤਿਨਿ ਸਰਬ ਨਿਰੰਜਨੁ ਡੀਠਾ ਜੀਉ ॥੨॥ ਤੇਰੀ ਮਹਿਮਾ ਤੂੰਹੈ ਜਾਣਹਿ ॥ ਅਪਣਾ ਆਪੁ ਤੂੰ ਆਪਿ ਪਛਾਣਹਿ ॥ ਹਉ ਬਲਿਹਾਰੀ ਸੰਤਨ ਤੇਰੇ ਜਿਨਿ ਕਾਮੁ ਕ੍ਰੋਧੁ ਲੋਭੁ ਪੀਠਾ ਜੀਉ ॥੩॥ ਤੂੰ ਨਿਰਵੈਰੁ ਸੰਤ ਤੇਰੇ ਨਿਰਮਲ ॥ ਜਿਨ ਦੇਖੇ ਸਭ ਉਤਰਹਿ ਕਲਮਲ ॥ ਨਾਨਕ ਨਾਮੁ ਧਿਆਇ ਧਿਆਇ ਜੀਵੈ

ਬਿਨਸਿਆ ਭ੍ਰਮੁ ਭਉ ਧੀਠਾ ਜੀਉ ॥੪॥੪੨॥੪੯॥ ਮਾਂਝ ਮਹਲਾ ੫ ॥ ਝੂਠਾ ਮੰਗਣੁ ਜੇ ਕੋਈ ਮਾਗੈ ॥ ਤਿਸ ਕਉ ਮਰਤੇ ਘੜੀ ਨ ਲਾਗੈ ॥ ਪਾਰਬ੍ਰਹਮੁ ਜੋ ਸਦ ਹੀ ਸੇਵੈ ਸੋ ਗੁਰ ਮਿਲਿ ਨਿਹਚਲੁ ਕਹਣਾ ॥੧॥ ਪ੍ਰੇਮ ਭਗਤਿ ਜਿਸ ਕੈ ਮਨਿ ਲਾਗੀ ॥ ਗੁਣ ਗਾਵੈ ਅਨਦਿਨੁ ਨਿਤਿ ਜਾਗੀ ॥ ਬਾਹ ਪਕੜਿ ਤਿਸੁ ਸੁਆਮੀ ਮੇਲੈ ਜਿਸ ਕੈ ਮਸਤਕਿ ਲਹਣਾ ॥੨॥ ਚਰਨ ਕਮਲ ਭਗਤਾਂ ਮਨਿ ਵੁਠੇ ॥ ਵਿਣੁ ਪਰਮੇਸਰ ਸਗਲੇ ਮੁਠੇ ॥ ਸੰਤ ਜਨਾਂ ਕੀ ਧੂੜਿ ਨਿਤ ਬਾਂਛਹਿ ਨਾਮੁ ਸਚੇ ਕਾ ਗਹਣਾ ॥੩॥ ਊਠਤ ਬੈਠਤ ਹਰਿ ਹਰਿ ਗਾਈਐ ॥ ਜਿਸੁ ਸਿਮਰਤ ਵਰੁ ਨਿਹਚਲੁ ਪਾਈਐ ॥ ਨਾਨਕ ਕਉ ਪ੍ਰਭ ਹੋਇ ਦਇਆਲਾ ਤੇਰਾ ਕੀਤਾ ਸਹਣਾ ॥੪॥੪੩॥੫੦॥

ਰਾਗੁ ਮਾਝ ਅਸਟਪਦੀਆ ਮਹਲਾ ੧ ਘਰੁ ੧ ੴ ਸਤਿਗੁਰ ਪ੍ਰਸਾਦਿ ॥

ਸਬਦਿ ਰੰਗਾਏ ਹੁਕਮਿ ਸਬਾਏ ॥ ਸਚੀ ਦਰਗਹ ਮਹਲਿ ਬੁਲਾਏ ॥ ਸਚੇ ਦੀਨ ਦਇਆਲ ਮੇਰੇ ਸਾਹਿਬਾ ਸਚੇ ਮਨੁ ਪਤੀਆਵਣਿਆ ॥੧॥ ਹਉ ਵਾਰੀ ਜੀਉ ਵਾਰੀ ਸਬਦਿ ਸੁਹਾਵਣਿਆ ॥ ਅੰਮ੍ਰਿਤ ਨਾਮੁ ਸਦਾ ਸੁਖਦਾਤਾ ਗੁਰਮਤੀ ਮੰਨਿ ਵਸਾਵਣਿਆ ॥੧॥ ਰਹਾਉ ॥ ਨਾ ਕੋ ਮੇਰਾ ਹਉ ਕਿਸੁ ਕੇਰਾ ॥ ਸਾਚਾ ਠਾਕੁਰੁ ਤ੍ਰਿਭਵਣਿ ਮੇਰਾ ॥ ਹਉਮੈ ਕਰਿ ਕਰਿ ਜਾਇ ਘਣੇਰੀ ਕਰਿ ਅਵਗਣ ਪਛੋਤਾਵਣਿਆ ॥੨॥ ਹੁਕਮੁ ਪਛਾਣੈ ਸੁ ਹਰਿ ਗੁਣ ਵਖਾਣੈ ॥ ਗੁਰ ਕੈ ਸਬਦਿ ਨਾਮਿ ਨੀਸਾਣੈ ॥ ਸਭਨਾ ਕਾ ਦਰਿ ਲੇਖਾ ਸਚੈ ਛੂਟਸਿ ਨਾਮਿ ਸੁਹਾਵਣਿਆ ॥੩॥ ਮਨਮੁਖੁ ਭੂਲਾ ਠਉਰੁ ਨ ਪਾਏ ॥ ਜਮ ਦਰਿ ਬਧਾ ਚੋਟਾ ਖਾਏ ॥ ਬਿਨੁ ਨਾਵੈ ਕੋ ਸੰਗਿ ਨ ਸਾਥੀ ਮੁਕਤੇ ਨਾਮੁ ਧਿਆਵਣਿਆ ॥੪॥ ਸਾਕਤ ਕੂੜੇ ਸਚੁ ਨ ਭਾਵੈ ॥ ਦੁਬਿਧਾ ਬਾਧਾ ਆਵੈ ਜਾਵੈ ॥ ਲਿਖਿਆ ਲੇਖੁ ਨ ਮੇਟੈ ਕੋਈ ਗੁਰਮੁਖਿ ਮੁਕਤਿ ਕਰਾਵਣਿਆ ॥੫॥ ਪੇਈਅੜੈ ਪਿਰੁ ਜਾਤੋ ਨਾਹੀ ॥ ਝੂਠਿ ਵਿਛੁੰਨੀ ਰੋਵੈ ਧਾਹੀ ॥ ਅਵਗਣਿ ਮੁਠੀ ਮਹਲੁ ਨ ਪਾਏ ਅਵਗਣ ਗੁਣਿ ਬਖਸਾਵਣਿਆ ॥੬॥ ਪੇਈਅੜੈ ਜਿਨਿ ਜਾਤਾ ਪਿਆਰਾ ॥ ਗੁਰਮੁਖਿ ਬੂਝੈ ਤਤੁ ਬੀਚਾਰਾ ॥ ਆਵਣੁ ਜਾਣਾ ਠਾਕਿ ਰਹਾਏ ਸਚੈ ਨਾਮਿ ਸਮਾਵਣਿਆ ॥੭॥ ਗੁਰਮੁਖਿ ਬੂਝੈ ਅਕਥੁ ਕਹਾਵੈ ॥ ਸਚੇ ਠਾਕੁਰ ਸਾਚੋ ਭਾਵੈ ॥ ਨਾਨਕ ਸਚੁ ਕਹੈ ਬੇਨੰਤੀ ਸਚੁ ਮਿਲੈ ਗੁਣ ਗਾਵਣਿਆ ॥੮॥੧॥ ਮਾਝ ਮਹਲਾ ੩ ਘਰੁ ੧॥ ਕਰਮੁ ਹੋਵੈ

ਸਤਿਗੁਰੂ ਮਿਲਾਏ ॥ ਸੇਵਾ ਸੁਰਤਿ ਸਬਦਿ ਚਿਤੁ ਲਾਏ ॥ ਹਉਮੈ ਮਾਰਿ ਸਦਾ ਸੁਖੁ ਪਾਇਆ ਮਾਇਆ ਮੋਹੁ ਚੁਕਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਸਤਿਗੁਰ ਕੈ ਬਲਿਹਾਰਣਿਆ ॥ ਗੁਰਮਤੀ ਪਰਗਾਸੁ ਹੋਆ ਜੀ ਅਨਦਿਨੁ ਹਰਿ ਗੁਣ ਗਾਵਣਿਆ ॥੧॥ ਰਹਾਉ ॥ ਤਨੁ ਮਨੁ ਖੋਜੇ ਤਾ ਨਾਉ ਪਾਏ ॥ ਧਾਵਤੁ ਰਾਖੈ ਠਾਕਿ ਰਹਾਏ ॥ ਗੁਰ ਕੀ ਬਾਣੀ ਅਨਦਿਨੁ ਗਾਵੈ ਸਹਜੇ ਭਗਤਿ ਕਰਾਵਣਿਆ ॥੨॥ ਇਸੁ ਕਾਇਆ ਅੰਦਰਿ ਵਸਤੁ ਅਸੰਖਾ ॥ ਗੁਰਮੁਖਿ ਸਾਚੁ ਮਿਲੈ ਤਾ ਵੇਖਾ ॥ ਨਉ ਦਰਵਾਜੇ ਦਸਵੈ ਮੁਕਤਾ ਅਨਹਦ ਸਬਦੁ ਵਜਾਵਣਿਆ ॥੩॥ ਸਚਾ ਸਾਹਿਬੁ ਸਚੀ ਨਾਈ ॥ ਗੁਰ ਪਰਸਾਦੀ ਮੰਨਿ ਵਸਾਈ ॥ ਅਨਦਿਨੁ ਸਦਾ ਰਹੈ ਰੰਗਿ ਰਾਤਾ ਦਰਿ ਸਚੈ ਸੋਝੀ ਪਾਵਣਿਆ ॥੪॥ ਪਾਪ ਪੁੰਨ ਕੀ ਸਾਰ ਨ ਜਾਣੀ ॥ ਦੂਜੈ ਲਾਗੀ ਭਰਮਿ ਭੁਲਾਣੀ ॥ ਅਗਿਆਨੀ ਅੰਧਾ ਮਗੁ ਨ ਜਾਣੈ ਫਿਰਿ ਫਿਰਿ ਆਵਣ ਜਾਵਣਿਆ ॥੫॥ ਗੁਰ ਸੇਵਾ ਤੇ ਸਦਾ ਸੁਖੁ ਪਾਇਆ ॥ ਹਉਮੈ ਮੇਰਾ ਠਾਕਿ ਰਹਾਇਆ ॥ ਗੁਰ ਸਾਖੀ ਮਿਟਿਆ ਅੰਧਿਆਰਾ ਬਜਰ ਕਪਾਟ ਖੁਲਾਵਣਿਆ ॥੬॥ ਹਉਮੈ ਮਾਰਿ ਮੰਨਿ ਵਸਾਇਆ ॥ ਗੁਰ ਚਰਣੀ ਸਦਾ ਚਿਤੁ ਲਾਇਆ ॥ ਗੁਰ ਕਿਰਪਾ ਤੇ ਮਨੁ ਤਨੁ ਨਿਰਮਲੁ ਨਿਰਮਲ ਨਾਮੁ ਧਿਆਵਣਿਆ ॥੭॥ ਜੀਵਣੁ ਮਰਣਾ ਸਭੁ ਤੁਧੈ ਤਾਈ ॥ ਜਿਸੁ ਬਖਸੇ ਤਿਸੁ ਦੇ ਵਡਿਆਈ ॥ ਨਾਨਕ ਨਾਮੁ ਧਿਆਇ ਸਦਾ ਤੂੰ ਜੰਮਣੁ ਮਰਣੁ ਸਵਾਰਣਿਆ ॥੮॥੧॥੨॥ ਮਾਝ ਮਹਲਾ ੩ ॥ ਮੇਰਾ ਪ੍ਰਭੁ ਨਿਰਮਲੁ ਅਗਮ ਅਪਾਰਾ ॥ ਬਿਨੁ ਤਕੜੀ ਤੋਲੈ ਸੰਸਾਰਾ ॥ ਗੁਰਮੁਖਿ ਹੋਵੈ ਸੋਈ ਬੂਝੈ ਗੁਣ ਕਹਿ ਗੁਣੀ ਸਮਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਹਰਿ ਕਾ ਨਾਮੁ ਮੰਨਿ ਵਸਾਵਣਿਆ ॥ ਜੋ ਸਚਿ ਲਾਗੇ ਸੇ ਅਨਦਿਨੁ ਜਾਗੇ ਦਰਿ ਸਚੈ ਸੋਭਾ ਪਾਵਣਿਆ ॥੧॥ ਰਹਾਉ ॥ ਆਪਿ ਸੁਣੈ ਤੈ ਆਪੇ ਵੇਖੈ ॥ ਜਿਸ ਨੋ ਨਦਰਿ ਕਰੇ ਸੋਈ ਜਨੁ ਲੇਖੈ ॥ ਆਪੇ ਲਾਇ ਲਏ ਸੋ ਲਾਗੈ ਗੁਰਮੁਖਿ ਸਚੁ ਕਮਾਵਣਿਆ ॥੨॥ ਜਿਸੁ ਆਪਿ ਭੁਲਾਏ ਸੁ ਕਿਥੈ ਹਥੁ ਪਾਏ ॥ ਪੂਰਬਿ ਲਿਖਿਆ ਸੁ ਮੇਟਣਾ ਨ ਜਾਏ ॥ ਜਿਨ ਸਤਿਗੁਰੁ ਮਿਲਿਆ ਸੇ ਵਡਭਾਗੀ ਪੂਰੈ ਕਰਮਿ ਮਿਲਾਵਣਿਆ ॥੩॥ ਪੇਈਅੜੈ ਧਨ ਅਨਦਿਨੁ ਸੁਤੀ ॥ ਕੰਤਿ ਵਿਸਾਰੀ ਅਵਗਣਿ ਮੁਤੀ ॥ ਅਨਦਿਨੁ ਸਦਾ ਫਿਰੈ ਬਿਲਲਾਦੀ ਬਿਨੁ ਪਿਰ ਨੀਦ ਨ ਪਾਵਣਿਆ ॥੪॥ ਪੇਈਅੜੈ ਸੁਖਦਾਤਾ ਜਾਤਾ ॥ ਹਉਮੈ ਮਾਰਿ ਗੁਰ ਸਬਦਿ ਪਛਾਤਾ ॥ ਸੇਜ ਸੁਹਾਵੀ ਸਦਾ ਪਿਰੁ

ਰਾਵੇ ਸਚੁ ਸੀਗਾਰੁ ਬਣਾਵਣਿਆ ॥੫॥ ਲਖ ਚਉਰਾਸੀਹ ਜੀਅ ਉਪਾਏ ॥ ਜਿਸ ਨੋ ਨਦਰਿ ਕਰੇ ਤਿਸੁ ਗੁਰੂ ਮਿਲਾਏ ॥ ਕਿਲਬਿਖ ਕਾਟਿ ਸਦਾ ਜਨ ਨਿਰਮਲ ਦਰਿ ਸਚੈ ਨਾਮਿ ਸੁਹਾਵਣਿਆ ॥੬॥ ਲੇਖਾ ਮਾਗੈ ਤਾ ਕਿਨਿ ਦੀਐ ॥ ਸੁਖੁ ਨਾਹੀ ਫੁਨਿ ਦੂਐ ਤੀਐ ॥ ਆਪੇ ਬਖਸਿ ਲਏ ਪ੍ਰਭੁ ਸਾਚਾ ਆਪੇ ਬਖਸਿ ਮਿਲਾਵਣਿਆ ॥੭॥ ਆਪਿ ਕਰੇ ਤੈ ਆਪਿ ਕਰਾਏ ॥ ਪੂਰੇ ਗੁਰ ਕੈ ਸਬਦਿ ਮਿਲਾਏ ॥ ਨਾਨਕ ਨਾਮੁ ਮਿਲੈ ਵਡਿਆਈ ਆਪੇ ਮੇਲਿ ਮਿਲਾਵਣਿਆ ॥੮॥੨॥੩॥ ਮਾਝ ਮਹਲਾ ੩ ॥ ਇਕੋ ਆਪਿ ਫਿਰੈ ਪਰਛੰਨਾ ॥ ਗੁਰਮੁਖਿ ਵੇਖਾ ਤਾ ਇਹੁ ਮਨੁ ਭਿੰਨਾ ॥ ਤ੍ਰਿਸਨਾ ਤਜਿ ਸਹਜ ਸੁਖੁ ਪਾਇਆ ਏਕੋ ਮੰਨਿ ਵਸਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਇਕਸੁ ਸਿਉ ਚਿਤੁ ਲਾਵਣਿਆ ॥ ਗੁਰਮਤੀ ਮਨੁ ਇਕਤੁ ਘਰਿ ਆਇਆ ਸਚੈ ਰੰਗਿ ਰੰਗਾਵਣਿਆ ॥੧॥ ਰਹਾਉ ॥ ਇਹੁ ਜਗੁ ਭੂਲਾ ਤੈਂ ਆਪਿ ਭੁਲਾਇਆ ॥ ਇਕੁ ਵਿਸਾਰਿ ਦੂਜੈ ਲੋਭਾਇਆ ॥ ਅਨਦਿਨੁ ਸਦਾ ਫਿਰੈ ਭ੍ਰਮਿ ਭੂਲਾ ਬਿਨੁ ਨਾਵੈ ਦੁਖੁ ਪਾਵਣਿਆ ॥੨॥ ਜੋ ਰੰਗਿ ਰਾਤੇ ਕਰਮ ਬਿਧਾਤੇ ॥ ਗੁਰ ਸੇਵਾ ਤੇ ਜੁਗ ਚਾਰੇ ਜਾਤੇ ॥ ਜਿਸ ਨੋ ਆਪਿ ਦੇਇ ਵਡਿਆਈ ਹਰਿ ਕੈ ਨਾਮਿ ਸਮਾਵਣਿਆ ॥੩॥ ਮਾਇਆ ਮੋਹਿ ਹਰਿ ਚੇਤੈ ਨਾਹੀ ॥ ਜਮਪੁਰਿ ਬਧਾ ਦੁਖ ਸਹਾਹੀ ॥ ਅੰਨਾ ਬੋਲਾ ਕਿਛੁ ਨਦਰਿ ਨ ਆਵੈ ਮਨਮੁਖ ਪਾਪਿ ਪਚਾਵਣਿਆ ॥੪॥ ਇਕਿ ਰੰਗਿ ਰਾਤੇ ਜੋ ਤੁਧੁ ਆਪਿ ਲਿਵ ਲਾਏ ॥ ਭਾਇ ਭਗਤਿ ਤੇਰੈ ਮਨਿ ਭਾਏ ॥ ਸਤਿਗੁਰੁ ਸੇਵਨਿ ਸਦਾ ਸੁਖਦਾਤਾ ਸਭ ਇਛਾ ਆਪਿ ਪੁਜਾਵਣਿਆ ॥੫॥ ਹਰਿ ਜੀਉ ਤੇਰੀ ਸਦਾ ਸਰਣਾਈ ॥ ਆਪੇ ਬਖਸਿਹਿ ਦੇ ਵਡਿਆਈ ॥ ਜਮਕਾਲੁ ਤਿਸੁ ਨੇੜਿ ਨ ਆਵੈ ਜੋ ਹਰਿ ਹਰਿ ਨਾਮੁ ਧਿਆਵਣਿਆ ॥੬॥ ਅਨਦਿਨੁ ਰਾਤੇ ਜੋ ਹਰਿ ਭਾਏ ॥ ਮੇਰੈ ਪ੍ਰਭਿ ਮੇਲੇ ਮੇਲਿ ਮਿਲਾਏ ॥ ਸਦਾ ਸਦਾ ਸਚੇ ਤੇਰੀ ਸਰਣਾਈ ਤੂੰ ਆਪੇ ਸਚੁ ਬੁਝਾਵਣਿਆ ॥੭॥ ਜਿਨ ਸਚੁ ਜਾਤਾ ਸੇ ਸਚਿ ਸਮਾਣੇ ॥ ਹਰਿ ਗੁਣ ਗਾਵਹਿ ਸਚੁ ਵਖਾਣੇ ॥ ਨਾਨਕ ਨਾਮਿ ਰਤੇ ਬੈਰਾਗੀ ਨਿਜ ਘਰਿ ਤਾੜੀ ਲਾਵਣਿਆ ॥੮॥੩॥੪॥ ਮਾਝ ਮਹਲਾ ੩ ॥ ਸਬਦਿ ਮਰੈ ਸੁ ਮੁਆ ਜਾਪੈ ॥ ਕਾਲੁ ਨ ਚਾਪੈ ਦੁਖੁ ਨ ਸੰਤਾਪੈ ॥ ਜੋਤੀ ਵਿਚਿ ਮਿਲਿ ਜੋਤਿ ਸਮਾਣੀ ਸੁਣਿ ਮਨ ਸਚਿ ਸਮਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਹਰਿ ਕੈ ਨਾਇ ਸੋਭਾ ਪਾਵਣਿਆ ॥ ਸਤਿਗੁਰੁ ਸੇਵਿ ਸਚਿ ਚਿਤੁ ਲਾਇਆ ਗੁਰਮਤੀ ਸਹਜਿ ਸਮਾਵਣਿਆ ॥੧॥ ਰਹਾਉ ॥ ਕਾਇਆ ਕਚੀ ਕਚਾ ਚੀਰੁ ਹੰਢਾਏ ॥ ਦੂਜੈ ਲਾਗੀ ਮਹਲੁ ਨ ਪਾਏ ॥

ਅਨਦਿਨੁ ਜਲਦੀ ਫਿਰੈ ਦਿਨੁ ਰਾਤੀ ਬਿਨੁ ਪਿਰ ਬਹੁ ਦੁਖੁ ਪਾਵਣਿਆ ॥੨॥ ਦੇਹੀ ਜਾਤਿ ਨ ਆਗੈ ਜਾਏ ॥ ਜਿਥੈ ਲੇਖਾ ਮੰਗੀਐ ਤਿਥੈ ਛੁਟੈ ਸਚੁ ਕਮਾਏ ॥ ਸਤਿਗੁਰੁ ਸੇਵਨਿ ਸੇ ਧਨਵੰਤੇ ਐਥੈ ਓਥੈ ਨਾਮਿ ਸਮਾਵਣਿਆ ॥੩॥ ਭੈ ਭਾਇ ਸੀਗਾਰੁ ਬਣਾਏ ॥ ਗੁਰ ਪਰਸਾਦੀ ਮਹਲੁ ਘਰੁ ਪਾਏ ॥ ਅਨਦਿਨੁ ਸਦਾ ਰਵੈ ਦਿਨੁ ਰਾਤੀ ਮਜੀਠੈ ਰੰਗੁ ਬਣਾਵਣਿਆ ॥੪॥ ਸਭਨਾ ਪਿਰੁ ਵਸੈ ਸਦਾ ਨਾਲੇ ॥ ਗੁਰ ਪਰਸਾਦੀ ਕੋ ਨਦਰਿ ਨਿਹਾਲੇ ॥ ਮੇਰਾ ਪ੍ਰਭੁ ਅਤਿ ਊਚੋ ਊਚਾ ਕਰਿ ਕਿਰਪਾ ਆਪਿ ਮਿਲਾਵਣਿਆ ॥੫॥ ਮਾਇਆ ਮੋਹਿ ਇਹੁ ਜਗੁ ਸੁਤਾ ॥ ਨਾਮੁ ਵਿਸਾਰਿ ਅੰਤਿ ਵਿਗੁਤਾ ॥ ਜਿਸ ਤੇ ਸੁਤਾ ਸੋ ਜਾਗਾਏ ਗੁਰਮਤਿ ਸੋਝੀ ਪਾਵਣਿਆ ॥੬॥ ਅਪਿਉ ਪੀਐ ਸੋ ਭਰਮੁ ਗਵਾਏ ॥ ਗੁਰ ਪਰਸਾਦਿ ਮੁਕਤਿ ਗਤਿ ਪਾਏ ॥ ਭਗਤੀ ਰਤਾ ਸਦਾ ਬੈਰਾਗੀ ਆਪੁ ਮਾਰਿ ਮਿਲਾਵਣਿਆ ॥੭॥ ਆਪਿ ਉਪਾਏ ਧੰਧੈ ਲਾਏ ॥ ਲਖ ਚਉਰਾਸੀ ਰਿਜਕੁ ਆਪਿ ਅਪੜਾਏ ॥ ਨਾਨਕ ਨਾਮੁ ਧਿਆਇ ਸਚਿ ਰਾਤੇ ਜੋ ਤਿਸੁ ਭਾਵੈ ਸੁ ਕਾਰ ਕਰਾਵਣਿਆ ॥੮॥੪॥੫॥ ਮਾਝ ਮਹਲਾ ੩ ॥ ਅੰਦਰਿ ਹੀਰਾ ਲਾਲੁ ਬਣਾਇਆ ॥ ਗੁਰ ਕੈ ਸਬਦਿ ਪਰਖਿ ਪਰਖਾਇਆ ॥ ਜਿਨ ਸਚੁ ਪਲੈ ਸਚੁ ਵਖਾਣਹਿ ਸਚੁ ਕਸਵਟੀ ਲਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਗੁਰ ਕੀ ਬਾਣੀ ਮੰਨਿ ਵਸਾਵਣਿਆ ॥ ਅੰਜਨ ਮਾਹਿ ਨਿਰੰਜਨੁ ਪਾਇਆ ਜੋਤੀ ਜੋਤਿ ਮਿਲਾਵਣਿਆ ॥੧॥ ਰਹਾਉ ॥ ਇਸੁ ਕਾਇਆ ਅੰਦਰਿ ਬਹੁਤੁ ਪਸਾਰਾ ॥ ਨਾਮੁ ਨਿਰੰਜਨੁ ਅਤਿ ਅਗਮ ਅਪਾਰਾ ॥ ਗੁਰਮੁਖਿ ਹੋਵੈ ਸੋਈ ਪਾਏ ਆਪੇ ਬਖਸਿ ਮਿਲਾਵਣਿਆ ॥੨॥ ਮੇਰਾ ਠਾਕੁਰੁ ਸਚੁ ਦ੍ਰਿੜਾਏ ॥ ਗੁਰ ਪਰਸਾਦੀ ਸਚਿ ਚਿਤੁ ਲਾਏ ॥ ਸਚੋ ਸਚੁ ਵਰਤੈ ਸਭਨੀ ਥਾਈ ਸਚੇ ਸਚਿ ਸਮਾਵਣਿਆ ॥੩॥ ਵੇਪਰਵਾਹੁ ਸਚੁ ਮੇਰਾ ਪਿਆਰਾ ॥ ਕਿਲਵਿਖ ਅਵਗਣ ਕਾਟਣਹਾਰਾ ॥ ਪ੍ਰੇਮ ਪ੍ਰੀਤਿ ਸਦਾ ਧਿਆਈਐ ਭੈ ਭਾਇ ਭਗਤਿ ਦ੍ਰਿੜਾਵਣਿਆ ॥੪॥ ਤੇਰੀ ਭਗਤਿ ਸਚੀ ਜੇ ਸਚੇ ਭਾਵੈ ॥ ਆਪੇ ਦੇਇ ਨ ਪਛੋਤਾਵੈ ॥ ਸਭਨਾ ਜੀਆ ਕਾ ਏਕੋ ਦਾਤਾ ਸਬਦੇ ਮਾਰਿ ਜੀਵਾਵਣਿਆ ॥੫॥ ਹਰਿ ਤੁਧੁ ਬਾਝਹੁ ਮੈ ਕੋਈ ਨਾਹੀ ॥ ਹਰਿ ਤੁਧੈ ਸੇਵੀ ਤੈ ਤੁਧੁ ਸਾਲਾਹੀ ॥ ਆਪੇ ਮੇਲਿ ਲੈਹੁ ਪ੍ਰਭ ਸਾਚੇ ਪੂਰੈ ਕਰਮਿ ਤੂੰ ਪਾਵਣਿਆ ॥੬॥ ਮੈ ਹੋਰੁ ਨ ਕੋਈ ਤੁਧੈ ਜੇਹਾ ॥ ਤੇਰੀ ਨਦਰੀ ਸੀਝਸਿ ਦੇਹਾ ॥ ਅਨਦਿਨੁ ਸਾਰਿ ਸਮਾਲਿ ਹਰਿ ਰਾਖਹਿ ਗੁਰਮੁਖਿ ਸਹਜਿ ਸਮਾਵਣਿਆ ॥੭॥ ਤੁਧੁ ਜੇਵਡੁ ਮੈ ਹੋਰੁ ਨ ਕੋਈ ॥ ਤੁਧੁ ਆਪੇ ਸਿਰਜੀ ਆਪੇ ਗੋਈ ॥

ਤੂੰ ਆਪੇ ਹੀ ਘੜਿ ਭੰਨਿ ਸਵਾਰਹਿ ਨਾਨਕ ਨਾਮਿ ਸੁਹਾਵਣਿਆ ॥੮॥੫॥੬॥ ਮਾਝ ਮਹਲਾ ੩ ॥ ਸਭ ਘਟ ਆਪੇ ਭੋਗਣਹਾਰਾ ॥ ਅਲਖੁ ਵਰਤੈ ਅਗਮ ਅਪਾਰਾ ॥ ਗੁਰ ਕੈ ਸਬਦਿ ਮੇਰਾ ਹਰਿ ਪ੍ਰਭੁ ਧਿਆਈਐ ਸਹਜੇ ਸਚਿ ਸਮਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਗੁਰ ਸਬਦੁ ਮੰਨਿ ਵਸਾਵਣਿਆ ॥ ਸਬਦੁ ਸੂਝੈ ਤਾ ਮਨ ਸਿਉ ਲੂਝੈ ਮਨਸਾ ਮਾਰਿ ਸਮਾਵਣਿਆ ॥੧॥ ਰਹਾਉ ॥ ਪੰਚ ਦੂਤ ਮੁਹਹਿ ਸੰਸਾਰਾ ॥ ਮਨਮੁਖ ਅੰਧੇ ਸੁਧਿ ਨ ਸਾਰਾ ॥ ਗੁਰਮੁਖਿ ਹੋਵੈ ਸੁ ਅਪਣਾ ਘਰੁ ਰਾਖੈ ਪੰਚ ਦੂਤ ਸਬਦਿ ਪਚਾਵਣਿਆ ॥੨॥ ਇਕਿ ਗੁਰਮੁਖਿ ਸਦਾ ਸਚੈ ਰੰਗਿ ਰਾਤੇ ॥ ਸਹਜੇ ਪ੍ਰਭੁ ਸੇਵਹਿ ਅਨਦਿਨੁ ਮਾਤੇ ॥ ਮਿਲਿ ਪ੍ਰੀਤਮ ਸਚੇ ਗੁਣ ਗਾਵਹਿ ਹਰਿ ਦਰਿ ਸੋਭਾ ਪਾਵਣਿਆ ॥੩॥ ਏਕਮ ਏਕੈ ਆਪੁ ਉਪਾਇਆ ॥ ਦੁਬਿਧਾ ਦੂਜਾ ਤ੍ਰਿਬਿਧਿ ਮਾਇਆ ॥ ਚਉਥੀ ਪਉੜੀ ਗੁਰਮੁਖਿ ਊਚੀ ਸਚੋ ਸਚੁ ਕਮਾਵਣਿਆ ॥੪॥ ਸਭੁ ਹੈ ਸਚਾ ਜੇ ਸਚੇ ਭਾਵੈ ॥ ਜਿਨਿ ਸਚੁ ਜਾਤਾ ਸੋ ਸਹਜਿ ਸਮਾਵੈ ॥ ਗੁਰਮੁਖਿ ਕਰਣੀ ਸਚੇ ਸੇਵਹਿ ਸਾਚੇ ਜਾਇ ਸਮਾਵਣਿਆ ॥੫॥ ਸਚੇ ਬਾਝਹੁ ਕੋ ਅਵਰੁ ਨ ਦੂਆ ॥ ਦੂਜੈ ਲਾਗਿ ਜਗੁ ਖਪਿ ਖਪਿ ਮੂਆ ॥ ਗੁਰਮੁਖਿ ਹੋਵੈ ਸੁ ਏਕੋ ਜਾਣੈ ਏਕੋ ਸੇਵਿ ਸੁਖੁ ਪਾਵਣਿਆ ॥੬॥ ਜੀਅ ਜੰਤ ਸਭਿ ਸਰਣਿ ਤੁਮਾਰੀ ॥ ਆਪੇ ਧਰਿ ਦੇਖਹਿ ਕਚੀ ਪਕੀ ਸਾਰੀ ॥ ਅਨਦਿਨੁ ਆਪੇ ਕਾਰ ਕਰਾਏ ਆਪੇ ਮੇਲਿ ਮਿਲਾਵਣਿਆ ॥੭॥ ਤੂੰ ਆਪੇ ਮੇਲਹਿ ਵੇਖਹਿ ਹਦੂਰਿ ॥ ਸਭ ਮਹਿ ਆਪਿ ਰਹਿਆ ਭਰਪੂਰਿ ॥ ਨਾਨਕ ਆਪੇ ਆਪਿ ਵਰਤੈ ਗੁਰਮੁਖਿ ਸੋਝੀ ਪਾਵਣਿਆ ॥੮॥੬॥੭॥ ਮਾਝ ਮਹਲਾ ੩ ॥ ਅੰਮ੍ਰਿਤ ਬਾਣੀ ਗੁਰ ਕੀ ਮੀਠੀ ॥ ਗੁਰਮੁਖਿ ਵਿਰਲੈ ਕਿਨੈ ਚਖਿ ਡੀਠੀ ॥ ਅੰਤਰਿ ਪਰਗਾਸੁ ਮਹਾ ਰਸੁ ਪੀਵੈ ਦਰਿ ਸਚੈ ਸਬਦੁ ਵਜਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਗੁਰ ਚਰਣੀ ਚਿਤੁ ਲਾਵਣਿਆ ॥ ਸਤਿਗੁਰੁ ਹੈ ਅੰਮ੍ਰਿਤ ਸਰੁ ਸਾਚਾ ਮਨੁ ਨਾਵੈ ਮੈਲੁ ਚੁਕਾਵਣਿਆ ॥੧॥ ਰਹਾਉ ॥ ਤੇਰਾ ਸਚੇ ਕਿਨੈ ਅੰਤੁ ਨ ਪਾਇਆ ॥ ਗੁਰ ਪਰਸਾਦਿ ਕਿਨੈ ਵਿਰਲੈ ਚਿਤੁ ਲਾਇਆ ॥ ਤੁਧੁ ਸਾਲਾਹਿ ਨ ਰਜਾ ਕਬਹੂੰ ਸਚੇ ਨਾਵੈ ਕੀ ਭੁਖ ਲਾਵਣਿਆ ॥੨॥ ਏਕੋ ਵੇਖਾ ਅਵਰੁ ਨ ਬੀਆ ॥ ਗੁਰ ਪਰਸਾਦੀ ਅੰਮ੍ਰਿਤੁ ਪੀਆ ॥ ਗੁਰ ਕੈ ਸਬਦਿ ਤਿਖਾ ਨਿਵਾਰੀ ਸਹਜੇ ਸੂਖਿ ਸਮਾਵਣਿਆ ॥੩॥ ਰਤਨੁ ਪਦਾਰਥੁ ਪਲਰਿ ਤਿਆਗੈ ॥ ਮਨਮੁਖੁ ਅੰਧਾ ਦੂਜੈ ਭਾਇ ਲਾਗੈ ॥ ਜੋ ਬੀਜੈ ਸੋਈ ਫਲੁ ਪਾਏ ਸੁਪਨੈ ਸੁਖੁ ਨ ਪਾਵਣਿਆ ॥੪॥ ਅਪਨੀ ਕਿਰਪਾ ਕਰੇ ਸੋਈ ਜਨੁ ਪਾਏ ॥ ਗੁਰ ਕਾ ਸਬਦੁ

ਮੰਨਿ ਵਸਾਏ ॥ ਅਨਦਿਨੁ ਸਦਾ ਰਹੈ ਭੈ ਅੰਦਰਿ ਭੈ ਮਾਰਿ ਭਰਮੁ ਚੁਕਾਵਣਿਆ ॥੫॥ ਭਰਮੁ ਚੁਕਾਇਆ ਸਦਾ ਸੁਖੁ ਪਾਇਆ ॥ ਗੁਰ ਪਰਸਾਦਿ ਪਰਮ ਪਦੁ ਪਾਇਆ ॥ ਅੰਤਰੁ ਨਿਰਮਲੁ ਨਿਰਮਲ ਬਾਣੀ ਹਰਿ ਗੁਣ ਸਹਜੇ ਗਾਵਣਿਆ ॥੬॥ ਸਿਮ੍ਰਿਤਿ ਸਾਸਤ ਬੇਦ ਵਖਾਣੈ ॥ ਭਰਮੇ ਭੂਲਾ ਤਤੁ ਨ ਜਾਣੈ ॥ ਬਿਨੁ ਸਤਿਗੁਰ ਸੇਵੇ ਸੁਖੁ ਨ ਪਾਏ ਦੁਖੋ ਦੁਖੁ ਕਮਾਵਣਿਆ ॥੭॥ ਆਪਿ ਕਰੇ ਕਿਸੁ ਆਖੈ ਕੋਈ ॥ ਆਖਣਿ ਜਾਈਐ ਜੇ ਭੂਲਾ ਹੋਈ ॥ ਨਾਨਕ ਆਪੇ ਕਰੇ ਕਰਾਏ ਨਾਮੇ ਨਾਮਿ ਸਮਾਵਣਿਆ ॥੮॥੭॥੮॥ ਮਾਝ ਮਹਲਾ ੩ ॥ ਆਪੇ ਰੰਗੇ ਸਹਜਿ ਸੁਭਾਏ ॥ ਗੁਰ ਕੈ ਸਬਦਿ ਹਰਿ ਰੰਗੁ ਚੜਾਏ ॥ ਮਨੁ ਤਨੁ ਰਤਾ ਰਸਨਾ ਰੰਗਿ ਚਲੂਲੀ ਭੈ ਭਾਇ ਰੰਗੁ ਚੜਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਨਿਰਭਉ ਮੰਨਿ ਵਸਾਵਣਿਆ ॥ ਗੁਰ ਕਿਰਪਾ ਤੇ ਹਰਿ ਨਿਰਭਉ ਧਿਆਇਆ ਬਿਖੁ ਭਉਜਲੁ ਸਬਦਿ ਤਰਾਵਣਿਆ ॥੧॥ ਰਹਾਉ ॥ ਮਨਮੁਖ ਮੁਗਧ ਕਰਹਿ ਚਤੁਰਾਈ ॥ ਨਾਤਾ ਧੋਤਾ ਥਾਇ ਨ ਪਾਈ ॥ ਜੇਹਾ ਆਇਆ ਤੇਹਾ ਜਾਸੀ ਕਰਿ ਅਵਗਣ ਪਛੋਤਾਵਣਿਆ ॥੨॥ ਮਨਮੁਖ ਅੰਧੇ ਕਿਛੂ ਨ ਸੂਝੈ ॥ ਮਰਣੁ ਲਿਖਾਇ ਆਏ ਨਹੀ ਬੂਝੈ ॥ ਮਨਮੁਖ ਕਰਮ ਕਰੇ ਨਹੀ ਪਾਏ ਬਿਨੁ ਨਾਵੈ ਜਨਮੁ ਗਵਾਵਣਿਆ ॥੩॥ ਸਚੁ ਕਰਣੀ ਸਬਦੁ ਹੈ ਸਾਰੁ ॥ ਪੂਰੈ ਗੁਰਿ ਪਾਈਐ ਮੋਖ ਦੁਆਰੁ ॥ ਅਨਦਿਨੁ ਬਾਣੀ ਸਬਦਿ ਸੁਣਾਏ ਸਚਿ ਰਾਤੇ ਰੰਗਿ ਰੰਗਾਵਣਿਆ ॥੪॥ ਰਸਨਾ ਹਰਿ ਰਸਿ ਰਾਤੀ ਰੰਗੁ ਲਾਏ ॥ ਮਨੁ ਤਨੁ ਮੋਹਿਆ ਸਹਜਿ ਸੁਭਾਏ ॥ ਸਹਜੇ ਪ੍ਰੀਤਮੁ ਪਿਆਰਾ ਪਾਇਆ ਸਹਜੇ ਸਹਜਿ ਮਿਲਾਵਣਿਆ ॥੫॥ ਜਿਸੁ ਅੰਦਰਿ ਰੰਗੁ ਸੋਈ ਗੁਣ ਗਾਵੈ ॥ ਗੁਰ ਕੈ ਸਬਦਿ ਸਹਜੇ ਸੁਖਿ ਸਮਾਵੈ ॥ ਹਉ ਬਲਿਹਾਰੀ ਸਦਾ ਤਿਨ ਵਿਟਹੁ ਗੁਰ ਸੇਵਾ ਚਿਤੁ ਲਾਵਣਿਆ ॥੬॥ ਸਚਾ ਸਚੋ ਸਚਿ ਪਤੀਜੈ ॥ ਗੁਰ ਪਰਸਾਦੀ ਅੰਦਰੁ ਭੀਜੈ ॥ ਬੈਸਿ ਸੁਥਾਨਿ ਹਰਿ ਗੁਣ ਗਾਵਹਿ ਆਪੇ ਕਰਿ ਸਤਿ ਮਨਾਵਣਿਆ ॥੭॥ ਜਿਸ ਨੋ ਨਦਰਿ ਕਰੇ ਸੋ ਪਾਏ ॥ ਗੁਰ ਪਰਸਾਦੀ ਹਉਮੈ ਜਾਏ ॥ ਨਾਨਕ ਨਾਮੁ ਵਸੈ ਮਨ ਅੰਤਰਿ ਦਰਿ ਸਚੈ ਸੋਭਾ ਪਾਵਣਿਆ ॥੮॥੮॥੯॥ ਮਾਝ ਮਹਲਾ ੩ ॥ ਸਤਿਗੁਰੁ ਸੇਵਿਐ ਵਡੀ ਵਡਿਆਈ ॥ ਹਰਿ ਜੀ ਅਚਿੰਤੁ ਵਸੈ ਮਨਿ ਆਈ ॥ ਹਰਿ ਜੀਉ ਸਫਲਿਓ ਬਿਰਖੁ ਹੈ ਅੰਮ੍ਰਿਤੁ ਜਿਨਿ ਪੀਤਾ ਤਿਸੁ ਤਿਖਾ ਲਹਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਸਚੁ ਸੰਗਤਿ ਮੇਲਿ ਮਿਲਾਵਣਿਆ ॥ ਹਰਿ ਸਤਸੰਗਤਿ ਆਪੇ ਮੇਲੈ ਗੁਰ ਸਬਦੀ ਹਰਿ ਗੁਣ ਗਾਵਣਿਆ ॥੧॥ ਰਹਾਉ ॥

ਸਤਿਗੁਰੁ ਸੇਵੀ ਸਬਦਿ ਸੁਹਾਇਆ ॥ ਜਿਨਿ ਹਰਿ ਕਾ ਨਾਮੁ ਮੰਨਿ ਵਸਾਇਆ ॥ ਹਰਿ ਨਿਰਮਲੁ ਹਉਮੈ ਮੈਲੁ ਗਵਾਏ ਦਰਿ ਸਚੈ ਸੋਭਾ ਪਾਵਣਿਆ ॥੨॥ ਬਿਨੁ ਗੁਰ ਨਾਮੁ ਨ ਪਾਇਆ ਜਾਇ ॥ ਸਿਧ ਸਾਧਿਕ ਰਹੇ ਬਿਲਲਾਇ ॥ ਬਿਨੁ ਗੁਰ ਸੇਵੇ ਸੁਖੁ ਨ ਹੋਵੀ ਪੂਰੈ ਭਾਗਿ ਗੁਰੁ ਪਾਵਣਿਆ ॥੩॥ ਇਹੁ ਮਨੁ ਆਰਸੀ ਕੋਈ ਗੁਰਮੁਖਿ ਵੇਖੈ ॥ ਮੋਰਚਾ ਨ ਲਾਗੈ ਜਾ ਹਉਮੈ ਸੋਖੈ ॥ ਅਨਹਤ ਬਾਣੀ ਨਿਰਮਲ ਸਬਦੁ ਵਜਾਏ ਗੁਰ ਸਬਦੀ ਸਚਿ ਸਮਾਵਣਿਆ ॥੪॥ ਬਿਨੁ ਸਤਿਗੁਰ ਕਿਹੁ ਨ ਦੇਖਿਆ ਜਾਇ ॥ ਗੁਰਿ ਕਿਰਪਾ ਕਰਿ ਆਪੁ ਦਿਤਾ ਦਿਖਾਇ ॥ ਆਪੇ ਆਪਿ ਆਪਿ ਮਿਲਿ ਰਹਿਆ ਸਹਜੇ ਸਹਜਿ ਸਮਾਵਣਿਆ ॥੫॥ ਗੁਰਮੁਖਿ ਹੋਵੈ ਸੁ ਇਕਸੁ ਸਿਉ ਲਿਵ ਲਾਏ ॥ ਦੂਜਾ ਭਰਮੁ ਗੁਰ ਸਬਦਿ ਜਲਾਏ ॥ ਕਾਇਆ ਅੰਦਰਿ ਵਣਜੁ ਕਰੇ ਵਾਪਾਰਾ ਨਾਮੁ ਨਿਧਾਨੁ ਸਚੁ ਪਾਵਣਿਆ ॥੬॥ ਗੁਰਮੁਖਿ ਕਰਣੀ ਹਰਿ ਕੀਰਤਿ ਸਾਰੁ ॥ ਗੁਰਮੁਖਿ ਪਾਏ ਮੋਖ ਦੁਆਰੁ ॥ ਅਨਦਿਨੁ ਰੰਗਿ ਰਤਾ ਗੁਣ ਗਾਵੈ ਅੰਦਰਿ ਮਹਲਿ ਬੁਲਾਵਣਿਆ ॥੭॥ ਸਤਿਗੁਰੁ ਦਾਤਾ ਮਿਲੈ ਮਿਲਾਇਆ ॥ ਪੂਰੈ ਭਾਗਿ ਮਨਿ ਸਬਦੁ ਵਸਾਇਆ ॥ ਨਾਨਕ ਨਾਮੁ ਮਿਲੈ ਵਡਿਆਈ ਹਰਿ ਸਚੇ ਕੇ ਗੁਣ ਗਾਵਣਿਆ ॥੮॥੯॥੧੦॥ ਮਾਝ ਮਹਲਾ ੩ ॥ ਆਪੁ ਵੰਞਾਏ ਤਾ ਸਭ ਕਿਛੁ ਪਾਏ ॥ ਗੁਰ ਸਬਦੀ ਸਚੀ ਲਿਵ ਲਾਏ ॥ ਸਚੁ ਵਣੰਜਹਿ ਸਚੁ ਸੰਘਰਹਿ ਸਚੁ ਵਾਪਾਰੁ ਕਰਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਹਰਿ ਗੁਣ ਅਨਦਿਨੁ ਗਾਵਣਿਆ ॥ ਹਉ ਤੇਰਾ ਤੂੰ ਠਾਕੁਰੁ ਮੇਰਾ ਸਬਦਿ ਵਡਿਆਈ ਦੇਵਣਿਆ ॥੧॥ ਰਹਾਉ ॥ ਵੇਲਾ ਵਖਤ ਸਭਿ ਸੁਹਾਇਆ ॥ ਜਿਤੁ ਸਚਾ ਮੇਰੇ ਮਨਿ ਭਾਇਆ ॥ ਸਚੇ ਸੇਵਿਐ ਸਚੁ ਵਡਿਆਈ ਗੁਰ ਕਿਰਪਾ ਤੇ ਸਚੁ ਪਾਵਣਿਆ ॥੨॥ ਭਾਉ ਭੋਜਨੁ ਸਤਿਗੁਰਿ ਤੁਠੈ ਪਾਏ ॥ ਅਨ ਰਸੁ ਚੂਕੈ ਹਰਿ ਰਸੁ ਮੰਨਿ ਵਸਾਏ ॥ ਸਚੁ ਸੰਤੋਖੁ ਸਹਜ ਸੁਖੁ ਬਾਣੀ ਪੂਰੇ ਗੁਰ ਤੇ ਪਾਵਣਿਆ ॥੩॥ ਸਤਿਗੁਰੁ ਨ ਸੇਵਹਿ ਮੂਰਖ ਅੰਧ ਗਵਾਰਾ ॥ ਫਿਰਿ ਓਇ ਕਿਥਹੁ ਪਾਇਨਿ ਮੋਖ ਦੁਆਰਾ ॥ ਮਰਿ ਮਰਿ ਜੰਮਹਿ ਫਿਰਿ ਫਿਰਿ ਆਵਹਿ ਜਮ ਦਰਿ ਚੋਟਾ ਖਾਵਣਿਆ ॥੪॥ ਸਬਦੈ ਸਾਦੁ ਜਾਣਹਿ ਤਾ ਆਪੁ ਪਛਾਣਹਿ ॥ ਨਿਰਮਲ ਬਾਣੀ ਸਬਦਿ ਵਖਾਣਹਿ ॥ ਸਚੇ ਸੇਵਿ ਸਦਾ ਸੁਖੁ ਪਾਇਨਿ ਨਉ ਨਿਧਿ ਨਾਮੁ ਮੰਨਿ ਵਸਾਵਣਿਆ ॥੫॥ ਸੋ ਥਾਨੁ ਸੁਹਾਇਆ ਜੋ ਹਰਿ ਮਨਿ ਭਾਇਆ ॥ ਸਤਸੰਗਤਿ ਬਹਿ ਹਰਿ ਗੁਣ ਗਾਇਆ ॥ ਅਨਦਿਨੁ ਹਰਿ ਸਾਲਾਹਹਿ ਸਾਚਾ ਨਿਰਮਲ ਨਾਦੁ ਵਜਾਵਣਿਆ ॥

੬॥ ਮਨਮੁਖ ਖੋਟੀ ਰਾਸਿ ਖੋਟਾ ਪਾਸਾਰਾ ॥ ਕੂੜੁ ਕਮਾਵਨਿ ਦੁਖੁ ਲਾਗੈ ਭਾਰਾ ॥ ਭਰਮੇ ਭੂਲੇ ਫਿਰਨਿ ਦਿਨ ਰਾਤੀ ਮਰਿ ਜਨਮਹਿ ਜਨਮੁ ਗਵਾਵਣਿਆ ॥੭॥ ਸਚਾ ਸਾਹਿਬੁ ਮੈ ਅਤਿ ਪਿਆਰਾ ॥ ਪੂਰੇ ਗੁਰ ਕੈ ਸਬਦਿ ਅਧਾਰਾ ॥ ਨਾਨਕ ਨਾਮਿ ਮਿਲੈ ਵਡਿਆਈ ਦੁਖੁ ਸੁਖੁ ਸਮ ਕਰਿ ਜਾਨਣਿਆ ॥੮॥੧੦॥੧੧॥ ਮਾਝ ਮਹਲਾ ੩ ॥ ਤੇਰੀਆ ਖਾਣੀ ਤੇਰੀਆ ਬਾਣੀ ॥ ਬਿਨੁ ਨਾਵੈ ਸਭ ਭਰਮਿ ਭੁਲਾਣੀ ॥ ਗੁਰ ਸੇਵਾ ਤੇ ਹਰਿ ਨਾਮੁ ਪਾਇਆ ਬਿਨੁ ਸਤਿਗੁਰ ਕੋਇ ਨ ਪਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਹਰਿ ਸੇਤੀ ਚਿਤੁ ਲਾਵਣਿਆ ॥ ਹਰਿ ਸਚਾ ਗੁਰ ਭਗਤੀ ਪਾਈਐ ਸਹਜੇ ਮੰਨਿ ਵਸਾਵਣਿਆ ॥੧॥ ਰਹਾਉ ॥ ਸਤਿਗੁਰੁ ਸੇਵੇ ਤਾ ਸਭ ਕਿਛੁ ਪਾਏ ॥ ਜੇਹੀ ਮਨਸਾ ਕਰਿ ਲਾਗੈ ਤੇਹਾ ਫਲੁ ਪਾਏ ॥ ਸਤਿਗੁਰੁ ਦਾਤਾ ਸਭਨਾ ਵਥੂ ਕਾ ਪੂਰੈ ਭਾਗਿ ਮਿਲਾਵਣਿਆ ॥੨॥ ਇਹੁ ਮਨੁ ਮੈਲਾ ਇਕੁ ਨ ਧਿਆਏ ॥ ਅੰਤਰਿ ਮੈਲੁ ਲਾਗੀ ਬਹੁ ਦੂਜੈ ਭਾਏ ॥ ਤਟਿ ਤੀਰਥਿ ਦਿਸੰਤਰਿ ਭਵੈ ਅਹੰਕਾਰੀ ਹੋਰੁ ਵਧੇਰੈ ਹਉਮੈ ਮਲੁ ਲਾਵਣਿਆ ॥੩॥ ਸਤਿਗੁਰੁ ਸੇਵੇ ਤਾ ਮਲੁ ਜਾਏ ॥ ਜੀਵਤੁ ਮਰੈ ਹਰਿ ਸਿਉ ਚਿਤੁ ਲਾਏ ॥ ਹਰਿ ਨਿਰਮਲੁ ਸਚੁ ਮੈਲੁ ਨ ਲਾਗੈ ਸਚਿ ਲਾਗੈ ਮੈਲੁ ਗਵਾਵਣਿਆ ॥੪॥ ਬਾਝੁ ਗੁਰੂ ਹੈ ਅੰਧ ਗੁਬਾਰਾ ॥ ਅਗਿਆਨੀ ਅੰਧਾ ਅੰਧੁ ਅੰਧਾਰਾ ॥ ਬਿਸਟਾ ਕੇ ਕੀੜੇ ਬਿਸਟਾ ਕਮਾਵਹਿ ਫਿਰਿ ਬਿਸਟਾ ਮਾਹਿ ਪਚਾਵਣਿਆ ॥੫॥ ਮੁਕਤੇ ਸੇਵੇ ਮੁਕਤਾ ਹੋਵੈ ॥ ਹਉਮੈ ਮਮਤਾ ਸਬਦੇ ਖੋਵੈ ॥ ਅਨਦਿਨੁ ਹਰਿ ਜੀਉ ਸਚਾ ਸੇਵੀ ਪੂਰੈ ਭਾਗਿ ਗੁਰੁ ਪਾਵਣਿਆ ॥੬॥ ਆਪੇ ਬਖਸੇ ਮੇਲਿ ਮਿਲਾਏ ॥ ਪੂਰੇ ਗੁਰ ਤੇ ਨਾਮੁ ਨਿਧਿ ਪਾਏ ॥ ਸਚੈ ਨਾਮਿ ਸਦਾ ਮਨੁ ਸਚਾ ਸਚੁ ਸੇਵੇ ਦੁਖੁ ਗਵਾਵਣਿਆ ॥੭॥ ਸਦਾ ਹਜੂਰਿ ਦੂਰਿ ਨ ਜਾਣਹੁ ॥ ਗੁਰ ਸਬਦੀ ਹਰਿ ਅੰਤਰਿ ਪਛਾਣਹੁ ॥ ਨਾਨਕ ਨਾਮਿ ਮਿਲੈ ਵਡਿਆਈ ਪੂਰੇ ਗੁਰ ਤੇ ਪਾਵਣਿਆ ॥੮॥੧੧॥੧੨॥ ਮਾਝ ਮਹਲਾ ੩ ॥ ਐਥੈ ਸਾਚੇ ਸੁ ਆਗੈ ਸਾਚੇ ॥ ਮਨੁ ਸਚਾ ਸਚੈ ਸਬਦਿ ਰਾਚੇ ॥ ਸਚਾ ਸੇਵਹਿ ਸਚੁ ਕਮਾਵਹਿ ਸਚੋ ਸਚੁ ਕਮਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਸਚਾ ਨਾਮੁ ਮੰਨਿ ਵਸਾਵਣਿਆ ॥ ਸਚੇ ਸੇਵਹਿ ਸਚਿ ਸਮਾਵਹਿ ਸਚੇ ਕੇ ਗੁਣ ਗਾਵਣਿਆ ॥੧॥ ਰਹਾਉ ॥ ਪੰਡਿਤ ਪੜਹਿ ਸਾਦੁ ਨ ਪਾਵਹਿ ॥ ਦੂਜੈ ਭਾਇ ਮਾਇਆ ਮਨੁ ਭਰਮਾਵਹਿ ॥ ਮਾਇਆ ਮੋਹਿ ਸਭ ਸੁਧਿ ਗਵਾਈ ਕਰਿ ਅਵਗਣ ਪਛੋਤਾਵਣਿਆ ॥੨॥ ਸਤਿਗੁਰੁ ਮਿਲੈ ਤਾ ਤਤੁ ਪਾਏ ॥ ਹਰਿ ਕਾ ਨਾਮੁ ਮੰਨਿ

ਵਸਾਏ ॥ ਸਬਦਿ ਮਰੈ ਮਨੁ ਮਾਰੈ ਅਪੁਨਾ ਮੁਕਤੀ ਕਾ ਦਰੁ ਪਾਵਣਿਆ ॥੩॥ ਕਿਲਵਿਖ ਕਾਟੈ ਕ੍ਰੋਧੁ ਨਿਵਾਰੇ ॥ ਗੁਰ ਕਾ ਸਬਦੁ ਰਖੈ ਉਰ ਧਾਰੇ ॥ ਸਚਿ ਰਤੇ ਸਦਾ ਬੈਰਾਗੀ ਹਉਮੈ ਮਾਰਿ ਮਿਲਾਵਣਿਆ ॥੪॥ ਅੰਤਰਿ ਰਤਨੁ ਮਿਲੈ ਮਿਲਾਇਆ ॥ ਤ੍ਰਿਬਿਧਿ ਮਨਸਾ ਤ੍ਰਿਬਿਧਿ ਮਾਇਆ ॥ ਪੜਿ ਪੜਿ ਪੰਡਿਤ ਮੋਨੀ ਥਕੇ ਚਉਥੇ ਪਦ ਕੀ ਸਾਰ ਨ ਪਾਵਣਿਆ ॥੫॥ ਆਪੇ ਰੰਗੇ ਰੰਗੁ ਚੜਾਏ ॥ ਸੇ ਜਨ ਰਾਤੇ ਗੁਰ ਸਬਦਿ ਰੰਗਾਏ ॥ ਹਰਿ ਰੰਗੁ ਚੜਿਆ ਅਤਿ ਅਪਾਰਾ ਹਰਿ ਰਸਿ ਰਸਿ ਗੁਣ ਗਾਵਣਿਆ ॥੬॥ ਗੁਰਮੁਖਿ ਰਿਧਿ ਸਿਧਿ ਸਚੁ ਸੰਜਮੁ ਸੋਈ ॥ ਗੁਰਮੁਖਿ ਗਿਆਨੁ ਨਾਮਿ ਮੁਕਤਿ ਹੋਈ ॥ ਗੁਰਮੁਖਿ ਕਾਰ ਸਚੁ ਕਮਾਵਹਿ ਸਚੇ ਸਚਿ ਸਮਾਵਣਿਆ ॥੭॥ ਗੁਰਮੁਖਿ ਥਾਪੇ ਥਾਪਿ ਉਥਾਪੇ ॥ ਗੁਰਮੁਖਿ ਜਾਤਿ ਪਤਿ ਸਭੁ ਆਪੇ ॥ ਨਾਨਕ ਗੁਰਮੁਖਿ ਨਾਮੁ ਧਿਆਏ ਨਾਮੇ ਨਾਮਿ ਸਮਾਵਣਿਆ ॥੮॥੧੨॥੧੩॥ ਮਾਝ ਮਹਲਾ ੩ ॥ ਉਤਪਤਿ ਪਰਲਉ ਸਬਦੇ ਹੋਵੈ ॥ ਸਬਦੇ ਹੀ ਫਿਰਿ ਓਪਤਿ ਹੋਵੈ ॥ ਗੁਰਮੁਖਿ ਵਰਤੈ ਸਭੁ ਆਪੇ ਸਚਾ ਗੁਰਮੁਖਿ ਉਪਾਇ ਸਮਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਗੁਰੁ ਪੂਰਾ ਮੰਨਿ ਵਸਾਵਣਿਆ ॥ ਗੁਰ ਤੇ ਸਾਤਿ ਭਗਤਿ ਕਰੇ ਦਿਨੁ ਰਾਤੀ ਗੁਣ ਕਹਿ ਗੁਣੀ ਸਮਾਵਣਿਆ ॥੧॥ ਰਹਾਉ ॥ ਗੁਰਮੁਖਿ ਧਰਤੀ ਗੁਰਮੁਖਿ ਪਾਣੀ ॥ ਗੁਰਮੁਖਿ ਪਵਣੁ ਬੈਸੰਤਰੁ ਖੇਲੈ ਵਿਡਾਣੀ ॥ ਸੋ ਨਿਗੁਰਾ ਜੋ ਮਰਿ ਮਰਿ ਜੰਮੈ ਨਿਗੁਰੇ ਆਵਣ ਜਾਵਣਿਆ ॥੨॥ ਤਿਨਿ ਕਰਤੈ ਇਕੁ ਖੇਲੁ ਰਚਾਇਆ ॥ ਕਾਇਆ ਸਰੀਰੈ ਵਿਚਿ ਸਭੁ ਕਿਛੁ ਪਾਇਆ ॥ ਸਬਦਿ ਭੇਦਿ ਕੋਈ ਮਹਲੁ ਪਾਏ ਮਹਲੇ ਮਹਲਿ ਬੁਲਾਵਣਿਆ ॥੩॥ ਸਚਾ ਸਾਹੁ ਸਚੇ ਵਣਜਾਰੇ ॥ ਸਚੁ ਵਣੰਜਹਿ ਗੁਰ ਹੇਤਿ ਅਪਾਰੇ ॥ ਸਚੁ ਵਿਹਾਝਹਿ ਸਚੁ ਕਮਾਵਹਿ ਸਚੋ ਸਚੁ ਕਮਾਵਣਿਆ ॥੪॥ ਬਿਨੁ ਰਾਸੀ ਕੋ ਵਥੁ ਕਿਉ ਪਾਏ ॥ ਮਨਮੁਖ ਭੂਲੇ ਲੋਕ ਸਬਾਏ ॥ ਬਿਨੁ ਰਾਸੀ ਸਭ ਖਾਲੀ ਚਲੇ ਖਾਲੀ ਜਾਇ ਦੁਖੁ ਪਾਵਣਿਆ ॥੫॥ ਇਕਿ ਸਚੁ ਵਣੰਜਹਿ ਗੁਰ ਸਬਦਿ ਪਿਆਰੇ ॥ ਆਪਿ ਤਰਹਿ ਸਗਲੇ ਕੁਲ ਤਾਰੇ ॥ ਆਏ ਸੇ ਪਰਵਾਣੁ ਹੋਏ ਮਿਲਿ ਪ੍ਰੀਤਮ ਸੁਖੁ ਪਾਵਣਿਆ ॥੬॥ ਅੰਤਰਿ ਵਸਤੁ ਮੂੜਾ ਬਾਹਰੁ ਭਾਲੇ ॥ ਮਨਮੁਖ ਅੰਧੇ ਫਿਰਹਿ ਬੇਤਾਲੇ ॥ ਜਿਥੈ ਵਥੁ ਹੋਵੈ ਤਿਥਹੁ ਕੋਇ ਨ ਪਾਵੈ ਮਨਮੁਖ ਭਰਮਿ ਭੁਲਾਵਣਿਆ ॥੭॥ ਆਪੇ ਦੇਵੈ ਸਬਦਿ ਬੁਲਾਏ ॥ ਮਹਲੀ ਮਹਲਿ ਸਹਜ ਸੁਖੁ ਪਾਏ ॥ ਨਾਨਕ ਨਾਮਿ ਮਿਲੈ ਵਡਿਆਈ ਆਪੇ ਸੁਣਿ ਸੁਣਿ ਧਿਆਵਣਿਆ ॥੮॥੧੩॥੧੪॥ ਮਾਝ ਮਹਲਾ ੩ ॥ ਸਤਿਗੁਰ

ਸਾਚੀ ਸਿਖ ਸੁਣਾਈ ॥ ਹਰਿ ਚੇਤਹੁ ਅੰਤਿ ਹੋਇ ਸਖਾਈ ॥ ਹਰਿ ਅਗਮੁ ਅਗੋਚਰੁ ਅਨਾਥੁ ਅਜੋਨੀ ਸਤਿਗੁਰ ਕੈ ਭਾਇ ਪਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਆਪੁ ਨਿਵਾਰਣਿਆ ॥ ਆਪੁ ਗਵਾਏ ਤਾ ਹਰਿ ਪਾਏ ਹਰਿ ਸਿਉ ਸਹਜਿ ਸਮਾਵਣਿਆ ॥੧॥ ਰਹਾਉ ॥ ਪੂਰਬਿ ਲਿਖਿਆ ਸੁ ਕਰਮੁ ਕਮਾਇਆ ॥ ਸਤਿਗੁਰੁ ਸੇਵਿ ਸਦਾ ਸੁਖੁ ਪਾਇਆ ॥ ਬਿਨੁ ਭਾਗਾ ਗੁਰੁ ਪਾਈਐ ਨਾਹੀ ਸਬਦੈ ਮੇਲਿ ਮਿਲਾਵਣਿਆ ॥੨॥ ਗੁਰਮੁਖਿ ਅਲਿਪਤੁ ਰਹੈ ਸੰਸਾਰੇ ॥ ਗੁਰ ਕੈ ਤਕੀਐ ਨਾਮਿ ਅਧਾਰੇ ॥ ਗੁਰਮੁਖਿ ਜੋਰੁ ਕਰੇ ਕਿਆ ਤਿਸ ਨੋ ਆਪੇ ਖਪਿ ਦੁਖੁ ਪਾਵਣਿਆ ॥੩॥ ਮਨਮੁਖਿ ਅੰਧੇ ਸੁਧਿ ਨ ਕਾਈ ॥ ਆਤਮ ਘਾਤੀ ਹੈ ਜਗਤ ਕਸਾਈ ॥ ਨਿੰਦਾ ਕਰਿ ਕਰਿ ਬਹੁ ਭਾਰੁ ਉਠਾਵੈ ਬਿਨੁ ਮਜੂਰੀ ਭਾਰੁ ਪਹੁਚਾਵਣਿਆ ॥੪॥ ਇਹੁ ਜਗੁ ਵਾੜੀ ਮੇਰਾ ਪ੍ਰਭੁ ਮਾਲੀ ॥ ਸਦਾ ਸਮਾਲੇ ਕੋ ਨਾਹੀ ਖਾਲੀ ॥ ਜੇਹੀ ਵਾਸਨਾ ਪਾਏ ਤੇਹੀ ਵਰਤੈ ਵਾਸੂ ਵਾਸੁ ਜਣਾਵਣਿਆ ॥੫॥ ਮਨਮੁਖੁ ਰੋਗੀ ਹੈ ਸੰਸਾਰਾ ॥ ਸੁਖਦਾਤਾ ਵਿਸਰਿਆ ਅਗਮ ਅਪਾਰਾ ॥ ਦੁਖੀਏ ਨਿਤਿ ਫਿਰਹਿ ਬਿਲਲਾਦੇ ਬਿਨੁ ਗੁਰ ਸਾਂਤਿ ਨ ਪਾਵਣਿਆ ॥੬॥ ਜਿਨਿ ਕੀਤੇ ਸੋਈ ਬਿਧਿ ਜਾਣੈ ॥ ਆਪਿ ਕਰੇ ਤਾ ਹੁਕਮਿ ਪਛਾਣੈ ॥ ਜੇਹਾ ਅੰਦਰਿ ਪਾਏ ਤੇਹਾ ਵਰਤੈ ਆਪੇ ਬਾਹਰਿ ਪਾਵਣਿਆ ॥੭॥ ਤਿਸੁ ਬਾਝਹੁ ਸਚੇ ਮੈ ਹੋਰੁ ਨ ਕੋਈ ॥ ਜਿਸੁ ਲਾਇ ਲਏ ਸੋ ਨਿਰਮਲੁ ਹੋਈ ॥ ਨਾਨਕ ਨਾਮੁ ਵਸੈ ਘਟ ਅੰਤਰਿ ਜਿਸੁ ਦੇਵੈ ਸੋ ਪਾਵਣਿਆ ॥੮॥੧੪॥੧੫॥ ਮਾਝ ਮਹਲਾ ੩ ॥ ਅੰਮ੍ਰਿਤ ਨਾਮੁ ਮੰਨਿ ਵਸਾਏ ॥ ਹਉਮੈ ਮੇਰਾ ਸਭੁ ਦੁਖੁ ਗਵਾਏ ॥ ਅੰਮ੍ਰਿਤ ਬਾਣੀ ਸਦਾ ਸਲਾਹੇ ਅੰਮ੍ਰਿਤਿ ਅੰਮ੍ਰਿਤੁ ਪਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਅੰਮ੍ਰਿਤ ਬਾਣੀ ਮੰਨਿ ਵਸਾਵਣਿਆ ॥ ਅੰਮ੍ਰਿਤ ਬਾਣੀ ਮੰਨਿ ਵਸਾਏ ਅੰਮ੍ਰਿਤੁ ਨਾਮੁ ਧਿਆਵਣਿਆ ॥੧॥ ਰਹਾਉ ॥ ਅੰਮ੍ਰਿਤੁ ਬੋਲੈ ਸਦਾ ਮੁਖਿ ਵੈਣੀ ॥ ਅੰਮ੍ਰਿਤੁ ਵੇਖੈ ਪਰਖੈ ਸਦਾ ਨੈਣੀ ॥ ਅੰਮ੍ਰਿਤ ਕਥਾ ਕਹੈ ਸਦਾ ਦਿਨੁ ਰਾਤੀ ਅਵਰਾ ਆਖਿ ਸੁਣਾਵਣਿਆ ॥੨॥ ਅੰਮ੍ਰਿਤ ਰੰਗਿ ਰਤਾ ਲਿਵ ਲਾਏ ॥ ਅੰਮ੍ਰਿਤੁ ਗੁਰ ਪਰਸਾਦੀ ਪਾਏ ॥ ਅੰਮ੍ਰਿਤੁ ਰਸਨਾ ਬੋਲੈ ਦਿਨੁ ਰਾਤੀ ਮਨਿ ਤਨਿ ਅੰਮ੍ਰਿਤੁ ਪੀਆਵਣਿਆ ॥੩॥ ਸੋ ਕਿਛੁ ਕਰੈ ਜੁ ਚਿਤਿ ਨ ਹੋਈ ॥ ਤਿਸ ਦਾ ਹੁਕਮੁ ਮੇਟਿ ਨ ਸਕੈ ਕੋਈ ॥ ਹੁਕਮੇ ਵਰਤੈ ਅੰਮ੍ਰਿਤ ਬਾਣੀ ਹੁਕਮੇ ਅੰਮ੍ਰਿਤੁ ਪੀਆਵਣਿਆ ॥੪॥ ਅਜਬ ਕੰਮ ਕਰਤੇ ਹਰਿ ਕੇਰੇ ॥ ਇਹੁ ਮਨੁ ਭੂਲਾ ਜਾਂਦਾ ਫੇਰੇ ॥ ਅੰਮ੍ਰਿਤ ਬਾਣੀ ਸਿਉ ਚਿਤੁ ਲਾਏ ਅੰਮ੍ਰਿਤ ਸਬਦਿ ਵਜਾਵਣਿਆ ॥

੫॥ ਖੋਟੇ ਖਰੇ ਤੁਧੁ ਆਪਿ ਉਪਾਏ ॥ ਤੁਧੁ ਆਪੇ ਪਰਖੇ ਲੋਕ ਸਬਾਏ ॥ ਖਰੇ ਪਰਖਿ ਖਜਾਨੈ ਪਾਇਹਿ ਖੋਟੇ ਭਰਮਿ ਭੁਲਾਵਣਿਆ ॥੬॥ ਕਿਉ ਕਰਿ ਵੇਖਾ ਕਿਉ ਸਾਲਾਹੀ ॥ ਗੁਰ ਪਰਸਾਦੀ ਸਬਦਿ ਸਲਾਹੀ ॥ ਤੇਰੇ ਭਾਣੇ ਵਿਚਿ ਅੰਮ੍ਰਿਤੁ ਵਸੈ ਤੂੰ ਭਾਣੈ ਅੰਮ੍ਰਿਤੁ ਪੀਆਵਣਿਆ ॥੭॥ ਅੰਮ੍ਰਿਤ ਸਬਦੁ ਅੰਮ੍ਰਿਤ ਹਰਿ ਬਾਣੀ ॥ ਸਤਿਗੁਰਿ ਸੇਵਿਐ ਰਿਦੈ ਸਮਾਣੀ ॥ ਨਾਨਕ ਅੰਮ੍ਰਿਤ ਨਾਮੁ ਸਦਾ ਸੁਖਦਾਤਾ ਪੀ ਅੰਮ੍ਰਿਤੁ ਸਭ ਭੁਖ ਲਹਿ ਜਾਵਣਿਆ ॥੮॥ ੧੫॥੧੬॥ ਮਾਝ ਮਹਲਾ ੩ ॥ ਅੰਮ੍ਰਿਤੁ ਵਰਸੈ ਸਹਜਿ ਸੁਭਾਏ ॥ ਗੁਰਮੁਖਿ ਵਿਰਲਾ ਕੋਈ ਜਨੁ ਪਾਏ ॥ ਅੰਮ੍ਰਿਤੁ ਪੀ ਸਦਾ ਤ੍ਰਿਪਤਾਸੇ ਕਰਿ ਕਿਰਪਾ ਤ੍ਰਿਸਨਾ ਬੁਝਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਗੁਰਮੁਖਿ ਅੰਮ੍ਰਿਤੁ ਪੀਆਵਣਿਆ ॥ ਰਸਨਾ ਰਸੁ ਚਾਖਿ ਸਦਾ ਰਹੈ ਰੰਗਿ ਰਾਤੀ ਸਹਜੇ ਹਰਿ ਗੁਣ ਗਾਵਣਿਆ ॥੧॥ ਰਹਾਉ ॥ ਗੁਰ ਪਰਸਾਦੀ ਸਹਜੁ ਕੋ ਪਾਏ ॥ ਦੁਬਿਧਾ ਮਾਰੇ ਇਕਸੁ ਸਿਉ ਲਿਵ ਲਾਏ ॥ ਨਦਰਿ ਕਰੇ ਤਾ ਹਰਿ ਗੁਣ ਗਾਵੈ ਨਦਰੀ ਸਚਿ ਸਮਾਵਣਿਆ ॥੨॥ ਸਭਨਾ ਉਪਰਿ ਨਦਰਿ ਪ੍ਰਭ ਤੇਰੀ ॥ ਕਿਸੈ ਥੋੜੀ ਕਿਸੈ ਹੈ ਘਣੇਰੀ ॥ ਤੁਝ ਤੇ ਬਾਹਰਿ ਕਿਛੁ ਨ ਹੋਵੈ ਗੁਰਮੁਖਿ ਸੋਝੀ ਪਾਵਣਿਆ ॥੩॥ ਗੁਰਮੁਖਿ ਤਤੁ ਹੈ ਬੀਚਾਰਾ ॥ ਅੰਮ੍ਰਿਤਿ ਭਰੇ ਤੇਰੇ ਭੰਡਾਰਾ ॥ ਬਿਨੁ ਸਤਿਗੁਰ ਸੇਵੇ ਕੋਈ ਨ ਪਾਵੈ ਗੁਰ ਕਿਰਪਾ ਤੇ ਪਾਵਣਿਆ ॥੪॥ ਸਤਿਗੁਰੁ ਸੇਵੈ ਸੋ ਜਨੁ ਸੋਹੈ ॥ ਅੰਮ੍ਰਿਤ ਨਾਮਿ ਅੰਤਰੁ ਮਨੁ ਮੋਹੈ ॥ ਅੰਮ੍ਰਿਤਿ ਮਨੁ ਤਨੁ ਬਾਣੀ ਰਤਾ ਅੰਮ੍ਰਿਤੁ ਸਹਜਿ ਸੁਣਾਵਣਿਆ ॥੫॥ ਮਨਮੁਖੁ ਭੂਲਾ ਦੂਜੈ ਭਾਇ ਖੁਆਏ ॥ ਨਾਮੁ ਨ ਲੇਵੈ ਮਰੈ ਬਿਖੁ ਖਾਏ ॥ ਅਨਦਿਨੁ ਸਦਾ ਵਿਸਟਾ ਮਹਿ ਵਾਸਾ ਬਿਨੁ ਸੇਵਾ ਜਨਮੁ ਗਵਾਵਣਿਆ ॥੬॥ ਅੰਮ੍ਰਿਤੁ ਪੀਵੈ ਜਿਸ ਨੋ ਆਪਿ ਪੀਆਏ ॥ ਗੁਰ ਪਰਸਾਦੀ ਸਹਜਿ ਲਿਵ ਲਾਏ ॥ ਪੂਰਨ ਪੂਰਿ ਰਹਿਆ ਸਭ ਆਪੇ ਗੁਰਮਤਿ ਨਦਰੀ ਆਵਣਿਆ ॥੭॥ ਆਪੇ ਆਪਿ ਨਿਰੰਜਨੁ ਸੋਈ ॥ ਜਿਨਿ ਸਿਰਜੀ ਤਿਨਿ ਆਪੇ ਗੋਈ ॥ ਨਾਨਕ ਨਾਮੁ ਸਮਾਲਿ ਸਦਾ ਤੂੰ ਸਹਜੇ ਸਚਿ ਸਮਾਵਣਿਆ ॥੮॥੧੬॥੧੭॥ ਮਾਝ ਮਹਲਾ ੩ ॥ ਸੇ ਸਚਿ ਲਾਗੇ ਜੋ ਤੁਧੁ ਭਾਏ ॥ ਸਦਾ ਸਚੁ ਸੇਵਹਿ ਸਹਜ ਸੁਭਾਏ ॥ ਸਚੈ ਸਬਦਿ ਸਚਾ ਸਾਲਾਹੀ ਸਚੈ ਮੇਲਿ ਮਿਲਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਸਚੁ ਸਾਲਾਹਣਿਆ ॥ ਸਚੁ ਧਿਆਇਨਿ ਸੇ ਸਚਿ ਰਾਤੇ ਸਚੇ ਸਚਿ ਸਮਾਵਣਿਆ ॥੧॥ ਰਹਾਉ ॥ ਜਹ ਦੇਖਾ ਸਚੁ ਸਭਨੀ ਥਾਈ ॥ ਗੁਰ ਪਰਸਾਦੀ ਮੰਨਿ ਵਸਾਈ ॥ ਤਨੁ ਸਚਾ ਰਸਨਾ ਸਚਿ ਰਾਤੀ ਸਚੁ ਸੁਣਿ ਆਖਿ

ਵਖਾਨਣਿਆ ॥੨॥ ਮਨਸਾ ਮਾਰਿ ਸਚਿ ਸਮਾਣੀ ॥ ਇਨਿ ਮਨਿ ਡੀਠੀ ਸਭ ਆਵਣ ਜਾਣੀ ॥ ਸਤਿਗੁਰੁ ਸੇਵੇ ਸਦਾ ਮਨੁ ਨਿਹਚਲੁ ਨਿਜ ਘਰਿ ਵਾਸਾ ਪਾਵਣਿਆ ॥੩॥ ਗੁਰ ਕੈ ਸਬਦਿ ਰਿਦੈ ਦਿਖਾਇਆ ॥ ਮਾਇਆ ਮੋਹੁ ਸਬਦਿ ਜਲਾਇਆ ॥ ਸਚੋ ਸਚਾ ਵੇਖਿ ਸਾਲਾਹੀ ਗੁਰ ਸਬਦੀ ਸਚੁ ਪਾਵਣਿਆ ॥੪॥ ਜੋ ਸਚਿ ਰਾਤੇ ਤਿਨ ਸਚੀ ਲਿਵ ਲਾਗੀ ॥ ਹਰਿ ਨਾਮੁ ਸਮਾਲਹਿ ਸੇ ਵਡਭਾਗੀ ॥ ਸਚੈ ਸਬਦਿ ਆਪਿ ਮਿਲਾਏ ਸਤਸੰਗਤਿ ਸਚੁ ਗੁਣ ਗਾਵਣਿਆ ॥੫॥ ਲੇਖਾ ਪੜੀਐ ਜੇ ਲੇਖੇ ਵਿਚਿ ਹੋਵੈ ॥ ਓਹੁ ਅਗਮੁ ਅਗੋਚਰੁ ਸਬਦਿ ਸੁਧਿ ਹੋਵੈ ॥ ਅਨਦਿਨੁ ਸਚ ਸਬਦਿ ਸਾਲਾਹੀ ਹੋਰੁ ਕੋਇ ਨ ਕੀਮਤਿ ਪਾਵਣਿਆ ॥੬॥ ਪੜਿ ਪੜਿ ਥਾਕੇ ਸਾਂਤਿ ਨ ਆਈ ॥ ਤ੍ਰਿਸਨਾ ਜਾਲੇ ਸੁਧਿ ਨ ਕਾਈ ॥ ਬਿਖੁ ਬਿਹਾਝਹਿ ਬਿਖੁ ਮੋਹ ਪਿਆਸੇ ਕੂੜੁ ਬੋਲਿ ਬਿਖੁ ਖਾਵਣਿਆ ॥੭॥ ਗੁਰ ਪਰਸਾਦੀ ਏਕੋ ਜਾਣਾ ॥ ਦੂਜਾ ਮਾਰਿ ਮਨੁ ਸਚਿ ਸਮਾਣਾ ॥ ਨਾਨਕ ਏਕੋ ਨਾਮੁ ਵਰਤੈ ਮਨ ਅੰਤਰਿ ਗੁਰ ਪਰਸਾਦੀ ਪਾਵਣਿਆ ॥੮॥੧੭॥੧੮॥ ਮਾਝ ਮਹਲਾ ੩ ॥ ਵਰਨ ਰੂਪ ਵਰਤਹਿ ਸਭ ਤੇਰੇ ॥ ਮਰਿ ਮਰਿ ਜੰਮਹਿ ਫੇਰ ਪਵਹਿ ਘਣੇਰੇ ॥ ਤੂੰ ਏਕੋ ਨਿਹਚਲੁ ਅਗਮ ਅਪਾਰਾ ਗੁਰਮਤੀ ਬੂਝ ਬੁਝਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਰਾਮ ਨਾਮੁ ਮੰਨਿ ਵਸਾਵਣਿਆ ॥ ਤਿਸੁ ਰੂਪੁ ਨ ਰੇਖਿਆ ਵਰਨੁ ਨ ਕੋਈ ਗੁਰਮਤੀ ਆਪਿ ਬੁਝਾਵਣਿਆ ॥੧॥ ਰਹਾਉ ॥ ਸਭ ਏਕਾ ਜੋਤਿ ਜਾਣੈ ਜੇ ਕੋਈ ॥ ਸਤਿਗੁਰੁ ਸੇਵਿਐ ਪਰਗਟੁ ਹੋਈ ॥ ਗੁਪਤੁ ਪਰਗਟੁ ਵਰਤੈ ਸਭ ਥਾਈ ਜੋਤੀ ਜੋਤਿ ਮਿਲਾਵਣਿਆ ॥੨॥ ਤਿਸਨਾ ਅਗਨਿ ਜਲੈ ਸੰਸਾਰਾ ॥ ਲੋਭੁ ਅਭਿਮਾਨੁ ਬਹੁਤੁ ਅਹੰਕਾਰਾ ॥ ਮਰਿ ਮਰਿ ਜਨਮੈ ਪਤਿ ਗਵਾਏ ਅਪਣੀ ਬਿਰਥਾ ਜਨਮੁ ਗਵਾਵਣਿਆ ॥੩॥ ਗੁਰ ਕਾ ਸਬਦੁ ਕੋ ਵਿਰਲਾ ਬੂਝੈ ॥ ਆਪੁ ਮਾਰੇ ਤਾ ਤ੍ਰਿਭਵਣੁ ਸੂਝੈ ॥ ਫਿਰਿ ਓਹੁ ਮਰੈ ਨ ਮਰਣਾ ਹੋਵੈ ਸਹਜੇ ਸਚਿ ਸਮਾਵਣਿਆ ॥੪॥ ਮਾਇਆ ਮਹਿ ਫਿਰਿ ਚਿਤੁ ਨ ਲਾਏ ॥ ਗੁਰ ਕੈ ਸਬਦਿ ਸਦ ਰਹੈ ਸਮਾਏ ॥ ਸਚੁ ਸਲਾਹੇ ਸਭ ਘਟ ਅੰਤਰਿ ਸਚੋ ਸਚੁ ਸੁਹਾਵਣਿਆ ॥੫॥ ਸਚੁ ਸਾਲਾਹੀ ਸਦਾ ਹਜੂਰੇ ॥ ਗੁਰ ਕੈ ਸਬਦਿ ਰਹਿਆ ਭਰਪੂਰੇ ॥ ਗੁਰ ਪਰਸਾਦੀ ਸਚੁ ਨਦਰੀ ਆਵੈ ਸਚੇ ਹੀ ਸੁਖੁ ਪਾਵਣਿਆ ॥੬॥ ਸਚੁ ਮਨ ਅੰਦਰਿ ਰਹਿਆ ਸਮਾਇ ॥ ਸਦਾ ਸਚੁ ਨਿਹਚਲੁ ਆਵੈ ਨ ਜਾਇ ॥ ਸਚੇ ਲਾਗੈ ਸੋ ਮਨੁ ਨਿਰਮਲੁ ਗੁਰਮਤੀ ਸਚਿ ਸਮਾਵਣਿਆ ॥੭॥ ਸਚੁ ਸਾਲਾਹੀ ਅਵਰੁ ਨ ਕੋਈ ॥ ਜਿਤੁ ਸੇਵਿਐ ਸਦਾ ਸੁਖੁ

ਹੋਈ ॥ ਨਾਨਕ ਨਾਮਿ ਰਤੇ ਵੀਚਾਰੀ ਸਚੋ ਸਚੁ ਕਮਾਵਣਿਆ ॥੮॥੧੮॥੧੯॥ ਮਾਝ ਮਹਲਾ ੩ ॥ ਨਿਰਮਲ ਸਬਦੁ ਨਿਰਮਲ ਹੈ ਬਾਣੀ ॥ ਨਿਰਮਲ ਜੋਤਿ ਸਭ ਮਾਹਿ ਸਮਾਣੀ ॥ ਨਿਰਮਲ ਬਾਣੀ ਹਰਿ ਸਾਲਾਹੀ ਜਪਿ ਹਰਿ ਨਿਰਮਲੁ ਮੈਲੁ ਗਵਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਸੁਖਦਾਤਾ ਮੰਨਿ ਵਸਾਵਣਿਆ ॥ ਹਰਿ ਨਿਰਮਲੁ ਗੁਰ ਸਬਦਿ ਸਲਾਹੀ ਸਬਦੋ ਸੁਣਿ ਤਿਸਾ ਮਿਟਾਵਣਿਆ ॥੧॥ ਰਹਾਉ ॥ ਨਿਰਮਲ ਨਾਮੁ ਵਸਿਆ ਮਨਿ ਆਏ ॥ ਮਨੁ ਤਨੁ ਨਿਰਮਲੁ ਮਾਇਆ ਮੋਹੁ ਗਵਾਏ ॥ ਨਿਰਮਲ ਗੁਣ ਗਾਵੈ ਨਿਤ ਸਾਚੇ ਕੇ ਨਿਰਮਲ ਨਾਦੁ ਵਜਾਵਣਿਆ ॥੨॥ ਨਿਰਮਲ ਅੰਮ੍ਰਿਤੁ ਗੁਰ ਤੇ ਪਾਇਆ ॥ ਵਿਚਹੁ ਆਪੁ ਮੁਆ ਤਿਥੈ ਮੋਹੁ ਨ ਮਾਇਆ ॥ ਨਿਰਮਲ ਗਿਆਨੁ ਧਿਆਨੁ ਅਤਿ ਨਿਰਮਲੁ ਨਿਰਮਲ ਬਾਣੀ ਮੰਨਿ ਵਸਾਵਣਿਆ ॥੩॥ ਜੋ ਨਿਰਮਲੁ ਸੇਵੇ ਸੁ ਨਿਰਮਲੁ ਹੋਵੈ ॥ ਹਉਮੈ ਮੈਲੁ ਗੁਰ ਸਬਦੇ ਧੋਵੈ ॥ ਨਿਰਮਲ ਵਾਜੈ ਅਨਹਦ ਧੁਨਿ ਬਾਣੀ ਦਰਿ ਸਚੈ ਸੋਭਾ ਪਾਵਣਿਆ ॥੪॥ ਨਿਰਮਲ ਤੇ ਸਭ ਨਿਰਮਲ ਹੋਵੈ ॥ ਨਿਰਮਲੁ ਮਨੂਆ ਹਰਿ ਸਬਦਿ ਪਰੋਵੈ ॥ ਨਿਰਮਲ ਨਾਮਿ ਲਗੇ ਬਡਭਾਗੀ ਨਿਰਮਲੁ ਨਾਮਿ ਸੁਹਾਵਣਿਆ ॥੫॥ ਸੋ ਨਿਰਮਲੁ ਜੋ ਸਬਦੇ ਸੋਹੈ ॥ ਨਿਰਮਲ ਨਾਮਿ ਮਨੁ ਤਨੁ ਮੋਹੈ ॥ ਸਚਿ ਨਾਮਿ ਮਲੁ ਕਦੇ ਨ ਲਾਗੈ ਮੁਖੁ ਊਜਲੁ ਸਚੁ ਕਰਾਵਣਿਆ ॥੬॥ ਮਨੁ ਮੈਲਾ ਹੈ ਦੂਜੈ ਭਾਇ ॥ ਮੈਲਾ ਚਉਕਾ ਮੈਲੈ ਥਾਇ ॥ ਮੈਲਾ ਖਾਇ ਫਿਰਿ ਮੈਲੁ ਵਧਾਏ ਮਨਮੁਖ ਮੈਲੁ ਦੁਖੁ ਪਾਵਣਿਆ ॥੭॥ ਮੈਲੇ ਨਿਰਮਲ ਸਭਿ ਹੁਕਮਿ ਸਬਾਏ ॥ ਸੇ ਨਿਰਮਲ ਜੋ ਹਰਿ ਸਾਚੇ ਭਾਏ ॥ ਨਾਨਕ ਨਾਮੁ ਵਸੈ ਮਨ ਅੰਤਰਿ ਗੁਰਮੁਖਿ ਮੈਲੁ ਚੁਕਾਵਣਿਆ ॥੮॥੧੯॥੨੦॥ ਮਾਝ ਮਹਲਾ ੩ ॥ ਗੋਵਿੰਦੁ ਊਜਲੁ ਊਜਲ ਹੰਸਾ ॥ ਮਨੁ ਬਾਣੀ ਨਿਰਮਲ ਮੇਰੀ ਮਨਸਾ ॥ ਮਨਿ ਊਜਲ ਸਦਾ ਮੁਖ ਸੋਹਹਿ ਅਤਿ ਊਜਲ ਨਾਮੁ ਧਿਆਵਣਿਆ ॥੧॥ ਹਉ ਵਾਰੀ ਜੀਉ ਵਾਰੀ ਗੋਬਿੰਦ ਗੁਣ ਗਾਵਣਿਆ ॥ ਗੋਬਿਦੁ ਗੋਬਿਦੁ ਕਹੈ ਦਿਨ ਰਾਤੀ ਗੋਬਿਦ ਗੁਣ ਸਬਦਿ ਸੁਣਾਵਣਿਆ ॥੧॥ ਰਹਾਉ ॥ ਗੋਬਿਦੁ ਗਾਵਹਿ ਸਹਜਿ ਸੁਭਾਏ ॥ ਗੁਰ ਕੈ ਭੈ ਊਜਲ ਹਉਮੈ ਮਲੁ ਜਾਏ ॥ ਸਦਾ ਅਨੰਦਿ ਰਹਹਿ ਭਗਤਿ ਕਰਹਿ ਦਿਨੁ ਰਾਤੀ ਸੁਣਿ ਗੋਬਿਦ ਗੁਣ ਗਾਵਣਿਆ ॥੨॥ ਮਨੂਆ ਨਾਚੈ ਭਗਤਿ ਦ੍ਰਿੜਾਏ ॥ ਗੁਰ ਕੈ ਸਬਦਿ ਮਨੈ ਮਨੁ ਮਿਲਾਏ ॥ ਸਚਾ ਤਾਲੁ ਪੂਰੇ ਮਾਇਆ ਮੋਹੁ ਚੁਕਾਏ ਸਬਦੇ ਨਿਰਤਿ ਕਰਾਵਣਿਆ ॥੩॥ ਊਚਾ ਕੂਕੇ ਤਨਹਿ ਪਛਾੜੇ ॥ ਮਾਇਆ ਮੋਹਿ

ਜੋਹਿਆ ਜਮਕਾਲੇ ॥ ਮਾਇਆ ਮੋਹੁ ਇਸੁ ਮਨਹਿ ਨਚਾਏ ਅੰਤਰਿ ਕਪਟੁ ਦੁਖੁ ਪਾਵਣਿਆ ॥੪॥ ਗੁਰਮੁਖਿ ਭਗਤਿ ਜਾ ਆਪਿ ਕਰਾਏ ॥ ਤਨੁ ਮਨੁ ਰਾਤਾ ਸਹਜਿ ਸੁਭਾਏ ॥ ਬਾਣੀ ਵਜੈ ਸਬਦਿ ਵਜਾਏ ਗੁਰਮੁਖਿ ਭਗਤਿ ਥਾਇ ਪਾਵਣਿਆ ॥੫॥ ਬਹੁ ਤਾਲ ਪੂਰੇ ਵਾਜੇ ਵਜਾਏ ॥ ਨਾ ਕੋ ਸੁਣੇ ਨ ਮੰਨਿ ਵਸਾਏ ॥ ਮਾਇਆ ਕਾਰਣਿ ਪਿੜ ਬੰਧਿ ਨਾਚੈ ਦੂਜੈ ਭਾਇ ਦੁਖੁ ਪਾਵਣਿਆ ॥੬॥ ਜਿਸੁ ਅੰਤਰਿ ਪ੍ਰੀਤਿ ਲਗੈ ਸੋ ਮੁਕਤਾ ॥ ਇੰਦ੍ਰੀ ਵਸਿ ਸਚ ਸੰਜਮਿ ਜੁਗਤਾ ॥ ਗੁਰ ਕੈ ਸਬਦਿ ਸਦਾ ਹਰਿ ਧਿਆਏ ਏਹਾ ਭਗਤਿ ਹਰਿ ਭਾਵਣਿਆ ॥੭॥ ਗੁਰਮੁਖਿ ਭਗਤਿ ਜੁਗ ਚਾਰੇ ਹੋਈ ॥ ਹੋਰਤੁ ਭਗਤਿ ਨ ਪਾਏ ਕੋਈ ॥ ਨਾਨਕ ਨਾਮੁ ਗੁਰ ਭਗਤੀ ਪਾਈਐ ਗੁਰ ਚਰਣੀ ਚਿਤੁ ਲਾਵਣਿਆ ॥੮॥੨੦॥ ੨੧॥ ਮਾਝ ਮਹਲਾ ੩ ॥ ਸਚਾ ਸੇਵੀ ਸਚੁ ਸਾਲਾਹੀ ॥ ਸਚੈ ਨਾਇ ਦੁਖੁ ਕਬ ਹੀ ਨਾਹੀ ॥ ਸੁਖਦਾਤਾ ਸੇਵਨਿ ਸੁਖੁ ਪਾਇਨਿ ਗੁਰਮਤਿ ਮੰਨਿ ਵਸਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਸੁਖ ਸਹਜਿ ਸਮਾਧਿ ਲਗਾਵਣਿਆ ॥ ਜੋ ਹਰਿ ਸੇਵਹਿ ਸੇ ਸਦਾ ਸੋਹਹਿ ਸੋਭਾ ਸੁਰਤਿ ਸੁਹਾਵਣਿਆ ॥੧॥ ਰਹਾਉ ॥ ਸਭੁ ਕੋ ਤੇਰਾ ਭਗਤੁ ਕਹਾਏ ॥ ਸੇਈ ਭਗਤ ਤੇਰੈ ਮਨਿ ਭਾਏ ॥ ਸਚੁ ਬਾਣੀ ਤੁਧੈ ਸਾਲਾਹਨਿ ਰੰਗਿ ਰਾਤੇ ਭਗਤਿ ਕਰਾਵਣਿਆ ॥੨॥ ਸਭੁ ਕੋ ਸਚੇ ਹਰਿ ਜੀਉ ਤੇਰਾ ॥ ਗੁਰਮੁਖਿ ਮਿਲੈ ਤਾ ਚੂਕੈ ਫੇਰਾ ॥ ਜਾ ਤੁਧੁ ਭਾਵੈ ਤਾ ਨਾਇ ਰਚਾਵਹਿ ਤੂੰ ਆਪੇ ਨਾਉ ਜਪਾਵਣਿਆ ॥੩॥ ਗੁਰਮਤੀ ਹਰਿ ਮੰਨਿ ਵਸਾਇਆ ॥ ਹਰਖੁ ਸੋਗੁ ਸਭੁ ਮੋਹੁ ਗਵਾਇਆ ॥ ਇਕਸੁ ਸਿਉ ਲਿਵ ਲਾਗੀ ਸਦ ਹੀ ਹਰਿ ਨਾਮੁ ਮੰਨਿ ਵਸਾਵਣਿਆ ॥੪॥ ਭਗਤ ਰੰਗਿ ਰਾਤੇ ਸਦਾ ਤੇਰੈ ਚਾਏ ॥ ਨਉ ਨਿਧਿ ਨਾਮੁ ਵਸਿਆ ਮਨਿ ਆਏ ॥ ਪੂਰੈ ਭਾਗਿ ਸਤਿਗੁਰੁ ਪਾਇਆ ਸਬਦੇ ਮੇਲਿ ਮਿਲਾਵਣਿਆ ॥੫॥ ਤੂੰ ਦਇਆਲੁ ਸਦਾ ਸੁਖਦਾਤਾ ॥ ਤੂੰ ਆਪੇ ਮੇਲਿਹਿ ਗੁਰਮੁਖਿ ਜਾਤਾ ॥ ਤੂੰ ਆਪੇ ਦੇਵਹਿ ਨਾਮੁ ਵਡਾਈ ਨਾਮਿ ਰਤੇ ਸੁਖੁ ਪਾਵਣਿਆ ॥੬॥ ਸਦਾ ਸਦਾ ਸਾਚੇ ਤੁਧੁ ਸਾਲਾਹੀ ॥ ਗੁਰਮੁਖਿ ਜਾਤਾ ਦੂਜਾ ਕੋ ਨਾਹੀ ॥ ਏਕਸੁ ਸਿਉ ਮਨੁ ਰਹਿਆ ਸਮਾਏ ਮਨਿ ਮੰਨਿਐ ਮਨਹਿ ਮਿਲਾਵਣਿਆ ॥੭॥ ਗੁਰਮੁਖਿ ਹੋਵੈ ਸੋ ਸਾਲਾਹੇ ॥ ਸਾਚੇ ਠਾਕੁਰ ਵੇਪਰਵਾਹੇ ॥ ਨਾਨਕ ਨਾਮੁ ਵਸੈ ਮਨ ਅੰਤਰਿ ਗੁਰ ਸਬਦੀ ਹਰਿ ਮੇਲਾਵਣਿਆ ॥੮॥੨੧॥੨੨॥ ਮਾਝ ਮਹਲਾ ੩ ॥ ਤੇਰੇ ਭਗਤ ਸੋਹਹਿ ਸਾਚੈ ਦਰਬਾਰੇ ॥ ਗੁਰ ਕੈ ਸਬਦਿ ਨਾਮਿ ਸਵਾਰੇ ॥ ਸਦਾ ਅਨੰਦਿ ਰਹਹਿ ਦਿਨੁ ਰਾਤੀ ਗੁਣ ਕਹਿ ਗੁਣੀ ਸਮਾਵਣਿਆ

॥੧॥ ਹਉ ਵਾਰੀ ਜੀਉ ਵਾਰੀ ਨਾਮੁ ਸੁਣਿ ਮੰਨਿ ਵਸਾਵਣਿਆ ॥ ਹਰਿ ਜੀਉ ਸਚਾ ਊਚੋ ਊਚਾ ਹਉਮੈ ਮਾਰਿ ਮਿਲਾਵਣਿਆ ॥੧॥ ਰਹਾਉ ॥ ਹਰਿ ਜੀਉ ਸਾਚਾ ਸਾਚੀ ਨਾਈ ॥ ਗੁਰ ਪਰਸਾਦੀ ਕਿਸੈ ਮਿਲਾਈ ॥ ਗੁਰ ਸਬਦਿ ਮਿਲਹਿ ਸੇ ਵਿਛੁੜਹਿ ਨਾਹੀ ਸਹਜੇ ਸਚਿ ਸਮਾਵਣਿਆ ॥੨॥ ਤੁਝ ਤੇ ਬਾਹਰਿ ਕਛੂ ਨ ਹੋਇ ॥ ਤੂੰ ਕਰਿ ਕਰਿ ਵੇਖਹਿ ਜਾਣਹਿ ਸੋਇ ॥ ਆਪੇ ਕਰੇ ਕਰਾਏ ਕਰਤਾ ਗੁਰਮਤਿ ਆਪਿ ਮਿਲਾਵਣਿਆ ॥੩॥ ਕਾਮਣਿ ਗੁਣਵੰਤੀ ਹਰਿ ਪਾਏ ॥ ਭੈ ਭਾਇ ਸੀਗਾਰੁ ਬਣਾਏ ॥ ਸਤਿਗੁਰੁ ਸੇਵਿ ਸਦਾ ਸੋਹਾਗਣਿ ਸਚ ਉਪਦੇਸਿ ਸਮਾਵਣਿਆ ॥੪॥ ਸਬਦੁ ਵਿਸਾਰਨਿ ਤਿਨਾ ਠਉਰੁ ਨ ਠਾਉ ॥ ਭ੍ਰਮਿ ਭੂਲੇ ਜਿਉ ਸੁੰਞੈ ਘਰਿ ਕਾਉ ॥ ਹਲਤੁ ਪਲਤੁ ਤਿਨੀ ਦੋਵੈ ਗਵਾਏ ਦੁਖੇ ਦੁਖਿ ਵਿਹਾਵਣਿਆ ॥੫॥ ਲਿਖਦਿਆ ਲਿਖਦਿਆ ਕਾਗਦ ਮਸੁ ਖੋਈ ॥ ਦੂਜੈ ਭਾਇ ਸੁਖੁ ਪਾਏ ਨ ਕੋਈ ॥ ਕੂੜੁ ਲਿਖਹਿ ਤੈ ਕੂੜੁ ਕਮਾਵਹਿ ਜਲਿ ਜਾਵਹਿ ਕੂੜਿ ਚਿਤੁ ਲਾਵਣਿਆ ॥੬॥ ਗੁਰਮੁਖਿ ਸਚੋ ਸਚੁ ਲਿਖਹਿ ਵੀਚਾਰੁ ॥ ਸੇ ਜਨ ਸਚੇ ਪਾਵਹਿ ਮੋਖ ਦੁਆਰੁ ॥ ਸਚੁ ਕਾਗਦੁ ਕਲਮ ਮਸਵਾਣੀ ਸਚੁ ਲਿਖਿ ਸਚਿ ਸਮਾਵਣਿਆ ॥੭॥ ਮੇਰਾ ਪ੍ਰਭੁ ਅੰਤਰਿ ਬੈਠਾ ਵੇਖੈ ॥ ਗੁਰ ਪਰਸਾਦੀ ਮਿਲੈ ਸੋਈ ਜਨੁ ਲੇਖੈ ॥ ਨਾਨਕ ਨਾਮੁ ਮਿਲੈ ਵਡਿਆਈ ਪੂਰੇ ਗੁਰ ਤੇ ਪਾਵਣਿਆ ॥੮॥੨੨॥੨੩॥ ਮਾਝ ਮਹਲਾ ੩ ॥ ਆਤਮ ਰਾਮ ਪਰਗਾਸੁ ਗੁਰ ਤੇ ਹੋਵੈ ॥ ਹਉਮੈ ਮੈਲੁ ਲਾਗੀ ਗੁਰ ਸਬਦੀ ਖੋਵੈ ॥ ਮਨੁ ਨਿਰਮਲੁ ਅਨਦਿਨੁ ਭਗਤੀ ਰਾਤਾ ਭਗਤਿ ਕਰੇ ਹਰਿ ਪਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਆਪਿ ਭਗਤਿ ਕਰਨਿ ਅਵਰਾ ਭਗਤਿ ਕਰਾਵਣਿਆ ॥ ਤਿਨਾ ਭਗਤ ਜਨਾ ਕਉ ਸਦ ਨਮਸਕਾਰੁ ਕੀਜੈ ਜੋ ਅਨਦਿਨੁ ਹਰਿ ਗੁਣ ਗਾਵਣਿਆ ॥੧॥ ਰਹਾਉ ॥ ਆਪੇ ਕਰਤਾ ਕਾਰਣੁ ਕਰਾਏ ॥ ਜਿਤੁ ਭਾਵੈ ਤਿਤੁ ਕਾਰੈ ਲਾਏ ॥ ਪੂਰੈ ਭਾਗਿ ਗੁਰ ਸੇਵਾ ਹੋਵੈ ਗੁਰ ਸੇਵਾ ਤੇ ਸੁਖੁ ਪਾਵਣਿਆ ॥੨॥ ਮਰਿ ਮਰਿ ਜੀਵੈ ਤਾ ਕਿਛੁ ਪਾਏ ॥ ਗੁਰ ਪਰਸਾਦੀ ਹਰਿ ਮੰਨਿ ਵਸਾਏ ॥ ਸਦਾ ਮੁਕਤੁ ਹਰਿ ਮੰਨਿ ਵਸਾਏ ਸਹਜੇ ਸਹਜਿ ਸਮਾਵਣਿਆ ॥੩॥ ਬਹੁ ਕਰਮ ਕਮਾਵੈ ਮੁਕਤਿ ਨ ਪਾਏ ॥ ਦੇਸੰਤਰੁ ਭਵੈ ਦੂਜੈ ਭਾਇ ਖੁਆਏ ॥ ਬਿਰਥਾ ਜਨਮੁ ਗਵਾਇਆ ਕਪਟੀ ਬਿਨੁ ਸਬਦੈ ਦੁਖੁ ਪਾਵਣਿਆ ॥੪॥ ਧਾਵਤੁ ਰਾਖੈ ਠਾਕਿ ਰਹਾਏ ॥ ਗੁਰ ਪਰਸਾਦੀ ਪਰਮ ਪਦੁ ਪਾਏ ॥ ਸਤਿਗੁਰੁ ਆਪੇ ਮੇਲਿ ਮਿਲਾਏ ਮਿਲਿ ਪ੍ਰੀਤਮ ਸੁਖੁ

ਪਾਵਣਿਆ ॥੫॥ ਇਕਿ ਕੂੜਿ ਲਾਗੇ ਕੂੜੇ ਫਲ ਪਾਏ ॥ ਦੂਜੈ ਭਾਇ ਬਿਰਥਾ ਜਨਮੁ ਗਵਾਏ ॥ ਆਪਿ ਡੁਬੇ ਸਗਲੇ
ਕੁਲ ਡੋਬੇ ਕੂੜੁ ਬੋਲਿ ਬਿਖੁ ਖਾਵਣਿਆ ॥੬॥ ਇਸੁ ਤਨ ਮਹਿ ਮਨੁ ਕੋ ਗੁਰਮੁਖਿ ਦੇਖੈ ॥ ਭਾਇ ਭਗਤਿ ਜਾ ਹਉਮੈ
ਸੋਖੈ ॥ ਸਿਧ ਸਾਧਿਕ ਮੋਨਿਧਾਰੀ ਰਹੇ ਲਿਵ ਲਾਇ ਤਿਨ ਭੀ ਤਨ ਮਹਿ ਮਨੁ ਨ ਦਿਖਾਵਣਿਆ ॥੭॥ ਆਪਿ
ਕਰਾਏ ਕਰਤਾ ਸੋਈ ॥ ਹੋਰੁ ਕਿ ਕਰੇ ਕੀਤੈ ਕਿਆ ਹੋਈ ॥ ਨਾਨਕ ਜਿਸੁ ਨਾਮੁ ਦੇਵੈ ਸੋ ਲੇਵੈ ਨਾਮੋ ਮੰਨਿ
ਵਸਾਵਣਿਆ ॥੮॥੨੩॥੨੪॥ ਮਾਝ ਮਹਲਾ ੩ ॥ ਇਸੁ ਗੁਫਾ ਮਹਿ ਅਖੁਟ ਭੰਡਾਰਾ ॥ ਤਿਸੁ ਵਿਚਿ ਵਸੈ ਹਰਿ
ਅਲਖ ਅਪਾਰਾ ॥ ਆਪੇ ਗੁਪਤੁ ਪਰਗਟੁ ਹੈ ਆਪੇ ਗੁਰ ਸਬਦੀ ਆਪੁ ਵੰਞਾਵਣਿਆ ॥੧॥ ਹਉ ਵਾਰੀ ਜੀਉ
ਵਾਰੀ ਅੰਮ੍ਰਿਤ ਨਾਮੁ ਮੰਨਿ ਵਸਾਵਣਿਆ ॥ ਅੰਮ੍ਰਿਤ ਨਾਮੁ ਮਹਾ ਰਸੁ ਮੀਠਾ ਗੁਰਮਤੀ ਅੰਮ੍ਰਿਤੁ ਪੀਆਵਣਿਆ ॥
੧॥ ਰਹਾਉ ॥ ਹਉਮੈ ਮਾਰਿ ਬਜਰ ਕਪਾਟ ਖੁਲਾਇਆ ॥ ਨਾਮੁ ਅਮੋਲਕੁ ਗੁਰ ਪਰਸਾਦੀ ਪਾਇਆ ॥ ਬਿਨੁ ਸਬਦੈ
ਨਾਮੁ ਨ ਪਾਏ ਕੋਈ ਗੁਰ ਕਿਰਪਾ ਮੰਨਿ ਵਸਾਵਣਿਆ ॥੨॥ ਗੁਰ ਗਿਆਨ ਅੰਜਨੁ ਸਚੁ ਨੇਤ੍ਰੀ ਪਾਇਆ ॥ ਅੰਤਰਿ
ਚਾਨਣੁ ਅਗਿਆਨੁ ਅੰਧੇਰੁ ਗਵਾਇਆ ॥ ਜੋਤੀ ਜੋਤਿ ਮਿਲੀ ਮਨੁ ਮਾਨਿਆ ਹਰਿ ਦਰਿ ਸੋਭਾ ਪਾਵਣਿਆ ॥੩॥
ਸਰੀਰਹੁ ਭਾਲਣਿ ਕੋ ਬਾਹਰਿ ਜਾਏ ॥ ਨਾਮੁ ਨ ਲਹੈ ਬਹੁਤੁ ਵੇਗਾਰਿ ਦੁਖੁ ਪਾਏ ॥ ਮਨਮੁਖ ਅੰਧੇ ਸੂਝੈ ਨਾਹੀ ਫਿਰਿ
ਘਿਰਿ ਆਇ ਗੁਰਮੁਖਿ ਵਥੁ ਪਾਵਣਿਆ ॥੪॥ ਗੁਰ ਪਰਸਾਦੀ ਸਚਾ ਹਰਿ ਪਾਏ ॥ ਮਨਿ ਤਨਿ ਵੇਖੈ ਹਉਮੈ ਮੈਲੁ
ਜਾਏ ॥ ਬੈਸਿ ਸੁਥਾਨਿ ਸਦ ਹਰਿ ਗੁਣ ਗਾਵੈ ਸਚੈ ਸਬਦਿ ਸਮਾਵਣਿਆ ॥੫॥ ਨਉ ਦਰ ਠਾਕੇ ਧਾਵਤੁ ਰਹਾਏ ॥
ਦਸਵੈ ਨਿਜ ਘਰਿ ਵਾਸਾ ਪਾਏ ॥ ਓਥੈ ਅਨਹਦ ਸਬਦ ਵਜਹਿ ਦਿਨੁ ਰਾਤੀ ਗੁਰਮਤੀ ਸਬਦੁ ਸੁਣਾਵਣਿਆ ॥
੬॥ ਬਿਨੁ ਸਬਦੈ ਅੰਤਰਿ ਆਨੇਰਾ ॥ ਨ ਵਸਤੁ ਲਹੈ ਨ ਚੂਕੈ ਫੇਰਾ ॥ ਸਤਿਗੁਰ ਹਥਿ ਕੁੰਜੀ ਹੋਰਤੁ ਦਰੁ ਖੁਲੈ
ਨਾਹੀ ਗੁਰੁ ਪੂਰੈ ਭਾਗਿ ਮਿਲਾਵਣਿਆ ॥੭॥ ਗੁਪਤੁ ਪਰਗਟੁ ਤੂੰ ਸਭਨੀ ਥਾਈ ॥ ਗੁਰ ਪਰਸਾਦੀ ਮਿਲਿ ਸੋਝੀ
ਪਾਈ ॥ ਨਾਨਕ ਨਾਮੁ ਸਲਾਹਿ ਸਦਾ ਤੂੰ ਗੁਰਮੁਖਿ ਮੰਨਿ ਵਸਾਵਣਿਆ ॥੮॥੨੪॥੨੫॥ ਮਾਝ ਮਹਲਾ ੩ ॥
ਗੁਰਮੁਖਿ ਮਿਲੈ ਮਿਲਾਏ ਆਪੇ ॥ ਕਾਲੁ ਨ ਜੋਹੈ ਦੁਖੁ ਨ ਸੰਤਾਪੇ ॥ ਹਉਮੈ ਮਾਰਿ ਬੰਧਨ ਸਭ ਤੋੜੈ ਗੁਰਮੁਖਿ
ਸਬਦਿ ਸੁਹਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਹਰਿ ਹਰਿ ਨਾਮਿ ਸੁਹਾਵਣਿਆ ॥ ਗੁਰਮੁਖਿ ਗਾਵੈ ਗੁਰਮੁਖਿ

ਨਾਚੈ ਹਰਿ ਸੇਤੀ ਚਿਤੁ ਲਾਵਣਿਆ ॥੧॥ ਰਹਾਉ ॥ ਗੁਰਮੁਖਿ ਜੀਵੈ ਮਰੈ ਪਰਵਾਣੁ ॥ ਆਰਜਾ ਨ ਛੀਜੈ ਸਬਦੁ ਪਛਾਣੁ ॥ ਗੁਰਮੁਖਿ ਮਰੈ ਨ ਕਾਲੁ ਨ ਖਾਏ ਗੁਰਮੁਖਿ ਸਚਿ ਸਮਾਵਣਿਆ ॥੨॥ ਗੁਰਮੁਖਿ ਹਰਿ ਦਰਿ ਸੋਭਾ ਪਾਏ ॥ ਗੁਰਮੁਖਿ ਵਿਚਹੁ ਆਪੁ ਗਵਾਏ ॥ ਆਪਿ ਤਰੈ ਕੁਲ ਸਗਲੇ ਤਾਰੇ ਗੁਰਮੁਖਿ ਜਨਮੁ ਸਵਾਰਣਿਆ ॥੩॥ ਗੁਰਮੁਖਿ ਦੁਖੁ ਕਦੇ ਨ ਲਗੈ ਸਰੀਰਿ ॥ ਗੁਰਮੁਖਿ ਹਉਮੈ ਚੂਕੈ ਪੀਰ ॥ ਗੁਰਮੁਖਿ ਮਨੁ ਨਿਰਮਲੁ ਫਿਰਿ ਮੈਲੁ ਨ ਲਾਗੈ ਗੁਰਮੁਖਿ ਸਹਜਿ ਸਮਾਵਣਿਆ ॥੪॥ ਗੁਰਮੁਖਿ ਨਾਮੁ ਮਿਲੈ ਵਡਿਆਈ ॥ ਗੁਰਮੁਖਿ ਗੁਣ ਗਾਵੈ ਸੋਭਾ ਪਾਈ ॥ ਸਦਾ ਅਨੰਦਿ ਰਹੈ ਦਿਨੁ ਰਾਤੀ ਗੁਰਮੁਖਿ ਸਬਦੁ ਕਰਾਵਣਿਆ ॥੫॥ ਗੁਰਮੁਖਿ ਅਨਦਿਨੁ ਸਬਦੇ ਰਾਤਾ ॥ ਗੁਰਮੁਖਿ ਜੁਗ ਚਾਰੇ ਹੈ ਜਾਤਾ ॥ ਗੁਰਮੁਖਿ ਗੁਣ ਗਾਵੈ ਸਦਾ ਨਿਰਮਲੁ ਸਬਦੇ ਭਗਤਿ ਕਰਾਵਣਿਆ ॥੬॥ ਬਾਝੁ ਗੁਰੂ ਹੈ ਅੰਧ ਅੰਧਾਰਾ ॥ ਜਮਕਾਲਿ ਗਰਠੇ ਕਰਹਿ ਪੁਕਾਰਾ ॥ ਅਨਦਿਨੁ ਰੋਗੀ ਬਿਸਟਾ ਕੇ ਕੀੜੇ ਬਿਸਟਾ ਮਹਿ ਦੁਖੁ ਪਾਵਣਿਆ ॥੭॥ ਗੁਰਮੁਖਿ ਆਪੇ ਕਰੇ ਕਰਾਏ ॥ ਗੁਰਮੁਖਿ ਹਿਰਦੈ ਵੁਠਾ ਆਪਿ ਆਏ ॥ ਨਾਨਕ ਨਾਮਿ ਮਿਲੈ ਵਡਿਆਈ ਪੂਰੇ ਗੁਰ ਤੇ ਪਾਵਣਿਆ ॥੮॥੨੫॥੨੬॥ ਮਾਝ ਮਹਲਾ ੩ ॥ ਏਕਾ ਜੋਤਿ ਜੋਤਿ ਹੈ ਸਰੀਰਾ ॥ ਸਬਦਿ ਦਿਖਾਏ ਸਤਿਗੁਰੁ ਪੂਰਾ ॥ ਆਪੇ ਫਰਕੁ ਕੀਤੋਨੁ ਘਟ ਅੰਤਰਿ ਆਪੇ ਬਣਤ ਬਣਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਹਰਿ ਸਚੇ ਕੇ ਗੁਣ ਗਾਵਣਿਆ ॥ ਬਾਝੁ ਗੁਰੂ ਕੋ ਸਹਜੁ ਨ ਪਾਏ ਗੁਰਮੁਖਿ ਸਹਜਿ ਸਮਾਵਣਿਆ ॥੧॥ ਰਹਾਉ ॥ ਤੂੰ ਆਪੇ ਸੋਹਹਿ ਆਪੇ ਜਗੁ ਮੋਹਹਿ ॥ ਤੂੰ ਆਪੇ ਨਦਰੀ ਜਗਤੁ ਪਰੋਵਹਿ ॥ ਤੂੰ ਆਪੇ ਦੁਖੁ ਸੁਖੁ ਦੇਵਹਿ ਕਰਤੇ ਗੁਰਮੁਖਿ ਹਰਿ ਦੇਖਾਵਣਿਆ ॥੨॥ ਆਪੇ ਕਰਤਾ ਕਰੇ ਕਰਾਏ ॥ ਆਪੇ ਸਬਦੁ ਗੁਰ ਮੰਨਿ ਵਸਾਏ ॥ ਸਬਦੇ ਉਪਜੈ ਅੰਮ੍ਰਿਤ ਬਾਣੀ ਗੁਰਮੁਖਿ ਆਖਿ ਸੁਣਾਵਣਿਆ ॥੩॥ ਆਪੇ ਕਰਤਾ ਆਪੇ ਭੁਗਤਾ ॥ ਬੰਧਨ ਤੋੜੇ ਸਦਾ ਹੈ ਮੁਕਤਾ ॥ ਸਦਾ ਮੁਕਤੁ ਆਪੇ ਹੈ ਸਚਾ ਆਪੇ ਅਲਖੁ ਲਖਾਵਣਿਆ ॥੪॥ ਆਪੇ ਮਾਇਆ ਆਪੇ ਛਾਇਆ ॥ ਆਪੇ ਮੋਹੁ ਸਭੁ ਜਗਤੁ ਉਪਾਇਆ ॥ ਆਪੇ ਗੁਣਦਾਤਾ ਗੁਣ ਗਾਵੈ ਆਪੇ ਆਖਿ ਸੁਣਾਵਣਿਆ ॥੫॥ ਆਪੇ ਕਰੇ ਕਰਾਏ ਆਪੇ ॥ ਆਪੇ ਥਾਪਿ ਉਥਾਪੇ ਆਪੇ ॥ ਤੁਝ ਤੇ ਬਾਹਰਿ ਕਛੂ ਨ ਹੋਵੈ ਤੂੰ ਆਪੇ ਕਾਰੈ ਲਾਵਣਿਆ ॥੬॥ ਆਪੇ ਮਾਰੇ ਆਪਿ ਜੀਵਾਏ ॥ ਆਪੇ ਮੇਲੇ ਮੇਲਿ ਮਿਲਾਏ ॥ ਸੇਵਾ ਤੇ ਸਦਾ ਸੁਖੁ ਪਾਇਆ ਗੁਰਮੁਖਿ ਸਹਜਿ

ਸਮਾਵਣਿਆ ॥੭॥ ਆਪੇ ਊਚਾ ਊਚੋ ਹੋਈ ॥ ਜਿਸੁ ਆਪਿ ਵਿਖਾਲੇ ਸੁ ਵੇਖੈ ਕੋਈ ॥ ਨਾਨਕ ਨਾਮੁ ਵਸੈ ਘਟ ਅੰਤਰਿ ਆਪੇ ਵੇਖਿ ਵਿਖਾਲਣਿਆ ॥੮॥੨੬॥੨੭॥ ਮਾਝ ਮਹਲਾ ੩ ॥ ਮੇਰਾ ਪ੍ਰਭੁ ਭਰਪੂਰਿ ਰਹਿਆ ਸਭ ਥਾਈ ॥ ਗੁਰ ਪਰਸਾਦੀ ਘਰ ਹੀ ਮਹਿ ਪਾਈ ॥ ਸਦਾ ਸਰੇਵੀ ਇਕ ਮਨਿ ਧਿਆਈ ਗੁਰਮੁਖਿ ਸਚਿ ਸਮਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਜਗਜੀਵਨੁ ਮੰਨਿ ਵਸਾਵਣਿਆ ॥ ਹਰਿ ਜਗਜੀਵਨੁ ਨਿਰਭਉ ਦਾਤਾ ਗੁਰਮਤਿ ਸਹਜਿ ਸਮਾਵਣਿਆ ॥੧॥ ਰਹਾਉ ॥ ਘਰ ਮਹਿ ਧਰਤੀ ਧਉਲੁ ਪਾਤਾਲਾ ॥ ਘਰ ਹੀ ਮਹਿ ਪ੍ਰੀਤਮੁ ਸਦਾ ਹੈ ਬਾਲਾ ॥ ਸਦਾ ਅਨੰਦਿ ਰਹੈ ਸੁਖਦਾਤਾ ਗੁਰਮਤਿ ਸਹਜਿ ਸਮਾਵਣਿਆ ॥੨॥ ਕਾਇਆ ਅੰਦਰਿ ਹਉਮੈ ਮੇਰਾ ॥ ਜੰਮਣ ਮਰਣੁ ਨ ਚੂਕੈ ਫੇਰਾ ॥ ਗੁਰਮੁਖਿ ਹੋਵੈ ਸੁ ਹਉਮੈ ਮਾਰੇ ਸਚੋ ਸਚੁ ਧਿਆਵਣਿਆ ॥੩॥ ਕਾਇਆ ਅੰਦਰਿ ਪਾਪੁ ਪੁੰਨੁ ਦੁਇ ਭਾਈ ॥ ਦੁਹੀ ਮਿਲਿ ਕੈ ਸ੍ਰਿਸਟਿ ਉਪਾਈ ॥ ਦੋਵੈ ਮਾਰਿ ਜਾਇ ਇਕਤੁ ਘਰਿ ਆਵੈ ਗੁਰਮਤਿ ਸਹਜਿ ਸਮਾਵਣਿਆ ॥੪॥ ਘਰ ਹੀ ਮਾਹਿ ਦੂਜੈ ਭਾਇ ਅਨੇਰਾ ॥ ਚਾਨਣੁ ਹੋਵੈ ਛੋਡੈ ਹਉਮੈ ਮੇਰਾ ॥ ਪਰਗਟੁ ਸਬਦੁ ਹੈ ਸੁਖਦਾਤਾ ਅਨਦਿਨੁ ਨਾਮੁ ਧਿਆਵਣਿਆ ॥੫॥ ਅੰਤਰਿ ਜੋਤਿ ਪਰਗਟੁ ਪਾਸਾਰਾ ॥ ਗੁਰ ਸਾਖੀ ਮਿਟਿਆ ਅੰਧਿਆਰਾ ॥ ਕਮਲੁ ਬਿਗਾਸਿ ਸਦਾ ਸੁਖੁ ਪਾਇਆ ਜੋਤੀ ਜੋਤਿ ਮਿਲਾਵਣਿਆ ॥੬॥ ਅੰਦਰਿ ਮਹਲ ਰਤਨੀ ਭਰੇ ਭੰਡਾਰਾ ॥ ਗੁਰਮੁਖਿ ਪਾਏ ਨਾਮੁ ਅਪਾਰਾ ॥ ਗੁਰਮੁਖਿ ਵਣਜੇ ਸਦਾ ਵਾਪਾਰੀ ਲਾਹਾ ਨਾਮੁ ਸਦ ਪਾਵਣਿਆ ॥੭॥ ਆਪੇ ਵਥੁ ਰਾਖੈ ਆਪੇ ਦੇਇ ॥ ਗੁਰਮੁਖਿ ਵਣਜਹਿ ਕੇਈ ਕੇਇ ॥ ਨਾਨਕ ਜਿਸੁ ਨਦਰਿ ਕਰੇ ਸੋ ਪਾਏ ਕਰਿ ਕਿਰਪਾ ਮੰਨਿ ਵਸਾਵਣਿਆ ॥੮॥੨੭॥੨੮॥ ਮਾਝ ਮਹਲਾ ੩ ॥ ਹਰਿ ਆਪੇ ਮੇਲੇ ਸੇਵ ਕਰਾਏ ॥ ਗੁਰ ਕੈ ਸਬਦਿ ਭਾਉ ਦੂਜਾ ਜਾਏ ॥ ਹਰਿ ਨਿਰਮਲੁ ਸਦਾ ਗੁਣਦਾਤਾ ਹਰਿ ਗੁਣ ਮਹਿ ਆਪਿ ਸਮਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਸਚੁ ਸਚਾ ਹਿਰਦੈ ਵਸਾਵਣਿਆ ॥ ਸਚਾ ਨਾਮੁ ਸਦਾ ਹੈ ਨਿਰਮਲੁ ਗੁਰ ਸਬਦੀ ਮੰਨਿ ਵਸਾਵਣਿਆ ॥੧॥ ਰਹਾਉ ॥ ਆਪੇ ਗੁਰੁ ਦਾਤਾ ਕਰਮਿ ਬਿਧਾਤਾ ॥ ਸੇਵਕ ਸੇਵਹਿ ਗੁਰਮੁਖਿ ਹਰਿ ਜਾਤਾ ॥ ਅੰਮ੍ਰਿਤ ਨਾਮਿ ਸਦਾ ਜਨ ਸੋਹਹਿ ਗੁਰਮਤਿ ਹਰਿ ਰਸੁ ਪਾਵਣਿਆ ॥੨॥ ਇਸੁ ਗੁਫਾ ਮਹਿ ਇਕੁ ਥਾਨੁ ਸੁਹਾਇਆ ॥ ਪੂਰੈ ਗੁਰਿ ਹਉਮੈ ਭਰਮੁ ਚੁਕਾਇਆ ॥ ਅਨਦਿਨੁ ਨਾਮੁ ਸਲਾਹਨਿ ਰੰਗਿ ਰਾਤੇ ਗੁਰ ਕਿਰਪਾ ਤੇ ਪਾਵਣਿਆ ॥੩॥

ਗੁਰ ਕੈ ਸਬਦਿ ਇਹੁ ਗੁਫਾ ਵੀਚਾਰੇ ॥ ਨਾਮੁ ਨਿਰੰਜਨੁ ਅੰਤਰਿ ਵਸੈ ਮੁਰਾਰੇ ॥ ਹਰਿ ਗੁਣ ਗਾਵੈ ਸਬਦਿ ਸੁਹਾਏ ਮਿਲਿ ਪ੍ਰੀਤਮ ਸੁਖੁ ਪਾਵਣਿਆ ॥੪॥ ਜਮੁ ਜਾਗਾਤੀ ਦੂਜੈ ਭਾਇ ਕਰੁ ਲਾਏ ॥ ਨਾਵਹੁ ਭੂਲੇ ਦੇਇ ਸਜਾਏ ॥ ਘੜੀ ਮੁਹਤ ਕਾ ਲੇਖਾ ਲੇਵੈ ਰਤੀਅਹੁ ਮਾਸਾ ਤੋਲ ਕਢਾਵਣਿਆ ॥੫॥ ਪੇਈਅੜੈ ਪਿਰੁ ਚੇਤੇ ਨਾਹੀ ॥ ਦੂਜੈ ਮੁਠੀ ਰੋਵੈ ਧਾਹੀ ॥ ਖਰੀ ਕੁਆਲਿਓ ਕੁਰੂਪਿ ਕੁਲਖਣੀ ਸੁਪਨੈ ਪਿਰੁ ਨਹੀ ਪਾਵਣਿਆ ॥੬॥ ਪੇਈਅੜੈ ਪਿਰੁ ਮੰਨਿ ਵਸਾਇਆ ॥ ਪੂਰੈ ਗੁਰਿ ਹਦੂਰਿ ਦਿਖਾਇਆ ॥ ਕਾਮਣਿ ਪਿਰੁ ਰਾਖਿਆ ਕੰਠਿ ਲਾਇ ਸਬਦੇ ਪਿਰੁ ਰਾਵੈ ਸੇਜ ਸੁਹਾਵਣਿਆ ॥੭॥ ਆਪੇ ਦੇਵੈ ਸਦਿ ਬੁਲਾਏ ॥ ਆਪਣਾ ਨਾਉ ਮੰਨਿ ਵਸਾਏ ॥ ਨਾਨਕ ਨਾਮੁ ਮਿਲੈ ਵਡਿਆਈ ਅਨਦਿਨੁ ਸਦਾ ਗੁਣ ਗਾਵਣਿਆ ॥੮॥੨੮॥੨੯॥ ਮਾਝ ਮਹਲਾ ੩ ॥ ਊਤਮ ਜਨਮੁ ਸੁਥਾਨਿ ਹੈ ਵਾਸਾ ॥ ਸਤਿਗੁਰੁ ਸੇਵਹਿ ਘਰ ਮਾਹਿ ਉਦਾਸਾ ॥ ਹਰਿ ਰੰਗਿ ਰਹਹਿ ਸਦਾ ਰੰਗਿ ਰਾਤੇ ਹਰਿ ਰਸਿ ਮਨੁ ਤ੍ਰਿਪਤਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਪੜਿ ਬੁਝਿ ਮੰਨਿ ਵਸਾਵਣਿਆ ॥ ਗੁਰਮੁਖਿ ਪੜਹਿ ਹਰਿ ਨਾਮੁ ਸਲਾਹਹਿ ਦਰਿ ਸਚੈ ਸੋਭਾ ਪਾਵਣਿਆ ॥੧॥ ਰਹਾਉ ॥ ਅਲਖ ਅਭੇਉ ਹਰਿ ਰਹਿਆ ਸਮਾਏ ॥ ਉਪਾਇ ਨ ਕਿਤੀ ਪਾਇਆ ਜਾਏ ॥ ਕਿਰਪਾ ਕਰੇ ਤਾ ਸਤਿਗੁਰੁ ਭੇਟੈ ਨਦਰੀ ਮੇਲਿ ਮਿਲਾਵਣਿਆ ॥੨॥ ਦੂਜੈ ਭਾਇ ਪੜੈ ਨਹੀ ਬੂਝੈ ॥ ਤ੍ਰਿਬਿਧਿ ਮਾਇਆ ਕਾਰਣਿ ਲੂਝੈ ॥ ਤ੍ਰਿਬਿਧਿ ਬੰਧਨ ਤੂਟਹਿ ਗੁਰ ਸਬਦੀ ਗੁਰ ਸਬਦੀ ਮੁਕਤਿ ਕਰਾਵਣਿਆ ॥੩॥ ਇਹੁ ਮਨੁ ਚੰਚਲੁ ਵਸਿ ਨ ਆਵੈ ॥ ਦੁਬਿਧਾ ਲਾਗੈ ਦਹ ਦਿਸਿ ਧਾਵੈ ॥ ਬਿਖੁ ਕਾ ਕੀੜਾ ਬਿਖੁ ਮਹਿ ਰਾਤਾ ਬਿਖੁ ਹੀ ਮਾਹਿ ਪਚਾਵਣਿਆ ॥੪॥ ਹਉ ਹਉ ਕਰੇ ਤੈ ਆਪੁ ਜਣਾਏ ॥ ਬਹੁ ਕਰਮ ਕਰੈ ਕਿਛੁ ਥਾਇ ਨ ਪਾਏ ॥ ਤੁਝ ਤੇ ਬਾਹਰਿ ਕਿਛੂ ਨ ਹੋਵੈ ਬਖਸੇ ਸਬਦਿ ਸੁਹਾਵਣਿਆ ॥੫॥ ਉਪਜੈ ਪਚੈ ਹਰਿ ਬੂਝੈ ਨਾਹੀ ॥ ਅਨਦਿਨੁ ਦੂਜੈ ਭਾਇ ਫਿਰਾਹੀ ॥ ਮਨਮੁਖ ਜਨਮੁ ਗਇਆ ਹੈ ਬਿਰਥਾ ਅੰਤਿ ਗਇਆ ਪਛੁਤਾਵਣਿਆ ॥੬॥ ਪਿਰੁ ਪਰਦੇਸਿ ਸਿਗਾਰੁ ਬਣਾਏ ॥ ਮਨਮੁਖ ਅੰਧੁ ਐਸੇ ਕਰਮ ਕਮਾਏ ॥ ਹਲਤਿ ਨ ਸੋਭਾ ਪਲਤਿ ਨ ਢੋਈ ਬਿਰਥਾ ਜਨਮੁ ਗਵਾਵਣਿਆ ॥੭॥ ਹਰਿ ਕਾ ਨਾਮੁ ਕਿਨੈ ਵਿਰਲੈ ਜਾਤਾ ॥ ਪੂਰੇ ਗੁਰ ਕੈ ਸਬਦਿ ਪਛਾਤਾ ॥ ਅਨਦਿਨੁ ਭਗਤਿ ਕਰੇ ਦਿਨੁ ਰਾਤੀ ਸਹਜੇ ਹੀ ਸੁਖੁ ਪਾਵਣਿਆ ॥੮॥ ਸਭ ਮਹਿ ਵਰਤੈ ਏਕੋ ਸੋਈ ॥ ਗੁਰਮੁਖਿ ਵਿਰਲਾ ਬੂਝੈ ਕੋਈ ॥ ਨਾਨਕ ਨਾਮਿ ਰਤੇ ਜਨ ਸੋਹਹਿ ਕਰਿ

ਕਿਰਪਾ ਆਪਿ ਮਿਲਾਵਣਿਆ ॥੮॥੨੯॥੩੦॥ ਮਾਝ ਮਹਲਾ ੩ ॥ ਮਨਮੁਖ ਪੜਹਿ ਪੰਡਿਤ ਕਹਾਵਹਿ ॥ ਦੂਜੈ ਭਾਇ ਮਹਾ ਦੁਖੁ ਪਾਵਹਿ ॥ ਬਿਖਿਆ ਮਾਤੇ ਕਿਛੁ ਸੂਝੈ ਨਾਹੀ ਫਿਰਿ ਫਿਰਿ ਜੂਨੀ ਆਵਣਿਆ ॥੧॥ ਹਉ ਵਾਰੀ ਜੀਉ ਵਾਰੀ ਹਉਮੈ ਮਾਰਿ ਮਿਲਾਵਣਿਆ ॥ ਗੁਰ ਸੇਵਾ ਤੇ ਹਰਿ ਮਨਿ ਵਸਿਆ ਹਰਿ ਰਸੁ ਸਹਜਿ ਪੀਆਵਣਿਆ ॥੧॥ ਰਹਾਉ ॥ ਵੇਦੁ ਪੜਹਿ ਹਰਿ ਰਸੁ ਨਹੀ ਆਇਆ ॥ ਵਾਦੁ ਵਖਾਣਹਿ ਮੋਹੇ ਮਾਇਆ ॥ ਅਗਿਆਨਮਤੀ ਸਦਾ ਅੰਧਿਆਰਾ ਗੁਰਮੁਖਿ ਬੂਝਿ ਹਰਿ ਗਾਵਣਿਆ ॥੨॥ ਅਕਥੋ ਕਥੀਐ ਸਬਦਿ ਸੁਹਾਵੈ ॥ ਗੁਰਮਤੀ ਮਨਿ ਸਚੋ ਭਾਵੈ ॥ ਸਚੋ ਸਚੁ ਰਵਹਿ ਦਿਨੁ ਰਾਤੀ ਇਹੁ ਮਨੁ ਸਚਿ ਰੰਗਾਵਣਿਆ ॥੩॥ ਜੋ ਸਚਿ ਰਤੇ ਤਿਨ ਸਚੋ ਭਾਵੈ ॥ ਆਪੇ ਦੇਇ ਨ ਪਛੋਤਾਵੈ ॥ ਗੁਰ ਕੈ ਸਬਦਿ ਸਦਾ ਸਚੁ ਜਾਤਾ ਮਿਲਿ ਸਚੇ ਸੁਖੁ ਪਾਵਣਿਆ ॥੪॥ ਕੂੜੁ ਕੁਸਤੁ ਤਿਨਾ ਮੈਲੁ ਨ ਲਾਗੈ ॥ ਗੁਰ ਪਰਸਾਦੀ ਅਨਦਿਨੁ ਜਾਗੈ ॥ ਨਿਰਮਲ ਨਾਮੁ ਵਸੈ ਘਟ ਭੀਤਰਿ ਜੋਤੀ ਜੋਤਿ ਮਿਲਾਵਣਿਆ ॥੫॥ ਤ੍ਰੈ ਗੁਣ ਪੜਹਿ ਹਰਿ ਤਤੁ ਨ ਜਾਣਹਿ ॥ ਮੂਲਹੁ ਭੁਲੇ ਗੁਰ ਸਬਦੁ ਨ ਪਛਾਣਹਿ ॥ ਮੋਹ ਬਿਆਪੇ ਕਿਛੁ ਸੂਝੈ ਨਾਹੀ ਗੁਰ ਸਬਦੀ ਹਰਿ ਪਾਵਣਿਆ ॥੬॥ ਵੇਦੁ ਪੁਕਾਰੈ ਤ੍ਰਿਬਿਧਿ ਮਾਇਆ ॥ ਮਨਮੁਖ ਨ ਬੂਝਹਿ ਦੂਜੈ ਭਾਇਆ ॥ ਤ੍ਰੈ ਗੁਣ ਪੜਹਿ ਹਰਿ ਏਕੁ ਨ ਜਾਣਹਿ ਬਿਨੁ ਬੂਝੇ ਦੁਖੁ ਪਾਵਣਿਆ ॥੭॥ ਜਾ ਤਿਸੁ ਭਾਵੈ ਤਾ ਆਪਿ ਮਿਲਾਏ ॥ ਗੁਰ ਸਬਦੀ ਸਹਸਾ ਦੂਖੁ ਚੁਕਾਏ ॥ ਨਾਨਕ ਨਾਵੈ ਕੀ ਸਚੀ ਵਡਿਆਈ ਨਾਮੋ ਮੰਨਿ ਸੁਖੁ ਪਾਵਣਿਆ ॥੮॥੩੦॥੩੧॥ ਮਾਝ ਮਹਲਾ ੩ ॥ ਨਿਰਗੁਣੁ ਸਰਗੁਣੁ ਆਪੇ ਸੋਈ ॥ ਤਤੁ ਪਛਾਣੈ ਸੋ ਪੰਡਿਤੁ ਹੋਈ ॥ ਆਪਿ ਤਰੈ ਸਗਲੇ ਕੁਲ ਤਾਰੈ ਹਰਿ ਨਾਮੁ ਮੰਨਿ ਵਸਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਹਰਿ ਰਸੁ ਚਖਿ ਸਾਦੁ ਪਾਵਣਿਆ ॥ ਹਰਿ ਰਸੁ ਚਾਖਹਿ ਸੇ ਜਨ ਨਿਰਮਲ ਨਿਰਮਲ ਨਾਮੁ ਧਿਆਵਣਿਆ ॥੧॥ ਰਹਾਉ ॥ ਸੋ ਨਿਹਕਰਮੀ ਜੋ ਸਬਦੁ ਬੀਚਾਰੇ ॥ ਅੰਤਰਿ ਤਤੁ ਗਿਆਨਿ ਹਉਮੈ ਮਾਰੇ ॥ ਨਾਮੁ ਪਦਾਰਥੁ ਨਉ ਨਿਧਿ ਪਾਏ ਤ੍ਰੈ ਗੁਣ ਮੇਟਿ ਸਮਾਵਣਿਆ ॥੨॥ ਹਉਮੈ ਕਰੈ ਨਿਹਕਰਮੀ ਨ ਹੋਵੈ ॥ ਗੁਰ ਪਰਸਾਦੀ ਹਉਮੈ ਖੋਵੈ ॥ ਅੰਤਰਿ ਬਿਬੇਕੁ ਸਦਾ ਆਪੁ ਵੀਚਾਰੇ ਗੁਰ ਸਬਦੀ ਗੁਣ ਗਾਵਣਿਆ ॥੩॥ ਹਰਿ ਸਰੁ ਸਾਗਰੁ ਨਿਰਮਲੁ ਸੋਈ ॥ ਸੰਤ ਚੁਗਹਿ ਨਿਤ ਗੁਰਮੁਖਿ ਹੋਈ ॥ ਇਸਨਾਨੁ ਕਰਹਿ ਸਦਾ ਦਿਨੁ ਰਾਤੀ ਹਉਮੈ ਮੈਲੁ ਚੁਕਾਵਣਿਆ ॥੪॥ ਨਿਰਮਲ ਹੰਸਾ ਪ੍ਰੇਮ ਪਿਆਰਿ ॥ ਹਰਿ ਸਰਿ ਵਸੈ ਹਉਮੈ

ਮਾਰਿ ॥ ਅਹਿਨਿਸਿ ਪ੍ਰੀਤਿ ਸਬਦਿ ਸਾਚੈ ਹਰਿ ਸਰਿ ਵਾਸਾ ਪਾਵਣਿਆ ॥੫॥ ਮਨਮੁਖੁ ਸਦਾ ਬਗੁ ਮੈਲਾ ਹਉਮੈ ਮਲੁ ਲਾਈ ॥ ਇਸਨਾਨੁ ਕਰੈ ਪਰੁ ਮੈਲੁ ਨ ਜਾਈ ॥ ਜੀਵਤੁ ਮਰੈ ਗੁਰ ਸਬਦੁ ਬੀਚਾਰੈ ਹਉਮੈ ਮੈਲੁ ਚੁਕਾਵਣਿਆ ॥੬॥ ਰਤਨੁ ਪਦਾਰਥੁ ਘਰ ਤੇ ਪਾਇਆ ॥ ਪੂਰੈ ਸਤਿਗੁਰਿ ਸਬਦੁ ਸੁਣਾਇਆ ॥ ਗੁਰ ਪਰਸਾਦਿ ਮਿਟਿਆ ਅੰਧਿਆਰਾ ਘਟਿ ਚਾਨਣੁ ਆਪੁ ਪਛਾਨਣਿਆ ॥੭॥ ਆਪਿ ਉਪਾਏ ਤੈ ਆਪੇ ਵੇਖੈ ॥ ਸਤਿਗੁਰੁ ਸੇਵੈ ਸੋ ਜਨੁ ਲੇਖੈ ॥ ਨਾਨਕ ਨਾਮੁ ਵਸੈ ਘਟ ਅੰਤਰਿ ਗੁਰ ਕਿਰਪਾ ਤੇ ਪਾਵਣਿਆ ॥੮॥੩੧॥੩੨॥ ਮਾਝ ਮਹਲਾ ੩ ॥ ਮਾਇਆ ਮੋਹੁ ਜਗਤੁ ਸਬਾਇਆ ॥ ਤ੍ਰੈ ਗੁਣ ਦੀਸਹਿ ਮੋਹੇ ਮਾਇਆ ॥ ਗੁਰ ਪਰਸਾਦੀ ਕੋ ਵਿਰਲਾ ਬੂਝੈ ਚਉਥੈ ਪਦਿ ਲਿਵ ਲਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਮਾਇਆ ਮੋਹੁ ਸਬਦਿ ਜਲਾਵਣਿਆ ॥ ਮਾਇਆ ਮੋਹੁ ਜਲਾਏ ਸੋ ਹਰਿ ਸਿਉ ਚਿਤੁ ਲਾਏ ਹਰਿ ਦਰਿ ਮਹਲੀ ਸੋਭਾ ਪਾਵਣਿਆ ॥੧॥ ਰਹਾਉ ॥ ਦੇਵੀ ਦੇਵਾ ਮੂਲੁ ਹੈ ਮਾਇਆ ॥ ਸਿੰਮ੍ਰਿਤਿ ਸਾਸਤ ਜਿੰਨਿ ਉਪਾਇਆ ॥ ਕਾਮੁ ਕ੍ਰੋਧੁ ਪਸਰਿਆ ਸੰਸਾਰੇ ਆਇ ਜਾਇ ਦੁਖੁ ਪਾਵਣਿਆ ॥੨॥ ਤਿਸੁ ਵਿਚਿ ਗਿਆਨ ਰਤਨੁ ਇਕੁ ਪਾਇਆ ॥ ਗੁਰ ਪਰਸਾਦੀ ਮੰਨਿ ਵਸਾਇਆ ॥ ਜਤੁ ਸਤੁ ਸੰਜਮੁ ਸਚੁ ਕਮਾਵੈ ਗੁਰਿ ਪੂਰੈ ਨਾਮੁ ਧਿਆਵਣਿਆ ॥੩॥ ਪੇਈਅੜੈ ਧਨ ਭਰਮਿ ਭੁਲਾਣੀ ॥ ਦੂਜੈ ਲਾਗੀ ਫਿਰਿ ਪਛੋਤਾਣੀ ॥ ਹਲਤੁ ਪਲਤੁ ਦੋਵੈ ਗਵਾਏ ਸੁਪਨੈ ਸੁਖੁ ਨ ਪਾਵਣਿਆ ॥੪॥ ਪੇਈਅੜੈ ਧਨ ਕੰਤੁ ਸਮਾਲੇ ॥ ਗੁਰ ਪਰਸਾਦੀ ਵੇਖੈ ਨਾਲੇ ॥ ਪਿਰ ਕੈ ਸਹਜਿ ਰਹੈ ਰੰਗਿ ਰਾਤੀ ਸਬਦਿ ਸਿੰਗਾਰੁ ਬਣਾਵਣਿਆ ॥੫॥ ਸਫਲੁ ਜਨਮੁ ਜਿਨਾ ਸਤਿਗੁਰੁ ਪਾਇਆ ॥ ਦੂਜਾ ਭਾਉ ਗੁਰ ਸਬਦਿ ਜਲਾਇਆ ॥ ਏਕੋ ਰਵਿ ਰਹਿਆ ਘਟ ਅੰਤਰਿ ਮਿਲਿ ਸਤਸੰਗਤਿ ਹਰਿ ਗੁਣ ਗਾਵਣਿਆ ॥੬॥ ਸਤਿਗੁਰੁ ਨ ਸੇਵੇ ਸੋ ਕਾਹੇ ਆਇਆ ॥ ਧ੍ਰਿਗੁ ਜੀਵਣੁ ਬਿਰਥਾ ਜਨਮੁ ਗਵਾਇਆ ॥ ਮਨਮੁਖਿ ਨਾਮੁ ਚਿਤਿ ਨ ਆਵੈ ਬਿਨੁ ਨਾਵੈ ਬਹੁ ਦੁਖੁ ਪਾਵਣਿਆ ॥੭॥ ਜਿਨਿ ਸਿਸਟਿ ਸਾਜੀ ਸੋਈ ਜਾਣੈ ॥ ਆਪੇ ਮੇਲੈ ਸਬਦਿ ਪਛਾਣੈ ॥ ਨਾਨਕ ਨਾਮੁ ਮਿਲਿਆ ਤਿਨ ਜਨ ਕਉ ਜਿਨ ਧੁਰਿ ਮਸਤਕਿ ਲੇਖੁ ਲਿਖਾਵਣਿਆ ॥੮॥੧॥੩੨॥੩੩॥ ਮਾਝ ਮਹਲਾ ੪ ॥ ਆਦਿ ਪੁਰਖੁ ਅਪਰੰਪਰੁ ਆਪੇ ॥ ਆਪੇ ਥਾਪੇ ਥਾਪਿ ਉਥਾਪੇ ॥ ਸਭ ਮਹਿ ਵਰਤੈ ਏਕੋ ਸੋਈ ਗੁਰਮੁਖਿ ਸੋਭਾ ਪਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਨਿਰੰਕਾਰੀ ਨਾਮੁ ਧਿਆਵਣਿਆ ॥

ਤਿਸੁ ਰੂਪੁ ਨ ਰੇਖਿਆ ਘਟਿ ਘਟਿ ਦੇਖਿਆ ਗੁਰਮੁਖਿ ਅਲਖੁ ਲਖਾਵਣਿਆ ॥੧॥ ਰਹਾਉ ॥ ਤੂ ਦਇਆਲੁ ਕਿਰਪਾਲੁ ਪ੍ਰਭੁ ਸੋਈ ॥ ਤੁਧੁ ਬਿਨੁ ਦੂਜਾ ਅਵਰੁ ਨ ਕੋਈ ॥ ਗੁਰੁ ਪਰਸਾਦੁ ਕਰੇ ਨਾਮੁ ਦੇਵੈ ਨਾਮੇ ਨਾਮਿ ਸਮਾਵਣਿਆ ॥੨॥ ਤੂੰ ਆਪੇ ਸਚਾ ਸਿਰਜਣਹਾਰਾ ॥ ਭਗਤੀ ਭਰੇ ਤੇਰੇ ਭੰਡਾਰਾ ॥ ਗੁਰਮੁਖਿ ਨਾਮੁ ਮਿਲੈ ਮਨੁ ਭੀਜੈ ਸਹਜਿ ਸਮਾਧਿ ਲਗਾਵਣਿਆ ॥੩॥ ਅਨਦਿਨੁ ਗੁਣ ਗਾਵਾ ਪ੍ਰਭ ਤੇਰੇ ॥ ਤੁਧੁ ਸਾਲਾਹੀ ਪ੍ਰੀਤਮ ਮੇਰੇ ॥ ਤੁਧੁ ਬਿਨੁ ਅਵਰੁ ਨ ਕੋਈ ਜਾਚਾ ਗੁਰ ਪਰਸਾਦੀ ਤੂੰ ਪਾਵਣਿਆ ॥੪॥ ਅਗਮੁ ਅਗੋਚਰੁ ਮਿਤਿ ਨਹੀ ਪਾਈ ॥ ਅਪਣੀ ਕ੍ਰਿਪਾ ਕਰਹਿ ਤੂੰ ਲੈਹਿ ਮਿਲਾਈ ॥ ਪੂਰੇ ਗੁਰ ਕੈ ਸਬਦਿ ਧਿਆਈਐ ਸਬਦੁ ਸੇਵਿ ਸੁਖੁ ਪਾਵਣਿਆ ॥੫॥ ਰਸਨਾ ਗੁਣਵੰਤੀ ਗੁਣ ਗਾਵੈ ॥ ਨਾਮੁ ਸਲਾਹੇ ਸਚੇ ਭਾਵੈ ॥ ਗੁਰਮੁਖਿ ਸਦਾ ਰਹੈ ਰੰਗਿ ਰਾਤੀ ਮਿਲਿ ਸਚੇ ਸੋਭਾ ਪਾਵਣਿਆ ॥੬॥ ਮਨਮੁਖੁ ਕਰਮ ਕਰੇ ਅਹੰਕਾਰੀ ॥ ਜੂਐ ਜਨਮੁ ਸਭ ਬਾਜੀ ਹਾਰੀ ॥ ਅੰਤਰਿ ਲੋਭੁ ਮਹਾ ਗੁਬਾਰਾ ਫਿਰਿ ਫਿਰਿ ਆਵਣ ਜਾਵਣਿਆ ॥੭॥ ਆਪੇ ਕਰਤਾ ਦੇ ਵਡਿਆਈ ॥ ਜਿਨ ਕਉ ਆਪਿ ਲਿਖਤੁ ਧੁਰਿ ਪਾਈ ॥ ਨਾਨਕ ਨਾਮੁ ਮਿਲੈ ਭਉ ਭੰਜਨੁ ਗੁਰ ਸਬਦੀ ਸੁਖੁ ਪਾਵਣਿਆ ॥੮॥੧॥੩੪॥ ਮਾਝ ਮਹਲਾ ੫ ਘਰੁ ੧॥ ਅੰਤਰਿ ਅਲਖੁ ਨ ਜਾਈ ਲਖਿਆ ॥ ਨਾਮੁ ਰਤਨੁ ਲੈ ਗੁਝਾ ਰਖਿਆ ॥ ਅਗਮੁ ਅਗੋਚਰੁ ਸਭ ਤੇ ਊਚਾ ਗੁਰ ਕੈ ਸਬਦਿ ਲਖਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਕਲਿ ਮਹਿ ਨਾਮੁ ਸੁਣਾਵਣਿਆ ॥ ਸੰਤ ਪਿਆਰੇ ਸਚੈ ਧਾਰੇ ਵਡਭਾਗੀ ਦਰਸਨੁ ਪਾਵਣਿਆ ॥੧॥ ਰਹਾਉ ॥ ਸਾਧਿਕ ਸਿਧ ਜਿਸੈ ਕਉ ਫਿਰਦੇ ॥ ਬ੍ਰਹਮੇ ਇੰਦ੍ਰ ਧਿਆਇਨਿ ਹਿਰਦੇ ॥ ਕੋਟਿ ਤੇਤੀਸਾ ਖੋਜਹਿ ਤਾ ਕਉ ਗੁਰ ਮਿਲਿ ਹਿਰਦੈ ਗਾਵਣਿਆ ॥੨॥ ਆਠ ਪਹਰ ਤੁਧੁ ਜਾਪੇ ਪਵਨਾ ॥ ਧਰਤੀ ਸੇਵਕ ਪਾਇਕ ਚਰਨਾ ॥ ਖਾਣੀ ਬਾਣੀ ਸਰਬ ਨਿਵਾਸੀ ਸਭਨਾ ਕੈ ਮਨਿ ਭਾਵਣਿਆ ॥੩॥ ਸਾਚਾ ਸਾਹਿਬੁ ਗੁਰਮੁਖਿ ਜਾਪੈ ॥ ਪੂਰੇ ਗੁਰ ਕੈ ਸਬਦਿ ਸਿਞਾਪੈ ॥ ਜਿਨ ਪੀਆ ਸੇਈ ਤ੍ਰਿਪਤਾਸੇ ਸਚੇ ਸਚਿ ਅਘਾਵਣਿਆ ॥੪॥ ਤਿਸੁ ਘਰਿ ਸਹਜਾ ਸੋਈ ਸੁਹੇਲਾ ॥ ਅਨਦ ਬਿਨੋਦ ਕਰੇ ਸਦ ਕੇਲਾ ॥ ਸੋ ਧਨਵੰਤਾ ਸੋ ਵਡ ਸਾਹਾ ਜੋ ਗੁਰ ਚਰਣੀ ਮਨੁ ਲਾਵਣਿਆ ॥੫॥ ਪਹਿਲੋ ਦੇ ਤੈਂ ਰਿਜਕੁ ਸਮਾਹਾ ॥ ਪਿਛੋ ਦੇ ਤੈਂ ਜੰਤੁ ਉਪਾਹਾ ॥ ਤੁਧੁ ਜੇਵਡੁ ਦਾਤਾ ਅਵਰੁ ਨ ਸੁਆਮੀ ਲਵੈ ਨ ਕੋਈ ਲਾਵਣਿਆ ॥੬॥ ਜਿਸੁ ਤੂੰ ਤੁਠਾ ਸੋ ਤੁਧੁ ਧਿਆਏ ॥ ਸਾਧ ਜਨਾ ਕਾ ਮੰਤ੍ਰੁ ਕਮਾਏ ॥ ਆਪਿ ਤਰੈ ਸਗਲੇ ਕੁਲ ਤਾਰੇ

ਤਿਸੁ ਦਰਗਹ ਠਾਕ ਨ ਪਾਵਣਿਆ ॥੭॥ ਤੂੰ ਵਡਾ ਤੂੰ ਊਚੋ ਊਚਾ ॥ ਤੂੰ ਬੇਅੰਤੁ ਅਤਿ ਮੂਚੋ ਮੂਚਾ ॥ ਹਉ ਕੁਰਬਾਣੀ ਤੇਰੈ ਵੰਞਾ ਨਾਨਕ ਦਾਸ ਦਸਾਵਣਿਆ ॥੮॥੧॥੩੫॥ ਮਾਝ ਮਹਲਾ ੫ ॥ ਕਉਣੁ ਸੁ ਮੁਕਤਾ ਕਉਣੁ ਸੁ ਜੁਗਤਾ ॥ ਕਉਣੁ ਸੁ ਗਿਆਨੀ ਕਉਣੁ ਸੁ ਬਕਤਾ ॥ ਕਉਣੁ ਸੁ ਗਿਰਹੀ ਕਉਣੁ ਉਦਾਸੀ ਕਉਣੁ ਸੁ ਕੀਮਤਿ ਪਾਏ ਜੀਉ ॥੧॥ ਕਿਨਿ ਬਿਧਿ ਬਾਧਾ ਕਿਨਿ ਬਿਧਿ ਛੂਟਾ ॥ ਕਿਨਿ ਬਿਧਿ ਆਵਣੁ ਜਾਵਣੁ ਤੂਟਾ ॥ ਕਉਣ ਕਰਮ ਕਉਣ ਨਿਹਕਰਮਾ ਕਉਣੁ ਸੁ ਕਹੈ ਕਹਾਏ ਜੀਉ ॥੨॥ ਕਉਣੁ ਸੁ ਸੁਖੀਆ ਕਉਣੁ ਸੁ ਦੁਖੀਆ ॥ ਕਉਣੁ ਸੁ ਸਨਮੁਖੁ ਕਉਣੁ ਵੇਮੁਖੀਆ ॥ ਕਿਨਿ ਬਿਧਿ ਮਿਲੀਐ ਕਿਨਿ ਬਿਧਿ ਬਿਛੁਰੈ ਇਹ ਬਿਧਿ ਕਉਣੁ ਪ੍ਰਗਟਾਏ ਜੀਉ ॥੩॥ ਕਉਣੁ ਸੁ ਅਖਰੁ ਜਿਤੁ ਧਾਵਤੁ ਰਹਤਾ ॥ ਕਉਣੁ ਉਪਦੇਸੁ ਜਿਤੁ ਦੁਖੁ ਸੁਖੁ ਸਮ ਸਹਤਾ ॥ ਕਉਣੁ ਸੁ ਚਾਲ ਜਿਤੁ ਪਾਰਬ੍ਰਹਮੁ ਧਿਆਏ ਕਿਨਿ ਬਿਧਿ ਕੀਰਤਨੁ ਗਾਏ ਜੀਉ ॥੪॥ ਗੁਰਮੁਖਿ ਮੁਕਤਾ ਗੁਰਮੁਖਿ ਜੁਗਤਾ ॥ ਗੁਰਮੁਖਿ ਗਿਆਨੀ ਗੁਰਮੁਖਿ ਬਕਤਾ ॥ ਧੰਨੁ ਗਿਰਹੀ ਉਦਾਸੀ ਗੁਰਮੁਖਿ ਗੁਰਮੁਖਿ ਕੀਮਤਿ ਪਾਏ ਜੀਉ ॥੫॥ ਹਉਮੈ ਬਾਧਾ ਗੁਰਮੁਖਿ ਛੂਟਾ ॥ ਗੁਰਮੁਖਿ ਆਵਣੁ ਜਾਵਣੁ ਤੂਟਾ ॥ ਗੁਰਮੁਖਿ ਕਰਮ ਗੁਰਮੁਖਿ ਨਿਹਕਰਮਾ ਗੁਰਮੁਖਿ ਕਰੇ ਸੁ ਸੁਭਾਏ ਜੀਉ ॥੬॥ ਗੁਰਮੁਖਿ ਸੁਖੀਆ ਮਨਮੁਖਿ ਦੁਖੀਆ ॥ ਗੁਰਮੁਖਿ ਸਨਮੁਖੁ ਮਨਮੁਖਿ ਵੇਮੁਖੀਆ ॥ ਗੁਰਮੁਖਿ ਮਿਲੀਐ ਮਨਮੁਖਿ ਵਿਛੁਰੈ ਗੁਰਮੁਖਿ ਬਿਧਿ ਪ੍ਰਗਟਾਏ ਜੀਉ ॥੭॥ ਗੁਰਮੁਖਿ ਅਖਰੁ ਜਿਤੁ ਧਾਵਤੁ ਰਹਤਾ ॥ ਗੁਰਮੁਖਿ ਉਪਦੇਸੁ ਦੁਖੁ ਸੁਖੁ ਸਮ ਸਹਤਾ ॥ ਗੁਰਮੁਖਿ ਚਾਲ ਜਿਤੁ ਪਾਰਬ੍ਰਹਮੁ ਧਿਆਏ ਗੁਰਮੁਖਿ ਕੀਰਤਨੁ ਗਾਏ ਜੀਉ ॥੮॥ ਸਗਲੀ ਬਣਤ ਬਣਾਈ ਆਪੇ ॥ ਆਪੇ ਕਰੇ ਕਰਾਏ ਥਾਪੇ ॥ ਇਕਸੁ ਤੇ ਹੋਇਓ ਅਨੰਤਾ ਨਾਨਕ ਏਕਸੁ ਮਾਹਿ ਸਮਾਏ ਜੀਉ ॥੯॥੨॥੩੬॥ ਮਾਝ ਮਹਲਾ ੫ ॥ ਪ੍ਰਭੁ ਅਬਿਨਾਸੀ ਤਾ ਕਿਆ ਕਾੜਾ ॥ ਹਰਿ ਭਗਵੰਤਾ ਤਾ ਜਨੁ ਖਰਾ ਸੁਖਾਲਾ ॥ ਜੀਅ ਪ੍ਰਾਨ ਮਾਨ ਸੁਖਦਾਤਾ ਤੂੰ ਕਰਹਿ ਸੋਈ ਸੁਖੁ ਪਾਵਣਿਆ ॥੧॥ ਹਉ ਵਾਰੀ ਜੀਉ ਵਾਰੀ ਗੁਰਮੁਖਿ ਮਨਿ ਤਨਿ ਭਾਵਣਿਆ ॥ ਤੂੰ ਮੇਰਾ ਪਰਬਤੁ ਤੂੰ ਮੇਰਾ ਓਲਾ ਤੁਮ ਸੰਗਿ ਲਵੈ ਨ ਲਾਵਣਿਆ ॥੧॥ ਰਹਾਉ ॥ ਤੇਰਾ ਕੀਤਾ ਜਿਸੁ ਲਾਗੈ ਮੀਠਾ ॥ ਘਟਿ ਘਟਿ ਪਾਰਬ੍ਰਹਮੁ ਤਿਨਿ ਜਨਿ ਡੀਠਾ ॥ ਥਾਨਿ ਥਨੰਤਰਿ ਤੂੰਹੈ ਤੂੰਹੈ ਇਕੋ ਇਕੁ ਵਰਤਾਵਣਿਆ ॥੨॥ ਸਗਲ ਮਨੋਰਥ ਤੂੰ ਦੇਵਣਹਾਰਾ ॥ ਭਗਤੀ ਭਾਇ ਭਰੇ ਭੰਡਾਰਾ ॥ ਦਇਆ ਧਾਰਿ ਰਾਖੇ

ਤੁਧੁ ਸੇਈ ਪੂਰੈ ਕਰਮਿ ਸਮਾਵਣਿਆ ॥੩॥ ਅੰਧ ਕੂਪ ਤੇ ਕੰਢੈ ਚਾੜੇ ॥ ਕਰਿ ਕਿਰਪਾ ਦਾਸ ਨਦਰਿ ਨਿਹਾਲੇ ॥ ਗੁਣ ਗਾਵਹਿ ਪੂਰਨ ਅਬਿਨਾਸੀ ਕਹਿ ਸੁਣਿ ਤੋਟਿ ਨ ਆਵਣਿਆ ॥੪॥ ਐਥੈ ਓਥੈ ਤੂੰਹੈ ਰਖਵਾਲਾ ॥ ਮਾਤ ਗਰਭ ਮਹਿ ਤੁਮ ਹੀ ਪਾਲਾ ॥ ਮਾਇਆ ਅਗਨਿ ਨ ਪੋਹੈ ਤਿਨ ਕਉ ਰੰਗਿ ਰਤੇ ਗੁਣ ਗਾਵਣਿਆ ॥੫॥ ਕਿਆ ਗੁਣ ਤੇਰੇ ਆਖਿ ਸਮਾਲੀ ॥ ਮਨ ਤਨ ਅੰਤਰਿ ਤੁਧੁ ਨਦਰਿ ਨਿਹਾਲੀ ॥ ਤੂੰ ਮੇਰਾ ਮੀਤੁ ਸਾਜਨੁ ਮੇਰਾ ਸੁਆਮੀ ਤੁਧੁ ਬਿਨੁ ਅਵਰੁ ਨ ਜਾਨਣਿਆ ॥੬॥ ਜਿਸ ਕਉ ਤੂੰ ਪ੍ਰਭ ਭਇਆ ਸਹਾਈ ॥ ਤਿਸੁ ਤਤੀ ਵਾਉ ਨ ਲਗੈ ਕਾਈ ॥ ਤੂ ਸਾਹਿਬੁ ਸਰਣਿ ਸੁਖਦਾਤਾ ਸਤਸੰਗਤਿ ਜਪਿ ਪ੍ਰਗਟਾਵਣਿਆ ॥੭॥ ਤੂੰ ਊਚ ਅਥਾਹੁ ਅਪਾਰੁ ਅਮੋਲਾ ॥ ਤੂੰ ਸਾਚਾ ਸਾਹਿਬੁ ਦਾਸੁ ਤੇਰਾ ਗੋਲਾ ॥ ਤੂੰ ਮੀਰਾ ਸਾਚੀ ਠਕੁਰਾਈ ਨਾਨਕ ਬਲਿ ਬਲਿ ਜਾਵਣਿਆ ॥੮॥੩॥੩੭॥ ਮਾਝ ਮਹਲਾ ੫ ਘਰੁ ੨॥ ਨਿਤ ਨਿਤ ਦਯੁ ਸਮਾਲੀਐ ॥ ਮੂਲਿ ਨ ਮਨਹੁ ਵਿਸਾਰੀਐ ॥ ਰਹਾਉ ॥ ਸੰਤਾ ਸੰਗਤਿ ਪਾਈਐ ॥ ਜਿਤੁ ਜਮ ਕੈ ਪੰਥਿ ਨ ਜਾਈਐ ॥ ਤੋਸਾ ਹਰਿ ਕਾ ਨਾਮੁ ਲੈ ਤੇਰੇ ਕੁਲਹਿ ਨ ਲਾਗੈ ਗਾਲਿ ਜੀਉ ॥੧॥ ਜੋ ਸਿਮਰੰਦੇ ਸਾਂਈਐ ॥ ਨਰਕਿ ਨ ਸੇਈ ਪਾਈਐ ॥ ਤਤੀ ਵਾਉ ਨ ਲਗਈ ਜਿਨ ਮਨਿ ਵੁਠਾ ਆਇ ਜੀਉ ॥੨॥ ਸੇਈ ਸੁੰਦਰ ਸੋਹਣੇ ॥ ਸਾਧਸੰਗਿ ਜਿਨ ਬੈਹਣੇ ॥ ਹਰਿ ਧਨੁ ਜਿਨੀ ਸੰਜਿਆ ਸੇਈ ਗੰਭੀਰ ਅਪਾਰ ਜੀਉ ॥੩॥ ਹਰਿ ਅਮਿਉ ਰਸਾਇਣੁ ਪੀਵੀਐ ॥ ਮੁਹਿ ਡਿਠੈ ਜਨ ਕੈ ਜੀਵੀਐ ॥ ਕਾਰਜ ਸਭਿ ਸਵਾਰਿ ਲੈ ਨਿਤ ਪੂਜਹੁ ਗੁਰ ਕੇ ਪਾਵ ਜੀਉ ॥੪॥ ਜੋ ਹਰਿ ਕੀਤਾ ਆਪਣਾ ॥ ਤਿਨਹਿ ਗੁਸਾਈ ਜਾਪਣਾ ॥ ਸੋ ਸੂਰਾ ਪਰਧਾਨੁ ਸੋ ਮਸਤਕਿ ਜਿਸ ਦੈ ਭਾਗੁ ਜੀਉ ॥੫॥ ਮਨ ਮੰਧੇ ਪ੍ਰਭੁ ਅਵਗਾਹੀਆ ॥ ਏਹਿ ਰਸ ਭੋਗਣ ਪਾਤਿਸਾਹੀਆ ॥ ਮੰਦਾ ਮੂਲਿ ਨ ਉਪਜਿਓ ਤਰੇ ਸਚੀ ਕਾਰੈ ਲਾਗਿ ਜੀਉ ॥੬॥ ਕਰਤਾ ਮੰਨਿ ਵਸਾਇਆ ॥ ਜਨਮੈ ਕਾ ਫਲੁ ਪਾਇਆ ॥ ਮਨਿ ਭਾਵੰਦਾ ਕੰਤੁ ਹਰਿ ਤੇਰਾ ਥਿਰੁ ਹੋਆ ਸੋਹਾਗੁ ਜੀਉ ॥੭॥ ਅਟਲ ਪਦਾਰਥੁ ਪਾਇਆ ॥ ਭੈ ਭੰਜਨ ਕੀ ਸਰਣਾਇਆ ॥ ਲਾਇ ਅੰਚਲਿ ਨਾਨਕ ਤਾਰਿਅਨੁ ਜਿਤਾ ਜਨਮੁ ਅਪਾਰ ਜੀਉ ॥੮॥੪॥੩੮॥

ੴ ਸਤਿਗੁਰ ਪ੍ਰਸਾਦਿ ॥ ਮਾਝ ਮਹਲਾ ੫ ਘਰੁ ੩॥

ਹਰਿ ਜਪਿ ਜਪੇ ਮਨੁ ਧੀਰੇ ॥੧॥ ਰਹਾਉ ॥ ਸਿਮਰਿ ਸਿਮਰਿ ਗੁਰਦੇਉ ਮਿਟਿ ਗਏ ਭੈ ਦੂਰੇ ॥੧॥ ਸਰਨਿ

ਆਵੈ ਪਾਰਬ੍ਰਹਮ ਕੀ ਤਾ ਫਿਰਿ ਕਾਹੇ ਝੂਰੇ ॥੨॥ ਚਰਨ ਸੇਵ ਸੰਤ ਸਾਧ ਕੇ ਸਗਲ ਮਨੋਰਥ ਪੂਰੇ ॥੩॥ ਘਟਿ ਘਟਿ ਏਕੁ ਵਰਤਦਾ ਜਲਿ ਥਲਿ ਮਹੀਅਲਿ ਪੂਰੇ ॥੪॥ ਪਾਪ ਬਿਨਾਸਨੁ ਸੇਵਿਆ ਪਵਿਤ੍ਰ ਸੰਤਨ ਕੀ ਧੂਰੇ ॥੫॥ ਸਭ ਛਡਾਈ ਖਸਮਿ ਆਪਿ ਹਰਿ ਜਪਿ ਭਈ ਠਰੂਰੇ ॥੬॥ ਕਰਤੈ ਕੀਆ ਤਪਾਵਸੋ ਦੁਸਟ ਮੁਏ ਹੋਇ ਮੂਰੇ ॥੭॥ ਨਾਨਕ ਰਤਾ ਸਚਿ ਨਾਇ ਹਰਿ ਵੇਖੈ ਸਦਾ ਹਜੂਰੇ ॥੮॥੫॥੩੯॥੧॥੩੨॥੧॥੫॥੩੯॥

ਬਾਰਹ ਮਾਹਾ ਮਾਂਝ ਮਹਲਾ ੫ ਘਰੁ ੪ ੴ ਸਤਿਗੁਰ ਪ੍ਰਸਾਦਿ ॥

ਕਿਰਤਿ ਕਰਮ ਕੇ ਵੀਛੁੜੇ ਕਰਿ ਕਿਰਪਾ ਮੇਲਹੁ ਰਾਮ ॥ ਚਾਰਿ ਕੁੰਟ ਦਹ ਦਿਸ ਭ੍ਰਮੇ ਥਕਿ ਆਏ ਪ੍ਰਭ ਕੀ ਸਾਮ ॥ ਧੇਨੁ ਦੁਧੈ ਤੇ ਬਾਹਰੀ ਕਿਤੈ ਨ ਆਵੈ ਕਾਮ ॥ ਜਲ ਬਿਨੁ ਸਾਖ ਕੁਮਲਾਵਤੀ ਉਪਜਹਿ ਨਾਹੀ ਦਾਮ ॥ ਹਰਿ ਨਾਹ ਨ ਮਿਲੀਐ ਸਾਜਨੈ ਕਤ ਪਾਈਐ ਬਿਸਰਾਮ ॥ ਜਿਤੁ ਘਰਿ ਹਰਿ ਕੰਤੁ ਨ ਪ੍ਰਗਟਈ ਭਠਿ ਨਗਰ ਸੇ ਗ੍ਰਾਮ ॥ ਸ੍ਰਬ ਸੀਗਾਰ ਤੰਬੋਲ ਰਸ ਸਣੁ ਦੇਹੀ ਸਭ ਖਾਮ ॥ ਪ੍ਰਭ ਸੁਆਮੀ ਕੰਤ ਵਿਹੂਣੀਆ ਮੀਤ ਸਜਣ ਸਭਿ ਜਾਮ ॥ ਨਾਨਕ ਕੀ ਬੇਨੰਤੀਆ ਕਰਿ ਕਿਰਪਾ ਦੀਜੈ ਨਾਮੁ ॥ ਹਰਿ ਮੇਲਹੁ ਸੁਆਮੀ ਸੰਗਿ ਪ੍ਰਭ ਜਿਸ ਕਾ ਨਿਹਚਲ ਧਾਮ ॥੧॥ ਚੇਤਿ ਗੋਵਿੰਦੁ ਅਰਾਧੀਐ ਹੋਵੈ ਅਨੰਦੁ ਘਣਾ ॥ ਸੰਤ ਜਨਾ ਮਿਲਿ ਪਾਈਐ ਰਸਨਾ ਨਾਮੁ ਭਣਾ ॥ ਜਿਨਿ ਪਾਇਆ ਪ੍ਰਭੁ ਆਪਣਾ ਆਏ ਤਿਸਹਿ ਗਣਾ ॥ ਇਕੁ ਖਿਨੁ ਤਿਸੁ ਬਿਨੁ ਜੀਵਣਾ ਬਿਰਥਾ ਜਨਮੁ ਜਣਾ ॥ ਜਲਿ ਥਲਿ ਮਹੀਅਲਿ ਪੂਰਿਆ ਰਵਿਆ ਵਿਚਿ ਵਣਾ ॥ ਸੋ ਪ੍ਰਭੁ ਚਿਤਿ ਨ ਆਵਈ ਕਿਤੜਾ ਦੁਖੁ ਗਣਾ ॥ ਜਿਨੀ ਰਾਵਿਆ ਸੋ ਪ੍ਰਭੂ ਤਿੰਨਾ ਭਾਗੁ ਮਣਾ ॥ ਹਰਿ ਦਰਸਨ ਕੰਉ ਮਨੁ ਲੋਚਦਾ ਨਾਨਕ ਪਿਆਸ ਮਨਾ ॥ ਚੇਤਿ ਮਿਲਾਏ ਸੋ ਪ੍ਰਭੂ ਤਿਸ ਕੈ ਪਾਇ ਲਗਾ ॥੨॥ ਵੈਸਾਖਿ ਧੀਰਨਿ ਕਿਉ ਵਾਢੀਆ ਜਿਨਾ ਪ੍ਰੇਮ ਬਿਛੋਹੁ ॥ ਹਰਿ ਸਾਜਨੁ ਪੁਰਖੁ ਵਿਸਾਰਿ ਕੈ ਲਗੀ ਮਾਇਆ ਧੋਹੁ ॥ ਪੁਤ੍ਰ ਕਲਤ੍ਰ ਨ ਸੰਗਿ ਧਨਾ ਹਰਿ ਅਵਿਨਾਸੀ ਓਹੁ ॥ ਪਲਚਿ ਪਲਚਿ ਸਗਲੀ ਮੁਈ ਝੂਠੈ ਧੰਧੈ ਮੋਹੁ ॥ ਇਕਸੁ ਹਰਿ ਕੇ ਨਾਮ ਬਿਨੁ ਅਗੈ ਲਈਅਹਿ ਖੋਹਿ ॥ ਦਯੁ ਵਿਸਾਰਿ ਵਿਗੁਚਣਾ ਪ੍ਰਭ ਬਿਨੁ ਅਵਰੁ ਨ ਕੋਇ ॥ ਪ੍ਰੀਤਮ ਚਰਣੀ ਜੋ ਲਗੇ ਤਿਨ ਕੀ ਨਿਰਮਲ ਸੋਇ ॥

ਨਾਨਕ ਕੀ ਪ੍ਰਭ ਬੇਨਤੀ ਪ੍ਰਭ ਮਿਲਹੁ ਪਰਾਪਤਿ ਹੋਇ ॥ ਵੈਸਾਖੁ ਸੁਹਾਵਾ ਤਾਂ ਲਗੈ ਜਾ ਸੰਤੁ ਭੇਟੈ ਹਰਿ ਸੋਇ ॥੩॥ ਹਰਿ ਜੇਠਿ ਜੁੜੰਦਾ ਲੋੜੀਐ ਜਿਸੁ ਅਗੈ ਸਭਿ ਨਿਵੰਨਿ ॥ ਹਰਿ ਸਜਣ ਦਾਵਣਿ ਲਗਿਆ ਕਿਸੈ ਨ ਦੇਈ ਬੰਨਿ ॥ ਮਾਣਕ ਮੋਤੀ ਨਾਮੁ ਪ੍ਰਭ ਉਨ ਲਗੈ ਨਾਹੀ ਸੰਨਿ ॥ ਰੰਗ ਸਭੇ ਨਾਰਾਇਣੈ ਜੇਤੇ ਮਨਿ ਭਾਵੰਨਿ ॥ ਜੋ ਹਰਿ ਲੋੜੇ ਸੋ ਕਰੇ ਸੋਈ ਜੀਅ ਕਰੰਨਿ ॥ ਜੋ ਪ੍ਰਭਿ ਕੀਤੇ ਆਪਣੇ ਸੇਈ ਕਹੀਅਹਿ ਧੰਨਿ ॥ ਆਪਣ ਲੀਆ ਜੇ ਮਿਲੈ ਵਿਛੁੜਿ ਕਿਉ ਰੋਵੰਨਿ ॥ ਸਾਧੂ ਸੰਗੁ ਪਰਾਪਤੇ ਨਾਨਕ ਰੰਗ ਮਾਣੰਨਿ ॥ ਹਰਿ ਜੇਠੁ ਰੰਗੀਲਾ ਤਿਸੁ ਧਣੀ ਜਿਸ ਕੈ ਭਾਗੁ ਮਥੰਨਿ ॥੪॥ ਆਸਾੜੁ ਤਪੰਦਾ ਤਿਸੁ ਲਗੈ ਹਰਿ ਨਾਹੁ ਨ ਜਿੰਨਾ ਪਾਸਿ ॥ ਜਗਜੀਵਨ ਪੁਰਖੁ ਤਿਆਗਿ ਕੈ ਮਾਣਸ ਸੰਦੀ ਆਸ ॥ ਦੁਯੈ ਭਾਇ ਵਿਗੁਚੀਐ ਗਲਿ ਪਈਸੁ ਜਮ ਕੀ ਫਾਸ ॥ ਜੇਹਾ ਬੀਜੈ ਸੋ ਲੁਣੈ ਮਥੈ ਜੋ ਲਿਖਿਆਸੁ ॥ ਰੈਣਿ ਵਿਹਾਣੀ ਪਛੁਤਾਣੀ ਉਠਿ ਚਲੀ ਗਈ ਨਿਰਾਸ ॥ ਜਿਨ ਕੌ ਸਾਧੂ ਭੇਟੀਐ ਸੋ ਦਰਗਹ ਹੋਇ ਖਲਾਸੁ ॥ ਕਰਿ ਕਿਰਪਾ ਪ੍ਰਭ ਆਪਣੀ ਤੇਰੇ ਦਰਸਨ ਹੋਇ ਪਿਆਸ ॥ ਪ੍ਰਭ ਤੁਧੁ ਬਿਨੁ ਦੂਜਾ ਕੋ ਨਹੀ ਨਾਨਕ ਕੀ ਅਰਦਾਸਿ ॥ ਆਸਾੜੁ ਸੁਹੰਦਾ ਤਿਸੁ ਲਗੈ ਜਿਸੁ ਮਨਿ ਹਰਿ ਚਰਣ ਨਿਵਾਸ ॥੫॥ ਸਾਵਣਿ ਸਰਸੀ ਕਾਮਣੀ ਚਰਨ ਕਮਲ ਸਿਉ ਪਿਆਰੁ ॥ ਮਨੁ ਤਨੁ ਰਤਾ ਸਚ ਰੰਗਿ ਇਕੋ ਨਾਮੁ ਅਧਾਰੁ ॥ ਬਿਖਿਆ ਰੰਗ ਕੂੜਾਵਿਆ ਦਿਸਨਿ ਸਭੇ ਛਾਰੁ ॥ ਹਰਿ ਅੰਮ੍ਰਿਤ ਬੂੰਦ ਸੁਹਾਵਣੀ ਮਿਲਿ ਸਾਧੂ ਪੀਵਣਹਾਰੁ ॥ ਵਣੁ ਤਿਣੁ ਪ੍ਰਭ ਸੰਗਿ ਮਉਲਿਆ ਸੰਮ੍ਰਥ ਪੁਰਖ ਅਪਾਰੁ ॥ ਹਰਿ ਮਿਲਣੈ ਨੋ ਮਨੁ ਲੋਚਦਾ ਕਰਮਿ ਮਿਲਾਵਣਹਾਰੁ ॥ ਜਿਨੀ ਸਖੀਏ ਪ੍ਰਭੁ ਪਾਇਆ ਹੰਉ ਤਿਨ ਕੈ ਸਦ ਬਲਿਹਾਰ ॥ ਨਾਨਕ ਹਰਿ ਜੀ ਮਇਆ ਕਰਿ ਸਬਦਿ ਸਵਾਰਣਹਾਰੁ ॥ ਸਾਵਣੁ ਤਿਨਾ ਸੁਹਾਗਣੀ ਜਿਨ ਰਾਮ ਨਾਮੁ ਉਰਿ ਹਾਰੁ ॥੬॥ ਭਾਦੁਇ ਭਰਮਿ ਭੁਲਾਣੀਆ ਦੂਜੈ ਲਗਾ ਹੇਤੁ ॥ ਲਖ ਸੀਗਾਰ ਬਣਾਇਆ ਕਾਰਜਿ ਨਾਹੀ ਕੇਤੁ ॥ ਜਿਤੁ ਦਿਨਿ ਦੇਹ ਬਿਨਸਸੀ ਤਿਤੁ ਵੇਲੈ ਕਹਸਨਿ ਪ੍ਰੇਤੁ ॥ ਪਕੜਿ ਚਲਾਇਨਿ ਦੂਤ ਜਮ ਕਿਸੈ ਨ ਦੇਨੀ ਭੇਤੁ ॥ ਛਡਿ ਖੜੋਤੇ ਖਿਨੈ ਮਾਹਿ ਜਿਨ ਸਿਉ ਲਗਾ ਹੇਤੁ ॥ ਹਥ ਮਰੋੜੈ ਤਨੁ ਕਪੇ ਸਿਆਹਹੁ ਹੋਆ ਸੇਤੁ ॥ ਜੇਹਾ ਬੀਜੈ ਸੋ ਲੁਣੈ ਕਰਮਾ ਸੰਦੜਾ ਖੇਤੁ ॥ ਨਾਨਕ ਪ੍ਰਭ ਸਰਣਾਗਤੀ ਚਰਣ ਬੋਹਿਥ ਪ੍ਰਭ ਦੇਤੁ ॥ ਸੇ ਭਾਦੁਇ ਨਰਕਿ ਨ ਪਾਈਅਹਿ ਗੁਰੁ ਰਖਣ ਵਾਲਾ ਹੇਤੁ ॥੭॥ ਅਸੁਨਿ ਪ੍ਰੇਮ ਉਮਾਹੜਾ ਕਿਉ

ਮਿਲੀਐ ਹਰਿ ਜਾਇ ॥ ਮਨਿ ਤਨਿ ਪਿਆਸ ਦਰਸਨ ਘਣੀ ਕੋਈ ਆਣਿ ਮਿਲਾਵੈ ਮਾਇ ॥ ਸੰਤ ਸਹਾਈ ਪ੍ਰੇਮ ਕੇ ਹਉ ਤਿਨ ਕੈ ਲਾਗਾ ਪਾਇ ॥ ਵਿਣੁ ਪ੍ਰਭ ਕਿਉ ਸੁਖੁ ਪਾਈਐ ਦੂਜੀ ਨਾਹੀ ਜਾਇ ॥ ਜਿੰਨ੍ਹ੍ਹੀ ਚਾਖਿਆ ਪ੍ਰੇਮ ਰਸੁ ਸੇ ਤ੍ਰਿਪਤਿ ਰਹੇ ਆਘਾਇ ॥ ਆਪੁ ਤਿਆਗਿ ਬਿਨਤੀ ਕਰਹਿ ਲੇਹੁ ਪ੍ਰਭੂ ਲੜਿ ਲਾਇ ॥ ਜੋ ਹਰਿ ਕੰਤਿ ਮਿਲਾਈਆ ਸਿ ਵਿਛੁੜਿ ਕਤਹਿ ਨ ਜਾਇ ॥ ਪ੍ਰਭ ਵਿਣੁ ਦੂਜਾ ਕੋ ਨਹੀ ਨਾਨਕ ਹਰਿ ਸਰਣਾਇ ॥ ਅਸੂ ਸੁਖੀ ਵਸੰਦੀਆ ਜਿਨਾ ਮਇਆ ਹਰਿ ਰਾਇ ॥੮॥ ਕਤਿਕਿ ਕਰਮ ਕਮਾਵਣੇ ਦੋਸੁ ਨ ਕਾਹੂ ਜੋਗੁ ॥ ਪਰਮੇਸਰ ਤੇ ਭੁਲਿਆਂ ਵਿਆਪਨਿ ਸਭੇ ਰੋਗ ॥ ਵੇਮੁਖ ਹੋਏ ਰਾਮ ਤੇ ਲਗਨਿ ਜਨਮ ਵਿਜੋਗ ॥ ਖਿਨ ਮਹਿ ਕਉੜੇ ਹੋਇ ਗਏ ਜਿਤੜੇ ਮਾਇਆ ਭੋਗ ॥ ਵਿਚੁ ਨ ਕੋਈ ਕਰਿ ਸਕੈ ਕਿਸ ਥੈ ਰੋਵਹਿ ਰੋਜ ॥ ਕੀਤਾ ਕਿਛੂ ਨ ਹੋਵਈ ਲਿਖਿਆ ਧੁਰਿ ਸੰਜੋਗ ॥ ਵਡਭਾਗੀ ਮੇਰਾ ਪ੍ਰਭੁ ਮਿਲੈ ਤਾਂ ਉਤਰਹਿ ਸਭਿ ਬਿਓਗ ॥ ਨਾਨਕ ਕਉ ਪ੍ਰਭ ਰਾਖਿ ਲੇਹਿ ਮੇਰੇ ਸਾਹਿਬ ਬੰਦੀ ਮੋਚ ॥ ਕਤਿਕ ਹੋਵੈ ਸਾਧਸੰਗੁ ਬਿਨਸਹਿ ਸਭੇ ਸੋਚ ॥੯॥ ਮੰਘਿਰਿ ਮਾਹਿ ਸੋਹੰਦੀਆ ਹਰਿ ਪਿਰ ਸੰਗਿ ਬੈਠੜੀਆਹ ॥ ਤਿਨ ਕੀ ਸੋਭਾ ਕਿਆ ਗਣੀ ਜਿ ਸਾਹਿਬਿ ਮੇਲੜੀਆਹ ॥ ਤਨੁ ਮਨੁ ਮਉਲਿਆ ਰਾਮ ਸਿਉ ਸੰਗਿ ਸਾਧ ਸਹੇਲੜੀਆਹ ॥ ਸਾਧ ਜਨਾ ਤੇ ਬਾਹਰੀ ਸੇ ਰਹਨਿ ਇਕੇਲੜੀਆਹ ॥ ਤਿਨ ਦੁਖੁ ਨ ਕਬਹੂ ਉਤਰੈ ਸੇ ਜਮ ਕੈ ਵਸਿ ਪੜੀਆਹ ॥ ਜਿਨੀ ਰਾਵਿਆ ਪ੍ਰਭੁ ਆਪਣਾ ਸੇ ਦਿਸਨਿ ਨਿਤ ਖੜੀਆਹ ॥ ਰਤਨ ਜਵੇਹਰ ਲਾਲ ਹਰਿ ਕੰਠਿ ਤਿਨਾ ਜੜੀਆਹ ॥ ਨਾਨਕ ਬਾਂਛੈ ਧੂੜਿ ਤਿਨ ਪ੍ਰਭ ਸਰਣੀ ਦਰਿ ਪੜੀਆਹ ॥ ਮੰਘਿਰਿ ਪ੍ਰਭੁ ਆਰਾਧਣਾ ਬਹੁੜਿ ਨ ਜਨਮੜੀਆਹ ॥੧੦॥ ਪੋਖਿ ਤੁਖਾਰੁ ਨ ਵਿਆਪਈ ਕੰਠਿ ਮਿਲਿਆ ਹਰਿ ਨਾਹੁ ॥ ਮਨੁ ਬੇਧਿਆ ਚਰਨਾਰਬਿੰਦ ਦਰਸਨਿ ਲਗੜਾ ਸਾਹੁ ॥ ਓਟ ਗੋਵਿੰਦ ਗੋਪਾਲ ਰਾਇ ਸੇਵਾ ਸੁਆਮੀ ਲਾਹੁ ॥ ਬਿਖਿਆ ਪੋਹਿ ਨ ਸਕਈ ਮਿਲਿ ਸਾਧੂ ਗੁਣ ਗਾਹੁ ॥ ਜਹ ਤੇ ਉਪਜੀ ਤਹ ਮਿਲੀ ਸਚੀ ਪ੍ਰੀਤਿ ਸਮਾਹੁ ॥ ਕਰੁ ਗਹਿ ਲੀਨੀ ਪਾਰਬ੍ਰਹਮਿ ਬਹੁੜਿ ਨ ਵਿਛੁੜੀਆਹੁ ॥ ਬਾਰਿ ਜਾਉ ਲਖ ਬੇਰੀਆ ਹਰਿ ਸਜਣੁ ਅਗਮ ਅਗਾਹੁ ॥ ਸਰਮ ਪਈ ਨਾਰਾਇਣੈ ਨਾਨਕ ਦਰਿ ਪਈਆਹੁ ॥ ਪੋਖੁ ਸੋੁਹੰਦਾ ਸਰਬ ਸੁਖ ਜਿਸੁ ਬਖਸੇ ਵੇਪਰਵਾਹੁ ॥੧੧॥ ਮਾਘਿ ਮਜਨੁ ਸੰਗਿ ਸਾਧੂਆ ਧੂੜੀ ਕਰਿ ਇਸਨਾਨੁ ॥ ਹਰਿ ਕਾ ਨਾਮੁ ਧਿਆਇ ਸੁਣਿ ਸਭਨਾ ਨੋ ਕਰਿ ਦਾਨੁ ॥ ਜਨਮ ਕਰਮ ਮਲੁ ਉਤਰੈ ਮਨ ਤੇ ਜਾਇ

ਗੁਮਾਨੁ ॥ ਕਾਮਿ ਕਰੋਧਿ ਨ ਮੋਹੀਐ ਬਿਨਸੈ ਲੋਭੁ ਸੁਆਨੁ ॥ ਸਚੈ ਮਾਰਗਿ ਚਲਦਿਆ ਉਸਤਤਿ ਕਰੇ ਜਹਾਨੁ ॥ ਅਠਸਠਿ ਤੀਰਥ ਸਗਲ ਪੁੰਨ ਜੀਅ ਦਇਆ ਪਰਵਾਨੁ ॥ ਜਿਸ ਨੋ ਦੇਵੈ ਦਇਆ ਕਰਿ ਸੋਈ ਪੁਰਖੁ ਸੁਜਾਨੁ ॥ ਜਿਨਾ ਮਿਲਿਆ ਪ੍ਰਭੁ ਆਪਣਾ ਨਾਨਕ ਤਿਨ ਕੁਰਬਾਨੁ ॥ ਮਾਘਿ ਸੁਚੇ ਸੇ ਕਾਂਢੀਅਹਿ ਜਿਨ ਪੂਰਾ ਗੁਰੁ ਮਿਹਰਵਾਨੁ ॥੧੨॥ ਫਲਗੁਣਿ ਅਨੰਦ ਉਪਾਰਜਨਾ ਹਰਿ ਸਜਣ ਪ੍ਰਗਟੇ ਆਇ ॥ ਸੰਤ ਸਹਾਈ ਰਾਮ ਕੇ ਕਰਿ ਕਿਰਪਾ ਦੀਆ ਮਿਲਾਇ ॥ ਸੇਜ ਸੁਹਾਵੀ ਸਰਬ ਸੁਖ ਹੁਣਿ ਦੁਖਾ ਨਾਹੀ ਜਾਇ ॥ ਇਛ ਪੁਨੀ ਵਡਭਾਗਣੀ ਵਰੁ ਪਾਇਆ ਹਰਿ ਰਾਇ ॥ ਮਿਲਿ ਸਹੀਆ ਮੰਗਲੁ ਗਾਵਹੀ ਗੀਤ ਗੋਵਿੰਦ ਅਲਾਇ ॥ ਹਰਿ ਜੇਹਾ ਅਵਰੁ ਨ ਦਿਸਈ ਕੋਈ ਦੂਜਾ ਲਵੈ ਨ ਲਾਇ ॥ ਹਲਤੁ ਪਲਤੁ ਸਵਾਰਿਓਨੁ ਨਿਹਚਲ ਦਿਤੀਅਨੁ ਜਾਇ ॥ ਸੰਸਾਰ ਸਾਗਰ ਤੇ ਰਖਿਅਨੁ ਬਹੁੜਿ ਨ ਜਨਮੈ ਧਾਇ ॥ ਜਿਹਵਾ ਏਕ ਅਨੇਕ ਗੁਣ ਤਰੇ ਨਾਨਕ ਚਰਣੀ ਪਾਇ ॥ ਫਲਗੁਣਿ ਨਿਤ ਸਲਾਹੀਐ ਜਿਸ ਨੋ ਤਿਲੁ ਨ ਤਮਾਇ ॥੧੩॥ ਜਿਨਿ ਜਿਨਿ ਨਾਮੁ ਧਿਆਇਆ ਤਿਨ ਕੇ ਕਾਜ ਸਰੇ ॥ ਹਰਿ ਗੁਰੁ ਪੂਰਾ ਆਰਾਧਿਆ ਦਰਗਹ ਸਚਿ ਖਰੇ ॥ ਸਰਬ ਸੁਖਾ ਨਿਧਿ ਚਰਣ ਹਰਿ ਭਉਜਲੁ ਬਿਖਮੁ ਤਰੇ ॥ ਪ੍ਰੇਮ ਭਗਤਿ ਤਿਨ ਪਾਈਆ ਬਿਖਿਆ ਨਾਹਿ ਜਰੇ ॥ ਕੂੜ ਗਏ ਦੁਬਿਧਾ ਨਸੀ ਪੂਰਨ ਸਚਿ ਭਰੇ ॥ ਪਾਰਬ੍ਰਹਮੁ ਪ੍ਰਭੁ ਸੇਵਦੇ ਮਨ ਅੰਦਰਿ ਏਕੁ ਧਰੇ ॥ ਮਾਹ ਦਿਵਸ ਮੂਰਤ ਭਲੇ ਜਿਸ ਕਉ ਨਦਰਿ ਕਰੇ ॥ ਨਾਨਕੁ ਮੰਗੈ ਦਰਸ ਦਾਨੁ ਕਿਰਪਾ ਕਰਹੁ ਹਰੇ ॥੧੪॥੧॥

### ਮਾਝ ਮਹਲਾ ੫ ਦਿਨ ਰੈਣਿ ੴ ਸਤਿਗੁਰ ਪ੍ਰਸਾਦਿ ॥

ਸੇਵੀ ਸਤਿਗੁਰੁ ਆਪਣਾ ਹਰਿ ਸਿਮਰੀ ਦਿਨ ਸਭਿ ਰੈਣ ॥ ਆਪੁ ਤਿਆਗਿ ਸਰਣੀ ਪਵਾਂ ਮੁਖਿ ਬੋਲੀ ਮਿਠੜੇ ਵੈਣ ॥ ਜਨਮ ਜਨਮ ਕਾ ਵਿਛੁੜਿਆ ਹਰਿ ਮੇਲਹੁ ਸਜਣੁ ਸੈਣ ॥ ਜੋ ਜੀਅ ਹਰਿ ਤੇ ਵਿਛੁੜੇ ਸੇ ਸੁਖਿ ਨ ਵਸਨਿ ਭੈਣ ॥ ਹਰਿ ਪਿਰ ਬਿਨੁ ਚੈਨੁ ਨ ਪਾਈਐ ਖੋਜਿ ਡਿਠੇ ਸਭਿ ਗੈਣ ॥ ਆਪ ਕਮਾਣੈ ਵਿਛੁੜੀ ਦੋਸੁ ਨ ਕਾਹੂ ਦੇਣ ॥ ਕਰਿ ਕਿਰਪਾ ਪ੍ਰਭ ਰਾਖਿ ਲੇਹੁ ਹੋਰੁ ਨਾਹੀ ਕਰਣ ਕਰੇਣ ॥ ਹਰਿ ਤੁਧੁ ਵਿਣੁ ਖਾਕੂ ਰੂਲਣਾ ਕਹੀਐ ਕਿਥੈ ਵੈਣ ॥ ਨਾਨਕ ਕੀ ਬੇਨੰਤੀਆ ਹਰਿ ਸੁਰਜਨੁ ਦੇਖਾ ਨੈਣ ॥੧॥ ਜੀਅ ਕੀ ਬਿਰਥਾ ਸੋ ਸੁਣੇ ਹਰਿ ਸੰਮ੍ਰਿਥ ਪੁਰਖੁ ਅਪਾਰੁ ॥ ਮਰਣਿ ਜੀਵਣਿ

ਆਰਾਧਣਾ ਸਭਨਾ ਕਾ ਆਧਾਰੁ ॥ ਸਸੁਰੈ ਪੇਈਐ ਤਿਸੁ ਕੰਤ ਕੀ ਵਡਾ ਜਿਸੁ ਪਰਵਾਰੁ ॥ ਊਚਾ ਅਗਮ ਅਗਾਧਿ ਬੋਧ ਕਿਛੁ ਅੰਤੁ ਨ ਪਾਰਾਵਾਰੁ ॥ ਸੇਵਾ ਸਾ ਤਿਸੁ ਭਾਵਸੀ ਸੰਤਾ ਕੀ ਹੋਇ ਛਾਰੁ ॥ ਦੀਨਾ ਨਾਥ ਦੈਆਲ ਦੇਵ ਪਤਿਤ ਉਧਾਰਣਹਾਰੁ ॥ ਆਦਿ ਜੁਗਾਦੀ ਰਖਦਾ ਸਚੁ ਨਾਮੁ ਕਰਤਾਰੁ ॥ ਕੀਮਤਿ ਕੋਇ ਨ ਜਾਣਈ ਕੋ ਨਾਹੀ ਤੋਲਣਹਾਰੁ ॥ ਮਨ ਤਨ ਅੰਤਰਿ ਵਸਿ ਰਹੇ ਨਾਨਕ ਨਹੀ ਸੁਮਾਰੁ ॥ ਦਿਨੁ ਰੈਣਿ ਜਿ ਪ੍ਰਭ ਕੰਉ ਸੇਵਦੇ ਤਿਨ ਕੈ ਸਦ ਬਲਿਹਾਰ ॥੨॥ ਸੰਤ ਅਰਾਧਨਿ ਸਦ ਸਦਾ ਸਭਨਾ ਕਾ ਬਖਸਿੰਦੁ ॥ ਜੀਉ ਪਿੰਡੁ ਜਿਨਿ ਸਾਜਿਆ ਕਰਿ ਕਿਰਪਾ ਦਿਤੀਨੁ ਜਿੰਦੁ ॥ ਗੁਰ ਸਬਦੀ ਆਰਾਧੀਐ ਜਪੀਐ ਨਿਰਮਲ ਮੰਤੁ ॥ ਕੀਮਤਿ ਕਹਣੁ ਨ ਜਾਈਐ ਪਰਮੇਸੁਰੁ ਬੇਅੰਤੁ ॥ ਜਿਸੁ ਮਨਿ ਵਸੈ ਨਰਾਇਣੋ ਸੋ ਕਹੀਐ ਭਗਵੰਤੁ ॥ ਜੀਅ ਕੀ ਲੋਚਾ ਪੂਰੀਐ ਮਿਲੈ ਸੁਆਮੀ ਕੰਤੁ ॥ ਨਾਨਕੁ ਜੀਵੈ ਜਪਿ ਹਰੀ ਦੋਖ ਸਭੇ ਹੀ ਹੰਤੁ ॥ ਦਿਨੁ ਰੈਣਿ ਜਿਸੁ ਨ ਵਿਸਰੈ ਸੋ ਹਰਿਆ ਹੋਵੈ ਜੰਤੁ ॥੩॥ ਸਰਬ ਕਲਾ ਪ੍ਰਭ ਪੂਰਣੋ ਮੰਞੁ ਨਿਮਾਣੀ ਥਾਉ ॥ ਹਰਿ ਓਟ ਗਹੀ ਮਨ ਅੰਦਰੇ ਜਪਿ ਜਪਿ ਜੀਵਾਂ ਨਾਉ ॥ ਕਰਿ ਕਿਰਪਾ ਪ੍ਰਭ ਆਪਣੀ ਜਨ ਧੂੜੀ ਸੰਗਿ ਸਮਾਉ ॥ ਜਿਉ ਤੂੰ ਰਾਖਹਿ ਤਿਉ ਰਹਾ ਤੇਰਾ ਦਿਤਾ ਪੈਨਾ ਖਾਉ ॥ ਉਦਮੁ ਸੋਈ ਕਰਾਇ ਪ੍ਰਭ ਮਿਲਿ ਸਾਧੂ ਗੁਣ ਗਾਉ ॥ ਦੂਜੀ ਜਾਇ ਨ ਸੁਝਈ ਕਿਥੈ ਕੂਕਣ ਜਾਉ ॥ ਅਗਿਆਨ ਬਿਨਾਸਨ ਤਮ ਹਰਣ ਊਚੇ ਅਗਮ ਅਮਾਉ ॥ ਮਨੁ ਵਿਛੁੜਿਆ ਹਰਿ ਮੇਲੀਐ ਨਾਨਕ ਏਹੁ ਸੁਆਉ ॥ ਸਰਬ ਕਲਿਆਣਾ ਤਿਤੁ ਦਿਨਿ ਹਰਿ ਪਰਸੀ ਗੁਰ ਕੇ ਪਾਉ ॥੪॥੧॥

ਵਾਰ ਮਾਝ ਕੀ ਤਥਾ ਸਲੋਕ ਮਹਲਾ ੧

ਮਲਕ ਮੁਰੀਦ ਤਥਾ ਚੰਦ੍ਰਹੜਾ ਸੋਹੀਆ ਕੀ ਧੁਨੀ ਗਾਵਣੀ ॥ ੧ਓ ਸਤਿ ਨਾਮੁ ਕਰਤਾ ਪੁਰਖੁ ਗੁਰ ਪ੍ਰਸਾਦਿ ॥

ਸਲੋਕੁ ਮਃ ੧ ॥ ਗੁਰੁ ਦਾਤਾ ਗੁਰੁ ਹਿਵੈ ਘਰੁ ਗੁਰੁ ਦੀਪਕੁ ਤਿਹ ਲੋਇ ॥ ਅਮਰ ਪਦਾਰਥੁ ਨਾਨਕਾ ਮਨਿ ਮਾਨਿਐ ਸੁਖੁ ਹੋਇ ॥੧॥ ਮਃ ੧ ॥ ਪਹਿਲੈ ਪਿਆਰਿ ਲਗਾ ਥਣ ਦੁਧਿ ॥ ਦੂਜੈ ਮਾਇ ਬਾਪ ਕੀ ਸੁਧਿ ॥ ਤੀਜੈ ਭਯਾ ਭਾਭੀ ਬੇਬ ॥ ਚਉਥੈ ਪਿਆਰਿ ਉਪੰਨੀ ਖੇਡ ॥ ਪੰਜਵੈ ਖਾਣ ਪੀਅਣ ਕੀ ਧਾਤੁ ॥ ਛਿਵੈ ਕਾਮੁ ਨ ਪੁਛੈ ਜਾਤਿ ॥ ਸਤਵੈ ਸੰਜਿ ਕੀਆ ਘਰ ਵਾਸੁ ॥ ਅਠਵੈ ਕ੍ਰੋਧੁ ਹੋਆ ਤਨ ਨਾਸੁ ॥ ਨਾਵੈ ਧਉਲੇ ਉਭੇ ਸਾਹ ॥ ਦਸਵੈ ਦਧਾ ਹੋਆ ਸੁਆਹ ॥ ਗਏ ਸਿਗੀਤ ਪੁਕਾਰੀ ਧਾਹ ॥ ਉਡਿਆ ਹੰਸੁ ਦਸਾਏ ਰਾਹ ॥

ਆਇਆ ਗਇਆ ਮੁਇਆ ਨਾਉ ॥ ਪਿਛੈ ਪਤਲਿ ਸਦਿਹੁ ਕਾਵ ॥ ਨਾਨਕ ਮਨਮੁਖਿ ਅੰਧੁ ਪਿਆਰੁ ॥ ਬਾਝੁ ਗੁਰੂ ਡੁਬਾ ਸੰਸਾਰੁ ॥੨॥ ਮਃ ੧ ॥ ਦਸ ਬਾਲਤਣਿ ਬੀਸ ਰਵਣਿ ਤੀਸਾ ਕਾ ਸੁੰਦਰੁ ਕਹਾਵੈ ॥ ਚਾਲੀਸੀ ਪੁਰੁ ਹੋਇ ਪਚਾਸੀ ਪਗੁ ਖਿਸੈ ਸਠੀ ਕੇ ਬੋਢੇਪਾ ਆਵੈ ॥ ਸਤਰਿ ਕਾ ਮਤਿਹੀਣੁ ਅਸੀਹਾਂ ਕਾ ਵਿਉਹਾਰੁ ਨ ਪਾਵੈ ॥ ਨਵੈ ਕਾ ਸਿਹਜਾਸਣੀ ਮੂਲਿ ਨ ਜਾਣੈ ਅਪ ਬਲੁ ॥ ਢੰਢੋਲਿਮੁ ਢੂਢਿਮੁ ਡਿਠੁ ਮੈ ਨਾਨਕ ਜਗੁ ਧੂਏ ਕਾ ਧਵਲਹਰੁ ॥੩॥ ਪਉੜੀ ॥ ਤੂੰ ਕਰਤਾ ਪੁਰਖੁ ਅਗੰਮੁ ਹੈ ਆਪਿ ਸ੍ਰਿਸਟਿ ਉਪਾਤੀ ॥ ਰੰਗ ਪਰੰਗ ਉਪਾਰਜਨਾ ਬਹੁ ਬਹੁ ਬਿਧਿ ਭਾਤੀ ॥ ਤੂੰ ਜਾਣਹਿ ਜਿਨਿ ਉਪਾਈਐ ਸਭੁ ਖੇਲੁ ਤੁਮਾਤੀ ॥ ਇਕਿ ਆਵਹਿ ਇਕਿ ਜਾਹਿ ਉਠਿ ਬਿਨੁ ਨਾਵੈ ਮਰਿ ਜਾਤੀ ॥ ਗੁਰਮੁਖਿ ਰੰਗਿ ਚਲੂਲਿਆ ਰੰਗਿ ਹਰਿ ਰੰਗਿ ਰਾਤੀ ॥ ਸੋ ਸੇਵਹੁ ਸਤਿ ਨਿਰੰਜਨੋ ਹਰਿ ਪੁਰਖੁ ਬਿਧਾਤੀ ॥ ਤੂੰ ਆਪੇ ਆਪਿ ਸੁਜਾਣੁ ਹੈ ਵਡ ਪੁਰਖੁ ਵਡਾਤੀ ॥ ਜੋ ਮਨਿ ਚਿਤਿ ਤੁਧੁ ਧਿਆਇਦੇ ਮੇਰੇ ਸਚਿਆ ਬਲਿ ਬਲਿ ਹਉ ਤਿਨ ਜਾਤੀ ॥੧॥ ਸਲੋਕ ਮਃ ੧ ॥ ਜੀਉ ਪਾਇ ਤਨੁ ਸਾਜਿਆ ਰਖਿਆ ਬਣਤ ਬਣਾਇ ॥ ਅਖੀ ਦੇਖੈ ਜਿਹਵਾ ਬੋਲੈ ਕੰਨੀ ਸੁਰਤਿ ਸਮਾਇ ॥ ਪੈਰੀ ਚਲੈ ਹਥੀ ਕਰਣਾ ਦਿਤਾ ਪੈਨੈ ਖਾਇ ॥ ਜਿਨਿ ਰਚਿ ਰਚਿਆ ਤਿਸਹਿ ਨ ਜਾਣੈ ਅੰਧਾ ਅੰਧੁ ਕਮਾਇ ॥ ਜਾ ਭਜੈ ਤਾ ਠੀਕਰੁ ਹੋਵੈ ਘਾੜਤ ਘੜੀ ਨ ਜਾਇ ॥ ਨਾਨਕ ਗੁਰ ਬਿਨੁ ਨਾਹਿ ਪਤਿ ਪਤਿ ਵਿਣੁ ਪਾਰਿ ਨ ਪਾਇ ॥੧॥ ਮਃ ੨ ॥ ਦੇਂਦੇ ਥਾਵਹੁ ਦਿਤਾ ਚੰਗਾ ਮਨਮੁਖਿ ਐਸਾ ਜਾਣੀਐ ॥ ਸੁਰਤਿ ਮਤਿ ਚਤੁਰਾਈ ਤਾ ਕੀ ਕਿਆ ਕਰਿ ਆਖਿ ਵਖਾਣੀਐ ॥ ਅੰਤਰਿ ਬਹਿ ਕੈ ਕਰਮ ਕਮਾਵੈ ਸੋ ਚਹੁ ਕੁੰਡੀ ਜਾਣੀਐ ॥ ਜੋ ਧਰਮੁ ਕਮਾਵੈ ਤਿਸੁ ਧਰਮ ਨਾਉ ਹੋਵੈ ਪਾਪਿ ਕਮਾਣੈ ਪਾਪੀ ਜਾਣੀਐ ॥ ਤੂੰ ਆਪੇ ਖੇਲ ਕਰਹਿ ਸਭਿ ਕਰਤੇ ਕਿਆ ਦੂਜਾ ਆਖਿ ਵਖਾਣੀਐ ॥ ਜਿਚਰੁ ਤੇਰੀ ਜੋਤਿ ਤਿਚਰੁ ਜੋਤੀ ਵਿਚਿ ਤੂੰ ਬੋਲਹਿ ਵਿਣੁ ਜੋਤੀ ਕੋਈ ਕਿਛੁ ਕਰਿਹੁ ਦਿਖਾ ਸਿਆਣੀਐ ॥ ਨਾਨਕ ਗੁਰਮੁਖਿ ਨਦਰੀ ਆਇਆ ਹਰਿ ਇਕੋ ਸੁਘੜੁ ਸੁਜਾਣੀਐ ॥੨॥ ਪਉੜੀ ॥ ਤੁਧੁ ਆਪੇ ਜਗਤੁ ਉਪਾਇ ਕੈ ਤੁਧੁ ਆਪੇ ਧੰਧੈ ਲਾਇਆ ॥ ਮੋਹ ਠਗਉਲੀ ਪਾਇ ਕੈ ਤੁਧੁ ਆਪਹੁ ਜਗਤੁ ਖੁਆਇਆ ॥ ਤਿਸਨਾ ਅੰਦਰਿ ਅਗਨਿ ਹੈ ਨਹ ਤਿਪਤੈ ਭੁਖਾ ਤਿਹਾਇਆ ॥ ਸਹਸਾ ਇਹੁ ਸੰਸਾਰੁ ਹੈ ਮਰਿ ਜੰਮੈ ਆਇਆ ਜਾਇਆ ॥ ਬਿਨੁ ਸਤਿਗੁਰ ਮੋਹੁ ਨ ਤੁਟਈ ਸਭਿ ਥਕੇ ਕਰਮ ਕਮਾਇਆ ॥ ਗੁਰਮਤੀ ਨਾਮੁ ਧਿਆਈਐ ਸੁਖਿ ਰਜਾ ਜਾ ਤੁਧੁ ਭਾਇਆ ॥ ਕੁਲੁ

ਉਧਾਰੇ ਆਪਣਾ ਧੰਨੁ ਜਣੇਦੀ ਮਾਇਆ ॥ ਸੋਭਾ ਸੁਰਤਿ ਸੁਹਾਵਣੀ ਜਿਨਿ ਹਰਿ ਸੇਤੀ ਚਿਤੁ ਲਾਇਆ ॥੨॥ ਸਲੋਕੁ ਮਃ ੨ ॥ ਅਖੀ ਬਾਝਹੁ ਵੇਖਣਾ ਵਿਣੁ ਕੰਨਾ ਸੁਨਣਾ ॥ ਪੈਰਾ ਬਾਝਹੁ ਚਲਣਾ ਵਿਣੁ ਹਥਾ ਕਰਣਾ ॥ ਜੀਭੈ ਬਾਝਹੁ ਬੋਲਣਾ ਇਉ ਜੀਵਤ ਮਰਣਾ ॥ ਨਾਨਕ ਹੁਕਮੁ ਪਛਾਣਿ ਕੈ ਤਉ ਖਸਮੈ ਮਿਲਣਾ ॥੧॥ ਮਃ ੨ ॥ ਦਿਸੈ ਸੁਣੀਐ ਜਾਣੀਐ ਸਾਉ ਨ ਪਾਇਆ ਜਾਇ ॥ ਰੁਹਲਾ ਟੁੰਡਾ ਅੰਧੁਲਾ ਕਿਉ ਗਲਿ ਲਗੈ ਧਾਇ ॥ ਭੈ ਕੇ ਚਰਣ ਕਰ ਭਾਵ ਕੇ ਲੋਇਣ ਸੁਰਤਿ ਕਰੇਇ ॥ ਨਾਨਕੁ ਕਹੈ ਸਿਆਣੀਏ ਇਵ ਕੰਤ ਮਿਲਾਵਾ ਹੋਇ ॥੨॥ ਪਉੜੀ ॥ ਸਦਾ ਸਦਾ ਤੂੰ ਏਕੁ ਹੈ ਤੁਧੁ ਦੂਜਾ ਖੇਲੁ ਰਚਾਇਆ ॥ ਹਉਮੈ ਗਰਬੁ ਉਪਾਇ ਕੈ ਲੋਭੁ ਅੰਤਰਿ ਜੰਤਾ ਪਾਇਆ ॥ ਜਿਉ ਭਾਵੈ ਤਿਉ ਰਖੁ ਤੂ ਸਭ ਕਰੇ ਤੇਰਾ ਕਰਾਇਆ ॥ ਇਕਨਾ ਬਖਸਹਿ ਮੇਲਿ ਲੈਹਿ ਗੁਰਮਤੀ ਤੁਧੈ ਲਾਇਆ ॥ ਇਕਿ ਖੜੇ ਕਰਹਿ ਤੇਰੀ ਚਾਕਰੀ ਵਿਣੁ ਨਾਵੈ ਹੋਰੁ ਨ ਭਾਇਆ ॥ ਹੋਰੁ ਕਾਰ ਵੇਕਾਰ ਹੈ ਇਕਿ ਸਚੀ ਕਾਰੈ ਲਾਇਆ ॥ ਪੁਤੁ ਕਲਤੁ ਕੁਟੰਬੁ ਹੈ ਇਕਿ ਅਲਿਪਤੁ ਰਹੇ ਜੋ ਤੁਧੁ ਭਾਇਆ ॥ ਓਹਿ ਅੰਦਰਹੁ ਬਾਹਰਹੁ ਨਿਰਮਲੇ ਸਚੈ ਨਾਇ ਸਮਾਇਆ ॥੩॥ ਸਲੋਕੁ ਮਃ ੧ ॥ ਸੁਇਨੇ ਕੈ ਪਰਬਤਿ ਗੁਫਾ ਕਰੀ ਕੈ ਪਾਣੀ ਪਇਆਲਿ ॥ ਕੈ ਵਿਚਿ ਧਰਤੀ ਕੈ ਆਕਾਸੀ ਉਰਧਿ ਰਹਾ ਸਿਰਿ ਭਾਰਿ ॥ ਪੁਰੁ ਕਰਿ ਕਾਇਆ ਕਪੜੁ ਪਹਿਰਾ ਧੋਵਾ ਸਦਾ ਕਾਰਿ ॥ ਬਗਾ ਰਤਾ ਪੀਅਲਾ ਕਾਲਾ ਬੇਦਾ ਕਰੀ ਪੁਕਾਰ ॥ ਹੋਇ ਕੁਚੀਲੁ ਰਹਾ ਮਲੁ ਧਾਰੀ ਦੁਰਮਤਿ ਮਤਿ ਵਿਕਾਰ ॥ ਨਾ ਹਉ ਨਾ ਮੈ ਨਾ ਹਉ ਹੋਵਾ ਨਾਨਕ ਸਬਦੁ ਵੀਚਾਰਿ ॥੧॥ ਮਃ ੧ ॥ ਵਸਤ੍ਰ ਪਖਾਲਿ ਪਖਾਲੇ ਕਾਇਆ ਆਪੇ ਸੰਜਮਿ ਹੋਵੈ ॥ ਅੰਤਰਿ ਮੈਲੁ ਲਗੀ ਨਹੀ ਜਾਣੈ ਬਾਹਰਹੁ ਮਲਿ ਮਲਿ ਧੋਵੈ ॥ ਅੰਧਾ ਭੂਲਿ ਪਇਆ ਜਮ ਜਾਲੇ ॥ ਵਸਤੁ ਪਰਾਈ ਅਪੁਨੀ ਕਰਿ ਜਾਨੈ ਹਉਮੈ ਵਿਚਿ ਦੁਖੁ ਘਾਲੇ ॥ ਨਾਨਕ ਗੁਰਮੁਖਿ ਹਉਮੈ ਤੁਟੈ ਤਾ ਹਰਿ ਹਰਿ ਨਾਮੁ ਧਿਆਵੈ ॥ ਨਾਮੁ ਜਪੇ ਨਾਮੋ ਆਰਾਧੇ ਨਾਮੇ ਸੁਖਿ ਸਮਾਵੈ ॥੨॥ ਪਵੜੀ ॥ ਕਾਇਆ ਹੰਸਿ ਸੰਜੋਗੁ ਮੇਲਿ ਮਿਲਾਇਆ ॥ ਤਿਨ ਹੀ ਕੀਆ ਵਿਜੋਗੁ ਜਿਨਿ ਉਪਾਇਆ ॥ ਮੂਰਖੁ ਭੋਗੇ ਭੋਗੁ ਦੁਖ ਸਬਾਇਆ ॥ ਸੁਖਹੁ ਉਠੇ ਰੋਗ ਪਾਪ ਕਮਾਇਆ ॥ ਹਰਖਹੁ ਸੋਗੁ ਵਿਜੋਗੁ ਉਪਾਇ ਖਪਾਇਆ ॥ ਮੂਰਖ ਗਣਤ ਗਣਾਇ ਝਗੜਾ ਪਾਇਆ ॥ ਸਤਿਗੁਰ ਹਥਿ ਨਿਬੇੜੁ ਝਗੜੁ ਚੁਕਾਇਆ ॥ ਕਰਤਾ ਕਰੇ ਸੁ ਹੋਗੁ ਨ ਚਲੈ ਚਲਾਇਆ ॥੪॥ ਸਲੋਕੁ ਮਃ ੧ ॥ ਕੂੜੁ ਬੋਲਿ ਮੁਰਦਾਰੁ ਖਾਇ ॥

ਅਵਰੀ ਨੋ ਸਮਝਾਵਣਿ ਜਾਇ ॥ ਮੁਠਾ ਆਪਿ ਮੁਹਾਏ ਸਾਥੈ ॥ ਨਾਨਕ ਐਸਾ ਆਗੂ ਜਾਪੈ ॥੧॥ ਮਹਲਾ ੪ ॥ ਜਿਸ ਦੈ ਅੰਦਰਿ ਸਚੁ ਹੈ ਸੋ ਸਚਾ ਨਾਮੁ ਮੁਖਿ ਸਚੁ ਅਲਾਏ ॥ ਓਹੁ ਹਰਿ ਮਾਰਗਿ ਆਪਿ ਚਲਦਾ ਹੋਰਨਾ ਨੋ ਹਰਿ ਮਾਰਗਿ ਪਾਏ ॥ ਜੇ ਅਗੈ ਤੀਰਥੁ ਹੋਇ ਤਾ ਮਲੁ ਲਹੈ ਛਪੜਿ ਨਾਤੈ ਸਗਵੀ ਮਲੁ ਲਾਏ ॥ ਤੀਰਥੁ ਪੂਰਾ ਸਤਿਗੁਰੂ ਜੋ ਅਨਦਿਨੁ ਹਰਿ ਹਰਿ ਨਾਮੁ ਧਿਆਏ ॥ ਓਹੁ ਆਪਿ ਛੁਟਾ ਕੁਟੰਬ ਸਿਉ ਦੇ ਹਰਿ ਹਰਿ ਨਾਮੁ ਸਭ ਸ੍ਰਿਸਟਿ ਛਡਾਏ ॥ ਜਨ ਨਾਨਕ ਤਿਸੁ ਬਲਿਹਾਰਣੈ ਜੋ ਆਪਿ ਜਪੈ ਅਵਰਾ ਨਾਮੁ ਜਪਾਏ ॥੨॥ ਪਉੜੀ ॥ ਇਕਿ ਕੰਦ ਮੂਲੁ ਚੁਣਿ ਖਾਹਿ ਵਣ ਖੰਡਿ ਵਾਸਾ ॥ ਇਕਿ ਭਗਵਾ ਵੇਸੁ ਕਰਿ ਫਿਰਹਿ ਜੋਗੀ ਸੰਨਿਆਸਾ ॥ ਅੰਦਰਿ ਤ੍ਰਿਸਨਾ ਬਹੁਤੁ ਛਾਦਨ ਭੋਜਨ ਕੀ ਆਸਾ ॥ ਬਿਰਥਾ ਜਨਮੁ ਗਵਾਇ ਨ ਗਿਰਹੀ ਨ ਉਦਾਸਾ ॥ ਜਮਕਾਲੁ ਸਿਰਹੁ ਨ ਉਤਰੈ ਤ੍ਰਿਬਿਧਿ ਮਨਸਾ ॥ ਗੁਰਮਤੀ ਕਾਲੁ ਨ ਆਵੈ ਨੇੜੈ ਜਾ ਹੋਵੈ ਦਾਸਨਿ ਦਾਸਾ ॥ ਸਚਾ ਸਬਦੁ ਸਚੁ ਮਨਿ ਘਰ ਹੀ ਮਾਹਿ ਉਦਾਸਾ ॥ ਨਾਨਕ ਸਤਿਗੁਰੁ ਸੇਵਨਿ ਆਪਣਾ ਸੇ ਆਸਾ ਤੇ ਨਿਰਾਸਾ ॥੫॥ ਸਲੋਕੁ ਮਃ ੧ ॥ ਜੇ ਰਤੁ ਲਗੈ ਕਪੜੈ ਜਾਮਾ ਹੋਇ ਪਲੀਤੁ ॥ ਜੋ ਰਤੁ ਪੀਵਹਿ ਮਾਣਸਾ ਤਿਨ ਕਿਉ ਨਿਰਮਲੁ ਚੀਤੁ ॥ ਨਾਨਕ ਨਾਉ ਖੁਦਾਇ ਕਾ ਦਿਲਿ ਹਛੈ ਮੁਖਿ ਲੇਹੁ ॥ ਅਵਰਿ ਦਿਵਾਜੇ ਦੁਨੀ ਕੇ ਝੂਠੇ ਅਮਲ ਕਰੇਹੁ ॥੧॥ ਮਃ ੧ ॥ ਜਾ ਹਉ ਨਾਹੀ ਤਾ ਕਿਆ ਆਖਾ ਕਿਹੁ ਨਾਹੀ ਕਿਆ ਹੋਵਾ ॥ ਕੀਤਾ ਕਰਣਾ ਕਹਿਆ ਕਥਨਾ ਭਰਿਆ ਭਰਿ ਭਰਿ ਧੋਵਾਂ ॥ ਆਪਿ ਨ ਬੁਝਾ ਲੋਕ ਬੁਝਾਈ ਐਸਾ ਆਗੂ ਹੋਵਾਂ ॥ ਨਾਨਕ ਅੰਧਾ ਹੋਇ ਕੈ ਦਸੇ ਰਾਹੈ ਸਭਸੁ ਮੁਹਾਏ ਸਾਥੈ ॥ ਅਗੈ ਗਇਆ ਮੁਹੇ ਮੁਹਿ ਪਾਹਿ ਸੁ ਐਸਾ ਆਗੂ ਜਾਪੈ ॥੨॥ ਪਉੜੀ ॥ ਮਾਹਾ ਰੁਤੀ ਸਭ ਤੂੰ ਘੜੀ ਮੂਰਤ ਵੀਚਾਰਾ ॥ ਤੂੰ ਗਣਤੈ ਕਿਨੈ ਨ ਪਾਇਓ ਸਚੇ ਅਲਖ ਅਪਾਰਾ ॥ ਪੜਿਆ ਮੂਰਖੁ ਆਖੀਐ ਜਿਸੁ ਲਬੁ ਲੋਭੁ ਅਹੰਕਾਰਾ ॥ ਨਾਉ ਪੜੀਐ ਨਾਉ ਬੁਝੀਐ ਗੁਰਮਤੀ ਵੀਚਾਰਾ ॥ ਗੁਰਮਤੀ ਨਾਮੁ ਧਨੁ ਖਟਿਆ ਭਗਤੀ ਭਰੇ ਭੰਡਾਰਾ ॥ ਨਿਰਮਲੁ ਨਾਮੁ ਮੰਨਿਆ ਦਰਿ ਸਚੈ ਸਚਿਆਰਾ ॥ ਜਿਸ ਦਾ ਜੀਉ ਪਰਾਣੁ ਹੈ ਅੰਤਰਿ ਜੋਤਿ ਅਪਾਰਾ ॥ ਸਚਾ ਸਾਹੁ ਇਕੁ ਤੂੰ ਹੋਰੁ ਜਗਤੁ ਵਣਜਾਰਾ ॥੬॥ ਸਲੋਕੁ ਮਃ ੧ ॥ ਮਿਹਰ ਮਸੀਤਿ ਸਿਦਕੁ ਮੁਸਲਾ ਹਕੁ ਹਲਾਲੁ ਕੁਰਾਣੁ ॥ ਸਰਮ ਸੁੰਨਤਿ ਸੀਲੁ ਰੋਜਾ ਹੋਹੁ ਮੁਸਲਮਾਣੁ ॥ ਕਰਣੀ ਕਾਬਾ ਸਚੁ ਪੀਰੁ ਕਲਮਾ ਕਰਮ ਨਿਵਾਜ ॥ ਤਸਬੀ ਸਾ ਤਿਸੁ

ਭਾਵਸੀ ਨਾਨਕ ਰਖੈ ਲਾਜ ॥੧॥ ਮਃ ੧ ॥ ਹਕੁ ਪਰਾਇਆ ਨਾਨਕਾ ਉਸੁ ਸੂਅਰ ਉਸੁ ਗਾਇ ॥ ਗੁਰੁ ਪੀਰੁ ਹਾਮਾ ਤਾ ਭਰੇ ਜਾ ਮੁਰਦਾਰੁ ਨ ਖਾਇ ॥ ਗਲੀ ਭਿਸਤਿ ਨ ਜਾਈਐ ਛੁਟੈ ਸਚੁ ਕਮਾਇ ॥ ਮਾਰਣ ਪਾਹਿ ਹਰਾਮ ਮਹਿ ਹੋਇ ਹਲਾਲੁ ਨ ਜਾਇ ॥ ਨਾਨਕ ਗਲੀ ਕੂੜੀਈ ਕੂੜੋ ਪਲੈ ਪਾਇ ॥੨॥ ਮਃ ੧ ॥ ਪੰਜਿ ਨਿਵਾਜਾ ਵਖਤ ਪੰਜਿ ਪੰਜਾ ਪੰਜੇ ਨਾਉ ॥ ਪਹਿਲਾ ਸਚੁ ਹਲਾਲ ਦੁਇ ਤੀਜਾ ਖੈਰ ਖੁਦਾਇ ॥ ਚਉਥੀ ਨੀਅਤਿ ਰਾਸਿ ਮਨੁ ਪੰਜਵੀ ਸਿਫਤਿ ਸਨਾਇ ॥ ਕਰਣੀ ਕਲਮਾ ਆਖਿ ਕੈ ਤਾ ਮੁਸਲਮਾਣੁ ਸਦਾਇ ॥ ਨਾਨਕ ਜੇਤੇ ਕੂੜਿਆਰ ਕੂੜੈ ਕੂੜੀ ਪਾਇ ॥੩॥ ਪਉੜੀ ॥ ਇਕਿ ਰਤਨ ਪਦਾਰਥ ਵਣਜਦੇ ਇਕਿ ਕਚੈ ਦੇ ਵਾਪਾਰਾ ॥ ਸਤਿਗੁਰਿ ਤੁਠੈ ਪਾਈਅਨਿ ਅੰਦਰਿ ਰਤਨ ਭੰਡਾਰਾ ॥ ਵਿਣੁ ਗੁਰ ਕਿਨੈ ਨ ਲਧਿਆ ਅੰਧੇ ਭਉਕਿ ਮੁਏ ਕੂੜਿਆਰਾ ॥ ਮਨਮੁਖ ਦੂਜੈ ਪਚਿ ਮੁਏ ਨਾ ਬੂਝਹਿ ਵੀਚਾਰਾ ॥ ਇਕਸੁ ਬਾਝਹੁ ਦੂਜਾ ਕੋ ਨਹੀ ਕਿਸੁ ਅਗੈ ਕਰਹਿ ਪੁਕਾਰਾ ॥ ਇਕਿ ਨਿਰਧਨ ਸਦਾ ਭਉਕਦੇ ਇਕਨਾ ਭਰੇ ਤੁਜਾਰਾ ॥ ਵਿਣੁ ਨਾਵੈ ਹੋਰੁ ਧਨੁ ਨਾਹੀ ਹੋਰੁ ਬਿਖਿਆ ਸਭੁ ਛਾਰਾ ॥ ਨਾਨਕ ਆਪਿ ਕਰਾਏ ਕਰੇ ਆਪਿ ਹੁਕਮਿ ਸਵਾਰਣਹਾਰਾ ॥੭॥ ਸਲੋਕੁ ਮਃ ੧ ॥ ਮੁਸਲਮਾਣੁ ਕਹਾਵਣੁ ਮੁਸਕਲੁ ਜਾ ਹੋਇ ਤਾ ਮੁਸਲਮਾਣੁ ਕਹਾਵੈ ॥ ਅਵਲਿ ਅਉਲਿ ਦੀਨੁ ਕਰਿ ਮਿਠਾ ਮਸਕਲ ਮਾਨਾ ਮਾਲੁ ਮੁਸਾਵੈ ॥ ਹੋਇ ਮੁਸਲਿਮੁ ਦੀਨ ਮੁਹਾਣੈ ਮਰਣ ਜੀਵਣ ਕਾ ਭਰਮੁ ਚੁਕਾਵੈ ॥ ਰਬ ਕੀ ਰਜਾਇ ਮੰਨੇ ਸਿਰ ਉਪਰਿ ਕਰਤਾ ਮੰਨੇ ਆਪੁ ਗਵਾਵੈ ॥ ਤਉ ਨਾਨਕ ਸਰਬ ਜੀਆ ਮਿਹਰੰਮਤਿ ਹੋਇ ਤ ਮੁਸਲਮਾਣੁ ਕਹਾਵੈ ॥੧॥ ਮਹਲਾ ੪ ॥ ਪਰਹਰਿ ਕਾਮ ਕ੍ਰੋਧੁ ਝੂਠੁ ਨਿੰਦਾ ਤਜਿ ਮਾਇਆ ਅਹੰਕਾਰੁ ਚੁਕਾਵੈ ॥ ਤਜਿ ਕਾਮੁ ਕਾਮਿਨੀ ਮੋਹੁ ਤਜੈ ਤਾ ਅੰਜਨ ਮਾਹਿ ਨਿਰੰਜਨੁ ਪਾਵੈ ॥ ਤਜਿ ਮਾਨੁ ਅਭਿਮਾਨੁ ਪ੍ਰੀਤਿ ਸੁਤ ਦਾਰਾ ਤਜਿ ਪਿਆਸ ਆਸ ਰਾਮ ਲਿਵ ਲਾਵੈ ॥ ਨਾਨਕ ਸਾਚਾ ਮਨਿ ਵਸੈ ਸਾਚ ਸਬਦਿ ਹਰਿ ਨਾਮਿ ਸਮਾਵੈ ॥੨॥ ਪਉੜੀ ॥ ਰਾਜੇ ਰਯਤਿ ਸਿਕਦਾਰ ਕੋਇ ਨ ਰਹਸੀਓ ॥ ਹਟ ਪਟਣ ਬਾਜਾਰ ਹੁਕਮੀ ਢਹਸੀਓ ॥ ਪਕੇ ਬੰਕ ਦੁਆਰ ਮੂਰਖੁ ਜਾਣੈ ਆਪਣੇ ॥ ਦਰਬਿ ਭਰੇ ਭੰਡਾਰ ਰੀਤੇ ਇਕਿ ਖਣੇ ॥ ਤਾਜੀ ਰਥ ਤੁਖਾਰ ਹਾਥੀ ਪਾਖਰੇ ॥ ਬਾਗ ਮਿਲਖ ਘਰ ਬਾਰ ਕਿਥੈ ਸਿ ਆਪਣੇ ॥ ਤੰਬੂ ਪਲੰਘ ਨਿਵਾਰ ਸਰਾਇਚੇ ਲਾਲਤੀ ॥ ਨਾਨਕ ਸਚ ਦਾਤਾਰੁ ਸਿਨਾਖਤੁ ਕੁਦਰਤੀ ॥੮॥ ਸਲੋਕੁ ਮਃ ੧ ॥ ਨਦੀਆ ਹੋਵਹਿ ਧੇਣਵਾ ਸੁੰਮ ਹੋਵਹਿ ਦੁਧੁ ਘੀਉ ॥ ਸਗਲੀ

ਧਰਤੀ ਸਕਰ ਹੋਵੈ ਖੁਸੀ ਕਰੇ ਨਿਤ ਜੀਉ ॥ ਪਰਬਤੁ ਸੁਇਨਾ ਰੁਪਾ ਹੋਵੈ ਹੀਰੇ ਲਾਲ ਜੜਾਉ ॥ ਭੀ ਤੂੰਹੈ ਸਾਲਾਹਣਾ ਆਖਣ ਲਹੈ ਨ ਚਾਉ ॥੧॥ ਮਃ ੧ ॥ ਭਾਰ ਅਠਾਰਹ ਮੇਵਾ ਹੋਵੈ ਗਰੁੜਾ ਹੋਇ ਸੁਆਉ ॥ ਚੰਦੁ ਸੂਰਜੁ ਦੁਇ ਫਿਰਦੇ ਰਖੀਅਹਿ ਨਿਹਚਲੁ ਹੋਵੈ ਥਾਉ ॥ ਭੀ ਤੂੰਹੈ ਸਾਲਾਹਣਾ ਆਖਣ ਲਹੈ ਨ ਚਾਉ ॥੨॥ ਮਃ ੧ ॥ ਜੇ ਦੇਹੈ ਦੁਖੁ ਲਾਈਐ ਪਾਪ ਗਰਹ ਦੁਇ ਰਾਹੁ ॥ ਰਤੁ ਪੀਣੇ ਰਾਜੇ ਸਿਰੈ ਉਪਰਿ ਰਖੀਅਹਿ ਏਵੈ ਜਾਪੈ ਭਾਉ ॥ ਭੀ ਤੂੰਹੈ ਸਾਲਾਹਣਾ ਆਖਣ ਲਹੈ ਨ ਚਾਉ ॥੩॥ ਮਃ ੧ ॥ ਅਗੀ ਪਾਲਾ ਕਪੜੁ ਹੋਵੈ ਖਾਣਾ ਹੋਵੈ ਵਾਉ ॥ ਸੁਰਗੈ ਦੀਆ ਮੋਹਣੀਆ ਇਸਤਰੀਆ ਹੋਵਨਿ ਨਾਨਕ ਸਭੋ ਜਾਉ ॥ ਭੀ ਤੂਹੈ ਸਾਲਾਹਣਾ ਆਖਣ ਲਹੈ ਨ ਚਾਉ ॥੪॥ ਪਵੜੀ ॥ ਬਦਫੈਲੀ ਗੈਬਾਨਾ ਖਸਮੁ ਨ ਜਾਣਈ ॥ ਸੋ ਕਹੀਐ ਦੇਵਾਨਾ ਆਪੁ ਨ ਪਛਾਣਈ ॥ ਕਲਹਿ ਬੁਰੀ ਸੰਸਾਰਿ ਵਾਦੇ ਖਪੀਐ ॥ ਵਿਣੁ ਨਾਵੈ ਵੇਕਾਰਿ ਭਰਮੇ ਪਚੀਐ ॥ ਰਾਹ ਦੋਵੈ ਇਕੁ ਜਾਣੈ ਸੋਈ ਸਿਝਸੀ ॥ ਕੁਫਰ ਗੋਅ ਕੁਫਰਾਣੈ ਪਇਆ ਦਝਸੀ ॥ ਸਭ ਦੁਨੀਆ ਸੁਬਹਾਨੁ ਸਚਿ ਸਮਾਈਐ ॥ ਸਿਝੈ ਦਰਿ ਦੀਵਾਨਿ ਆਪੁ ਗਵਾਈਐ ॥੯॥ ਮਃ ੧ ਸਲੋਕੁ ॥ ਸੋ ਜੀਵਿਆ ਜਿਸੁ ਮਨਿ ਵਸਿਆ ਸੋਇ ॥ ਨਾਨਕ ਅਵਰੁ ਨ ਜੀਵੈ ਕੋਇ ॥ ਜੇ ਜੀਵੈ ਪਤਿ ਲਥੀ ਜਾਇ ॥ ਸਭੁ ਹਰਾਮੁ ਜੇਤਾ ਕਿਛੁ ਖਾਇ ॥ ਰਾਜਿ ਰੰਗੁ ਮਾਲਿ ਰੰਗੁ ॥ ਰੰਗਿ ਰਤਾ ਨਚੈ ਨੰਗੁ ॥ ਨਾਨਕ ਠਗਿਆ ਮੁਠਾ ਜਾਇ ॥ ਵਿਣੁ ਨਾਵੈ ਪਤਿ ਗਇਆ ਗਵਾਇ ॥੧॥ ਮਃ ੧ ॥ ਕਿਆ ਖਾਧੈ ਕਿਆ ਪੈਧੈ ਹੋਇ ॥ ਜਾ ਮਨਿ ਨਾਹੀ ਸਚਾ ਸੋਇ ॥ ਕਿਆ ਮੇਵਾ ਕਿਆ ਘਿਉ ਗੁੜੁ ਮਿਠਾ ਕਿਆ ਮੈਦਾ ਕਿਆ ਮਾਸੁ ॥ ਕਿਆ ਕਪੜੁ ਕਿਆ ਸੇਜ ਸੁਖਾਲੀ ਕੀਜਹਿ ਭੋਗ ਬਿਲਾਸ ॥ ਕਿਆ ਲਸਕਰ ਕਿਆ ਨੇਬ ਖਵਾਸੀ ਆਵੈ ਮਹਲੀ ਵਾਸੁ ॥ ਨਾਨਕ ਸਚੇ ਨਾਮ ਵਿਣੁ ਸਭੇ ਟੋਲ ਵਿਣਾਸੁ ॥੨॥ ਪਵੜੀ ॥ ਜਾਤੀ ਦੈ ਕਿਆ ਹਥਿ ਸਚੁ ਪਰਖੀਐ ॥ ਮਹੁਰਾ ਹੋਵੈ ਹਥਿ ਮਰੀਐ ਚਖੀਐ ॥ ਸਚੇ ਕੀ ਸਿਰਕਾਰ ਜੁਗੁ ਜੁਗੁ ਜਾਣੀਐ ॥ ਹੁਕਮੁ ਮੰਨੇ ਸਿਰਦਾਰੁ ਦਰਿ ਦੀਬਾਣੀਐ ॥ ਫੁਰਮਾਨੀ ਹੈ ਕਾਰ ਖਸਮਿ ਪਠਾਇਆ ॥ ਤਬਲਬਾਜ ਬੀਚਾਰ ਸਬਦਿ ਸੁਣਾਇਆ ॥ ਇਕਿ ਹੋਏ ਅਸਵਾਰ ਇਕਨਾ ਸਾਖਤੀ ॥ ਇਕਨੀ ਬਧੇ ਭਾਰ ਇਕਨਾ ਤਾਖਤੀ ॥੧੦॥ ਸਲੋਕੁ ਮਃ ੧ ॥ ਜਾ ਪਕਾ ਤਾ ਕਟਿਆ ਰਹੀ ਸੁ ਪਲਰਿ ਵਾੜਿ ॥ ਸਣੁ ਕੀਸਾਰਾ ਚਿਥਿਆ ਕਣੁ ਲਇਆ ਤਨੁ ਝਾੜਿ ॥ ਦੁਇ ਪੁੜ ਚਕੀ ਜੋੜਿ ਕੈ ਪੀਸਣ ਆਇ ਬਹਿਠੁ ॥ ਜੋ ਦਰਿ ਰਹੇ ਸੁ ਉਬਰੇ ਨਾਨਕ ਅਜਬੁ ਡਿਠੁ ॥੧॥ ਮਃ ੧ ॥ ਵੇਖੁ ਜਿ

ਮਿਠਾ ਕਟਿਆ ਕਟਿ ਕੁਟਿ ਬਧਾ ਪਾਇ ॥ ਖੁੰਢਾ ਅੰਦਰਿ ਰਖਿ ਕੈ ਦੇਨਿ ਸੁ ਮਲ ਸਜਾਇ ॥ ਰਸੁ ਕਸੁ ਟਟਰਿ ਪਾਈਐ ਤਪੈ ਤੈ ਵਿਲਲਾਇ ॥ ਭੀ ਸੋ ਫੋਗੁ ਸਮਾਲੀਐ ਦਿਚੈ ਅਗਿ ਜਾਲਾਇ ॥ ਨਾਨਕ ਮਿਠੈ ਪਤਰੀਐ ਵੇਖਹੁ ਲੋਕਾ ਆਇ ॥੨॥ ਪਵੜੀ ॥ ਇਕਨਾ ਮਰਣੁ ਨ ਚਿਤਿ ਆਸ ਘਣੇਰਿਆ ॥ ਮਰਿ ਮਰਿ ਜੰਮਹਿ ਨਿਤ ਕਿਸੈ ਨ ਕੇਰਿਆ ॥ ਆਪਨੜੈ ਮਨਿ ਚਿਤਿ ਕਹਨਿ ਚੰਗੇਰਿਆ ॥ ਜਮਰਾਜੈ ਨਿਤ ਨਿਤ ਮਨਮੁਖ ਹੇਰਿਆ ॥ ਮਨਮੁਖ ਲੂਣ ਹਾਰਾਮ ਕਿਆ ਨ ਜਾਣਿਆ ॥ ਬਧੇ ਕਰਨਿ ਸਲਾਮ ਖਸਮ ਨ ਭਾਣਿਆ ॥ ਸਚੁ ਮਿਲੈ ਮੁਖਿ ਨਾਮੁ ਸਾਹਿਬ ਭਾਵਸੀ ॥ ਕਰਸਨਿ ਤਖਤਿ ਸਲਾਮੁ ਲਿਖਿਆ ਪਾਵਸੀ ॥੧੧॥ ਮਃ ੧ ਸਲੋਕੁ ॥ ਮਛੀ ਤਾਰੂ ਕਿਆ ਕਰੇ ਪੰਖੀ ਕਿਆ ਆਕਾਸੁ ॥ ਪਥਰ ਪਾਲਾ ਕਿਆ ਕਰੇ ਖੁਸਰੇ ਕਿਆ ਘਰ ਵਾਸੁ ॥ ਕੁਤੇ ਚੰਦਨੁ ਲਾਈਐ ਭੀ ਸੋ ਕੁਤੀ ਧਾਤੁ ॥ ਬੋਲਾ ਜੇ ਸਮਝਾਈਐ ਪੜੀਅਹਿ ਸਿੰਮ੍ਰਿਤਿ ਪਾਠ ॥ ਅੰਧਾ ਚਾਨਣਿ ਰਖੀਐ ਦੀਵੇ ਬਲਹਿ ਪਚਾਸ ॥ ਚਉਣੇ ਸੁਇਨਾ ਪਾਈਐ ਚੁਣਿ ਚੁਣਿ ਖਾਵੈ ਘਾਸੁ ॥ ਲੋਹਾ ਮਾਰਣਿ ਪਾਈਐ ਢਹੈ ਨ ਹੋਇ ਕਪਾਸ ॥ ਨਾਨਕ ਮੂਰਖ ਏਹਿ ਗੁਣ ਬੋਲੇ ਸਦਾ ਵਿਣਾਸੁ ॥੧॥ ਮਃ ੧ ॥ ਕੈਹਾ ਕੰਚਨੁ ਤੁਟੈ ਸਾਰੁ ॥ ਅਗਨੀ ਗੰਢੁ ਪਾਏ ਲੋਹਾਰੁ ॥ ਗੋਰੀ ਸੇਤੀ ਤੁਟੈ ਭਤਾਰੁ ॥ ਪੁਤੀਂ ਗੰਢੁ ਪਵੈ ਸੰਸਾਰਿ ॥ ਰਾਜਾ ਮੰਗੈ ਦਿਤੈ ਗੰਢੁ ਪਾਇ ॥ ਭੁਖਿਆ ਗੰਢੁ ਪਵੈ ਜਾ ਖਾਇ ॥ ਕਾਲਾ ਗੰਢੁ ਨਦੀਆ ਮੀਹ ਝੋਲ ॥ ਗੰਢੁ ਪਰੀਤੀ ਮਿਠੇ ਬੋਲ ॥ ਬੇਦਾ ਗੰਢੁ ਬੋਲੇ ਸਚੁ ਕੋਇ ॥ ਮੁਇਆ ਗੰਢੁ ਨੇਕੀ ਸਤੁ ਹੋਇ ॥ ਏਤੁ ਗੰਢਿ ਵਰਤੈ ਸੰਸਾਰੁ ॥ ਮੂਰਖ ਗੰਢੁ ਪਵੈ ਮੁਹਿ ਮਾਰ ॥ ਨਾਨਕੁ ਆਖੈ ਏਹੁ ਬੀਚਾਰੁ ॥ ਸਿਫਤੀ ਗੰਢੁ ਪਵੈ ਦਰਬਾਰਿ ॥੨॥ ਪਉੜੀ ॥ ਆਪੇ ਕੁਦਰਤਿ ਸਾਜਿ ਕੈ ਆਪੇ ਕਰੇ ਬੀਚਾਰੁ ॥ ਇਕਿ ਖੋਟੇ ਇਕਿ ਖਰੇ ਆਪੇ ਪਰਖਣਹਾਰੁ ॥ ਖਰੇ ਖਜਾਨੈ ਪਾਈਅਹਿ ਖੋਟੇ ਸਟੀਅਹਿ ਬਾਹਰ ਵਾਰਿ ॥ ਖੋਟੇ ਸਚੀ ਦਰਗਹ ਸੁਟੀਅਹਿ ਕਿਸੁ ਆਗੈ ਕਰਹਿ ਪੁਕਾਰ ॥ ਸਤਿਗੁਰ ਪਿਛੈ ਭਜਿ ਪਵਹਿ ਏਹਾ ਕਰਣੀ ਸਾਰੁ ॥ ਸਤਿਗੁਰੁ ਖੋਟਿਅਹੁ ਖਰੇ ਕਰੇ ਸਬਦਿ ਸਵਾਰਣਹਾਰੁ ॥ ਸਚੀ ਦਰਗਹ ਮੰਨੀਅਨਿ ਗੁਰ ਕੈ ਪ੍ਰੇਮ ਪਿਆਰਿ ॥ ਗਣਤ ਤਿਨਾ ਦੀ ਕੋ ਕਿਆ ਕਰੇ ਜੋ ਆਪਿ ਬਖਸੇ ਕਰਤਾਰਿ ॥੧੨॥ ਸਲੋਕੁ ਮਃ ੧ ॥ ਹਮ ਜੇਰ ਜਿਮੀ ਦੁਨੀਆ ਪੀਰਾ ਮਸਾਇਕਾ ਰਾਇਆ ॥ ਮੇ ਰਵਦਿ ਬਾਦਿਸਾਹਾ ਅਫਜੂ ਖੁਦਾਇ ॥ ਏਕ ਤੂਹੀ ਏਕ ਤੁਹੀ ॥੧॥ ਮਃ ੧ ॥ ਨ ਦੇਵ ਦਾਨਵਾ ਨਰਾ ॥ ਨ ਸਿਧ ਸਾਧਿਕਾ ਧਰਾ ॥ ਅਸਤਿ ਏਕ

ਦਿਗਰਿ ਕੁਈ ॥ ਏਕ ਤੁਈ ਏਕ ਤੁਈ ॥੨॥ ਮਃ ੧ ॥ ਨ ਦਾਦੇ ਦਿਹੰਦ ਆਦਮੀ ॥ ਨ ਸਪਤ ਜੇਰ ਜਿਮੀ ॥ ਅਸਤਿ ਏਕ ਦਿਗਰਿ ਕੁਈ ॥ ਏਕ ਤੁਈ ਏਕ ਤੁਈ ॥੩॥ ਮਃ ੧ ॥ ਨ ਸੂਰ ਸਸਿ ਮੰਡਲੋ ॥ ਨ ਸਪਤ ਦੀਪ ਨਹ ਜਲੋ ॥ ਅੰਨ ਪਉਣ ਥਿਰੁ ਨ ਕੁਈ ॥ ਏਕੁ ਤੁਈ ਏਕੁ ਤੁਈ ॥੪॥ ਮਃ ੧ ॥ ਨ ਰਿਜਕੁ ਦਸਤ ਆ ਕਸੇ ॥ ਹਮਾ ਰਾ ਏਕੁ ਆਸ ਵਸੇ ॥ ਅਸਤਿ ਏਕੁ ਦਿਗਰ ਕੁਈ ॥ ਏਕ ਤੁਈ ਏਕੁ ਤੁਈ ॥੫॥ ਮਃ ੧ ॥ ਪਰੰਦਏ ਨ ਗਿਰਾਹ ਜਰ ॥ ਦਰਖਤ ਆਬ ਆਸ ਕਰ ॥ ਦਿਹੰਦ ਸੁਈ ॥ ਏਕ ਤੁਈ ਏਕ ਤੁਈ ॥੬॥ ਮਃ ੧ ॥ ਨਾਨਕ ਲਿਲਾਰਿ ਲਿਖਿਆ ਸੋਇ ॥ ਮੇਟਿ ਨ ਸਾਕੈ ਕੋਇ ॥ ਕਲਾ ਧਰੈ ਹਿਰੈ ਸੁਈ ॥ ਏਕੁ ਤੁਈ ਏਕੁ ਤੁਈ ॥੭॥ ਪਉੜੀ ॥ ਸਚਾ ਤੇਰਾ ਹੁਕਮੁ ਗੁਰਮੁਖਿ ਜਾਣਿਆ ॥ ਗੁਰਮਤੀ ਆਪੁ ਗਵਾਇ ਸਚੁ ਪਛਾਣਿਆ ॥ ਸਚੁ ਤੇਰਾ ਦਰਬਾਰੁ ਸਬਦੁ ਨੀਸਾਣਿਆ ॥ ਸਚਾ ਸਬਦੁ ਵੀਚਾਰਿ ਸਚਿ ਸਮਾਣਿਆ ॥ ਮਨਮੁਖ ਸਦਾ ਕੂੜਿਆਰ ਭਰਮਿ ਭੁਲਾਣਿਆ ॥ ਵਿਸਟਾ ਅੰਦਰਿ ਵਾਸੁ ਸਾਦੁ ਨ ਜਾਣਿਆ ॥ ਵਿਣੁ ਨਾਵੈ ਦੁਖੁ ਪਾਇ ਆਵਣ ਜਾਣਿਆ ॥ ਨਾਨਕ ਪਾਰਖੁ ਆਪਿ ਜਿਨਿ ਖੋਟਾ ਖਰਾ ਪਛਾਣਿਆ ॥੧੩॥ ਸਲੋਕੁ ਮਃ ੧ ॥ ਸੀਹਾ ਬਾਜਾ ਚਰਗਾ ਕੁਹੀਆ ਏਨਾ ਖਵਾਲੇ ਘਾਹ ॥ ਘਾਹੁ ਖਾਨਿ ਤਿਨਾ ਮਾਸੁ ਖਵਾਲੇ ਏਹਿ ਚਲਾਏ ਰਾਹ ॥ ਨਦੀਆ ਵਿਚਿ ਟਿਬੇ ਦੇਖਾਲੇ ਥਲੀ ਕਰੇ ਅਸਗਾਹ ॥ ਕੀੜਾ ਥਾਪਿ ਦੇਇ ਪਾਤਿਸਾਹੀ ਲਸਕਰ ਕਰੇ ਸੁਆਹ ॥ ਜੇਤੇ ਜੀਅ ਜੀਵਹਿ ਲੈ ਸਾਹਾ ਜੀਵਾਲੇ ਤਾ ਕਿ ਅਸਾਹ ॥ ਨਾਨਕ ਜਿਉ ਜਿਉ ਸਚੇ ਭਾਵੈ ਤਿਉ ਤਿਉ ਦੇਇ ਗਿਰਾਹ ॥੧॥ ਮਃ ੧ ॥ ਇਕਿ ਮਾਸਹਾਰੀ ਇਕਿ ਤ੍ਰਿਣੁ ਖਾਹਿ ॥ ਇਕਨਾ ਛਤੀਹ ਅੰਮ੍ਰਿਤ ਪਾਹਿ ॥ ਇਕਿ ਮਿਟੀਆ ਮਹਿ ਮਿਟੀਆ ਖਾਹਿ ॥ ਇਕਿ ਪਉਣ ਸੁਮਾਰੀ ਪਉਣ ਸੁਮਾਰਿ ॥ ਇਕਿ ਨਿਰੰਕਾਰੀ ਨਾਮ ਆਧਾਰਿ ॥ ਜੀਵੈ ਦਾਤਾ ਮਰੈ ਨ ਕੋਇ ॥ ਨਾਨਕ ਮੁਠੇ ਜਾਹਿ ਨਾਹੀ ਮਨਿ ਸੋਇ ॥੨॥ ਪਉੜੀ ॥ ਪੂਰੇ ਗੁਰ ਕੀ ਕਾਰ ਕਰਮਿ ਕਮਾਈਐ ॥ ਗੁਰਮਤੀ ਆਪੁ ਗਵਾਇ ਨਾਮੁ ਧਿਆਈਐ ॥ ਦੂਜੀ ਕਾਰੈ ਲਗਿ ਜਨਮੁ ਗਵਾਈਐ ॥ ਵਿਣੁ ਨਾਵੈ ਸਭ ਵਿਸੁ ਪੈਝੈ ਖਾਈਐ ॥ ਸਚਾ ਸਬਦੁ ਸਾਲਾਹਿ ਸਚਿ ਸਮਾਈਐ ॥ ਵਿਣੁ ਸਤਿਗੁਰੁ ਸੇਵੇ ਨਾਹੀ ਸੁਖਿ ਨਿਵਾਸੁ ਫਿਰਿ ਫਿਰਿ ਆਈਐ ॥ ਦੁਨੀਆ ਖੋਟੀ ਰਾਸਿ ਕੂੜੁ ਕਮਾਈਐ ॥ ਨਾਨਕ ਸਚੁ ਖਰਾ ਸਾਲਾਹਿ ਪਤਿ ਸਿਉ ਜਾਈਐ ॥੧੪॥ ਸਲੋਕੁ ਮਃ ੧ ॥ ਤੁਧੁ ਭਾਵੈ ਤਾ ਵਾਵਹਿ ਗਾਵਹਿ ਤੁਧੁ ਭਾਵੈ ਜਲਿ ਨਾਵਹਿ ॥

ਜਾ ਤੁਧੁ ਭਾਵਹਿ ਤਾ ਕਰਹਿ ਬਿਭੂਤਾ ਸਿੰਙੀ ਨਾਦੁ ਵਜਾਵਹਿ ॥ ਜਾ ਤੁਧੁ ਭਾਵੈ ਤਾ ਪੜਹਿ ਕਤੇਬਾ ਮੁਲਾ ਸੇਖ ਕਹਾਵਹਿ ॥ ਜਾ ਤੁਧੁ ਭਾਵੈ ਤਾ ਹੋਵਹਿ ਰਾਜੇ ਰਸ ਕਸ ਬਹੁਤੁ ਕਮਾਵਹਿ ॥ ਜਾ ਤੁਧੁ ਭਾਵੈ ਤੇਗ ਵਗਾਵਹਿ ਸਿਰ ਮੁੰਡੀ ਕਟਿ ਜਾਵਹਿ ॥ ਜਾ ਤੁਧੁ ਭਾਵੈ ਜਾਹਿ ਦਿਸੰਤਰਿ ਸੁਣਿ ਗਲਾ ਘਰਿ ਆਵਹਿ ॥ ਜਾ ਤੁਧੁ ਭਾਵੈ ਨਾਇ ਰਚਾਵਹਿ ਤੁਧੁ ਭਾਣੇ ਤੂੰ ਭਾਵਹਿ ॥ ਨਾਨਕੁ ਏਕ ਕਹੈ ਬੇਨੰਤੀ ਹੋਰਿ ਸਗਲੇ ਕੂੜੁ ਕਮਾਵਹਿ ॥੧॥ ਮਃ ੧ ॥ ਜਾ ਤੂੰ ਵਡਾ ਸਭਿ ਵਡਿਆਂਈਆ ਚੰਗੈ ਚੰਗਾ ਹੋਈ ॥ ਜਾ ਤੂੰ ਸਚਾ ਤਾ ਸਭੁ ਕੋ ਸਚਾ ਕੂੜਾ ਕੋਇ ਨ ਕੋਈ ॥ ਆਖਣੁ ਵੇਖਣੁ ਬੋਲਣੁ ਚਲਣੁ ਜੀਵਣੁ ਮਰਣਾ ਧਾਤੁ ॥ ਹੁਕਮੁ ਸਾਜਿ ਹੁਕਮੈ ਵਿਚਿ ਰਖੈ ਨਾਨਕ ਸਚਾ ਆਪਿ ॥੨॥ ਪਉੜੀ ॥ ਸਤਿਗੁਰੁ ਸੇਵਿ ਨਿਸੰਗੁ ਭਰਮੁ ਚੁਕਾਈਐ ॥ ਸਤਿਗੁਰੁ ਆਖੈ ਕਾਰ ਸੁ ਕਾਰ ਕਮਾਈਐ ॥ ਸਤਿਗੁਰੁ ਹੋਇ ਦਇਆਲੁ ਤ ਨਾਮੁ ਧਿਆਈਐ ॥ ਲਾਹਾ ਭਗਤਿ ਸੁ ਸਾਰੁ ਗੁਰਮੁਖਿ ਪਾਈਐ ॥ ਮਨਮੁਖਿ ਕੂੜੁ ਗੁਬਾਰੁ ਕੂੜੁ ਕਮਾਈਐ ॥ ਸਚੇ ਦੈ ਦਰਿ ਜਾਇ ਸਚੁ ਚਵਾਂਈਐ ॥ ਸਚੈ ਅੰਦਰਿ ਮਹਲਿ ਸਚਿ ਬੁਲਾਈਐ ॥ ਨਾਨਕ ਸਚੁ ਸਦਾ ਸਚਿਆਰੁ ਸਚਿ ਸਮਾਈਐ ॥੧੫॥ ਸਲੋਕੁ ਮਃ ੧ ॥ ਕਲਿ ਕਾਤੀ ਰਾਜੇ ਕਾਸਾਈ ਧਰਮੁ ਪੰਖ ਕਰਿ ਉਡਰਿਆ ॥ ਕੂੜੁ ਅਮਾਵਸ ਸਚੁ ਚੰਦ੍ਰਮਾ ਦੀਸੈ ਨਾਹੀ ਕਹ ਚੜਿਆ ॥ ਹਉ ਭਾਲਿ ਵਿਕੁੰਨੀ ਹੋਈ ॥ ਆਧੇਰੈ ਰਾਹੁ ਨ ਕੋਈ ॥ ਵਿਚਿ ਹਉਮੈ ਕਰਿ ਦੁਖੁ ਰੋਈ ॥ ਕਹੁ ਨਾਨਕ ਕਿਨਿ ਬਿਧਿ ਗਤਿ ਹੋਈ ॥੧॥ ਮਃ ੩ ॥ ਕਲਿ ਕੀਰਤਿ ਪਰਗਟੁ ਚਾਨਣੁ ਸੰਸਾਰਿ ॥ ਗੁਰਮੁਖਿ ਕੋਈ ਉਤਰੈ ਪਾਰਿ ॥ ਜਿਸ ਨੋ ਨਦਰਿ ਕਰੇ ਤਿਸੁ ਦੇਵੈ ॥ ਨਾਨਕ ਗੁਰਮੁਖਿ ਰਤਨੁ ਸੋ ਲੇਵੈ ॥੨॥ ਪਉੜੀ ॥ ਭਗਤਾ ਤੈ ਸੈਸਾਰੀਆ ਜੋੜੁ ਕਦੇ ਨ ਆਇਆ ॥ ਕਰਤਾ ਆਪਿ ਅਭੁਲੁ ਹੈ ਨ ਭੁਲੈ ਕਿਸੈ ਦਾ ਭੁਲਾਇਆ ॥ ਭਗਤ ਆਪੇ ਮੇਲਿਅਨੁ ਜਿਨੀ ਸਚੋ ਸਚੁ ਕਮਾਇਆ ॥ ਸੈਸਾਰੀ ਆਪਿ ਖੁਆਇਅਨੁ ਜਿਨੀ ਕੂੜੁ ਬੋਲਿ ਬੋਲਿ ਬਿਖੁ ਖਾਇਆ ॥ ਚਲਣ ਸਾਰ ਨ ਜਾਣਨੀ ਕਾਮੁ ਕਰੋਧੁ ਵਿਸੁ ਵਧਾਇਆ ॥ ਭਗਤ ਕਰਨਿ ਹਰਿ ਚਾਕਰੀ ਜਿਨੀ ਅਨਦਿਨੁ ਨਾਮੁ ਧਿਆਇਆ ॥ ਦਾਸਨਿ ਦਾਸ ਹੋਇ ਕੈ ਜਿਨੀ ਵਿਚਹੁ ਆਪੁ ਗਵਾਇਆ ॥ ਓਨਾ ਖਸਮੈ ਕੈ ਦਰਿ ਮੁਖ ਉਜਲੇ ਸਚੈ ਸਬਦਿ ਸੁਹਾਇਆ ॥੧੬॥ ਸਲੋਕੁ ਮਃ ੧ ॥ ਸਬਾਹੀ ਸਾਲਾਹ ਜਿਨੀ ਧਿਆਇਆ ਇਕ ਮਨਿ ॥ ਸੇਈ ਪੂਰੇ ਸਾਹ ਵਖਤੈ ਉਪਰਿ ਲੜਿ ਮੁਏ ॥ ਦੂਜੈ ਬਹੁਤੇ ਰਾਹ ਮਨ ਕੀਆ ਮਤੀ ਖਿੰਡੀਆ ॥ ਬਹੁਤੁ ਪਏ ਅਸਗਾਹ

ਗੋਤੇ ਖਾਹਿ ਨ ਨਿਕਲਹਿ ॥ ਤੀਜੈ ਮੁਹੀ ਗਿਰਾਹ ਭੁਖ ਤਿਖਾ ਦੁਇ ਭਉਕੀਆ ॥ ਖਾਧਾ ਹੋਇ ਸੁਆਹ ਭੀ ਖਾਣੇ ਸਿਉ
ਦੋਸਤੀ ॥ ਚਉਥੈ ਆਈ ਊਂਘ ਅਖੀ ਮੀਟਿ ਪਵਾਰਿ ਗਇਆ ॥ ਭੀ ਉਠਿ ਰਚਿਓਨੁ ਵਾਦੁ ਸੈ ਵਰ੍ਹਿਆ ਕੀ ਪਿੜ
ਬਧੀ ॥ ਸਭੇ ਵੇਲਾ ਵਖਤ ਸਭਿ ਜੇ ਅਠੀ ਭਉ ਹੋਇ ॥ ਨਾਨਕ ਸਾਹਿਬੁ ਮਨਿ ਵਸੈ ਸਚਾ ਨਾਵਣੁ ਹੋਇ ॥੧॥ ਮਃ ੨ ॥
ਸੇਈ ਪੂਰੇ ਸਾਹ ਜਿਨੀ ਪੂਰਾ ਪਾਇਆ ॥ ਅਠੀ ਵੇਪਰਵਾਹ ਰਹਨਿ ਇਕਤੈ ਰੰਗਿ ॥ ਦਰਸਨਿ ਰੂਪਿ ਅਥਾਹ ਵਿਰਲੇ
ਪਾਈਅਹਿ ॥ ਕਰਮਿ ਪੂਰੈ ਪੂਰਾ ਗੁਰੂ ਪੂਰਾ ਜਾ ਕਾ ਬੋਲੁ ॥ ਨਾਨਕ ਪੂਰਾ ਜੇ ਕਰੇ ਘਟੈ ਨਾਹੀ ਤੋਲੁ ॥੨॥ ਪਉੜੀ ॥ ਜਾ
ਤੂੰ ਤਾ ਕਿਆ ਹੋਰਿ ਮੈ ਸਚੁ ਸੁਣਾਈਐ ॥ ਮੁਠੀ ਧੰਧੈ ਚੋਰਿ ਮਹਲੁ ਨ ਪਾਈਐ ॥ ਏਨੈ ਚਿਤਿ ਕਠੋਰਿ ਸੇਵ ਗਵਾਈਐ ॥
ਜਿਤੁ ਘਟਿ ਸਚੁ ਨ ਪਾਇ ਸੁ ਭੰਨਿ ਘੜਾਈਐ ॥ ਕਿਉ ਕਰਿ ਪੂਰੈ ਵਟਿ ਤੋਲਿ ਤੁਲਾਈਐ ॥ ਕੋਇ ਨ ਆਖੈ ਘਟਿ
ਹਉਮੈ ਜਾਈਐ ॥ ਲਈਅਨਿ ਖਰੇ ਪਰਖਿ ਦਰਿ ਬੀਨਾਈਐ ॥ ਸਉਦਾ ਇਕਤੁ ਹਟਿ ਪੂਰੈ ਗੁਰਿ ਪਾਈਐ ॥੧੭॥
ਸਲੋਕ ਮਃ ੨ ॥ ਅਠੀ ਪਹਰੀ ਅਠ ਖੰਡ ਨਾਵਾ ਖੰਡੁ ਸਰੀਰੁ ॥ ਤਿਸੁ ਵਿਚਿ ਨਉ ਨਿਧਿ ਨਾਮੁ ਏਕੁ ਭਾਲਹਿ ਗੁਣੀ
ਗਹੀਰੁ ॥ ਕਰਮਵੰਤੀ ਸਾਲਾਹਿਆ ਨਾਨਕ ਕਰਿ ਗੁਰੁ ਪੀਰੁ ॥ ਚਉਥੈ ਪਹਰਿ ਸਬਾਹ ਕੈ ਸੁਰਤਿਆ ਉਪਜੈ ਚਾਉ ॥
ਤਿਨਾ ਦਰੀਆਵਾ ਸਿਉ ਦੋਸਤੀ ਮਨਿ ਮੁਖਿ ਸਚਾ ਨਾਉ ॥ ਓਥੈ ਅੰਮ੍ਰਿਤੁ ਵੰਡੀਐ ਕਰਮੀ ਹੋਇ ਪਸਾਉ ॥ ਕੰਚਨ
ਕਾਇਆ ਕਸੀਐ ਵੰਨੀ ਚੜੈ ਚੜਾਉ ॥ ਜੇ ਹੋਵੈ ਨਦਰਿ ਸਰਾਫ ਕੀ ਬਹੁੜਿ ਨ ਪਾਈ ਤਾਉ ॥ ਸਤੀ ਪਹਰੀ ਸਤੁ
ਭਲਾ ਬਹੀਐ ਪੜਿਆ ਪਾਸਿ ॥ ਓਥੈ ਪਾਪੁ ਪੁੰਨੁ ਬੀਚਾਰੀਐ ਕੂੜੈ ਘਟੈ ਰਾਸਿ ॥ ਓਥੈ ਖੋਟੇ ਸਟੀਅਹਿ ਖਰੇ ਕੀਚਹਿ
ਸਾਬਾਸਿ ॥ ਬੋਲਣੁ ਫਾਦਲੁ ਨਾਨਕਾ ਦੁਖੁ ਸੁਖੁ ਖਸਮੈ ਪਾਸਿ ॥੧॥ ਮਃ ੨ ॥ ਪਉਣੁ ਗੁਰੂ ਪਾਣੀ ਪਿਤਾ ਮਾਤਾ
ਧਰਤਿ ਮਹਤੁ ॥ ਦਿਨਸੁ ਰਾਤਿ ਦੁਇ ਦਾਈ ਦਾਇਆ ਖੇਲੈ ਸਗਲ ਜਗਤੁ ॥ ਚੰਗਿਆਈਆ ਬੁਰਿਆਈਆ
ਵਾਚੇ ਧਰਮੁ ਹਦੂਰਿ ॥ ਕਰਮੀ ਆਪੋ ਆਪਣੀ ਕੇ ਨੇੜੈ ਕੇ ਦੂਰਿ ॥ ਜਿਨੀ ਨਾਮੁ ਧਿਆਇਆ ਗਏ ਮਸਕਤਿ
ਘਾਲਿ ॥ ਨਾਨਕ ਤੇ ਮੁਖ ਉਜਲੇ ਹੋਰ ਕੇਤੀ ਛੁਟੀ ਨਾਲਿ ॥੨॥ ਪਉੜੀ ॥ ਸਚਾ ਭੋਜਨੁ ਭਾਉ ਸਤਿਗੁਰਿ
ਦਸਿਆ ॥ ਸਚੇ ਹੀ ਪਤੀਆਇ ਸਚਿ ਵਿਗਸਿਆ ॥ ਸਚੈ ਕੋਟਿ ਗਿਰਾਂਇ ਨਿਜ ਘਰਿ ਵਸਿਆ ॥ ਸਤਿਗੁਰਿ
ਤੁਠੈ ਨਾਉ ਪ੍ਰੇਮਿ ਰਹਸਿਆ ॥ ਸਚੈ ਦੈ ਦੀਬਾਣਿ ਕੂੜਿ ਨ ਜਾਈਐ ॥ ਝੂਠੋ ਝੂਠੁ ਵਖਾਣਿ ਸੁ ਮਹਲੁ ਖੁਆਈਐ ॥

ਸਚੈ ਸਬਦਿ ਨੀਸਾਣਿ ਠਾਕ ਨ ਪਾਈਐ ॥ ਸਚੁ ਸੁਣਿ ਬੁਝਿ ਵਖਾਣਿ ਮਹਲਿ ਬੁਲਾਈਐ ॥੧੮॥ ਸਲੋਕੁ ਮਃ ੧ ॥
ਪਹਿਰਾ ਅਗਨਿ ਹਿਵੈ ਘਰੁ ਬਾਧਾ ਭੋਜਨੁ ਸਾਰੁ ਕਰਾਈ ॥ ਸਗਲੇ ਦੂਖ ਪਾਣੀ ਕਰਿ ਪੀਵਾ ਧਰਤੀ ਹਾਕ ਚਲਾਈ ॥
ਧਰਿ ਤਾਰਾਜੀ ਅੰਬਰੁ ਤੋਲੀ ਪਿਛੈ ਟੰਕੁ ਚੜਾਈ ॥ ਏਵਡੁ ਵਧਾ ਮਾਵਾ ਨਾਹੀ ਸਭਸੈ ਨਥਿ ਚਲਾਈ ॥ ਏਤਾ ਤਾਣੁ
ਹੋਵੈ ਮਨ ਅੰਦਰਿ ਕਰੀ ਭਿ ਆਖਿ ਕਰਾਈ ॥ ਜੇਵਡੁ ਸਾਹਿਬੁ ਤੇਵਡ ਦਾਤੀ ਦੇ ਦੇ ਕਰੇ ਰਜਾਈ ॥ ਨਾਨਕ ਨਦਰਿ
ਕਰੇ ਜਿਸੁ ਉਪਰਿ ਸਚਿ ਨਾਮਿ ਵਡਿਆਈ ॥੧॥ ਮਃ ੨ ॥ ਆਖਣੁ ਆਖਿ ਨ ਰਜਿਆ ਸੁਨਣਿ ਨ ਰਜੇ ਕੰਨ ॥ ਅਖੀ
ਦੇਖਿ ਨ ਰਜੀਆ ਗੁਣ ਗਾਹਕ ਇਕ ਵੰਨ ॥ ਭੁਖਿਆ ਭੁਖ ਨ ਉਤਰੈ ਗਲੀ ਭੁਖ ਨ ਜਾਇ ॥ ਨਾਨਕ ਭੁਖਾ ਤਾ ਰਜੈ ਜਾ
ਗੁਣ ਕਹਿ ਗੁਣੀ ਸਮਾਇ ॥੨॥ ਪਉੜੀ ॥ ਵਿਣੁ ਸਚੇ ਸਭੁ ਕੂੜੁ ਕੂੜੁ ਕਮਾਈਐ ॥ ਵਿਣੁ ਸਚੇ ਕੂੜਿਆਰੁ ਬੰਨਿ
ਚਲਾਈਐ ॥ ਵਿਣੁ ਸਚੇ ਤਨੁ ਛਾਰੁ ਛਾਰੁ ਰਲਾਈਐ ॥ ਵਿਣੁ ਸਚੇ ਸਭ ਭੁਖ ਜਿ ਪੈਝੈ ਖਾਈਐ ॥ ਵਿਣੁ ਸਚੇ ਦਰਬਾਰੁ
ਕੂੜਿ ਨ ਪਾਈਐ ॥ ਕੂੜੈ ਲਾਲਚਿ ਲਗਿ ਮਹਲੁ ਖੁਆਈਐ ॥ ਸਭੁ ਜਗੁ ਠਗਿਓ ਠਗਿ ਆਈਐ ਜਾਈਐ ॥ ਤਨ
ਮਹਿ ਤ੍ਰਿਸਨਾ ਅਗਿ ਸਬਦਿ ਬੁਝਾਈਐ ॥੧੯॥ ਸਲੋਕ ਮਃ ੧ ॥ ਨਾਨਕ ਗੁਰੁ ਸੰਤੋਖੁ ਰੁਖੁ ਧਰਮੁ ਫੁਲੁ ਫਲ
ਗਿਆਨੁ ॥ ਰਸਿ ਰਸਿਆ ਹਰਿਆ ਸਦਾ ਪਕੈ ਕਰਮਿ ਧਿਆਨਿ ॥ ਪਤਿ ਕੇ ਸਾਦ ਖਾਦਾ ਲਹੈ ਦਾਨਾ ਕੈ ਸਿਰਿ ਦਾਨੁ ॥
੧॥ ਮਃ ੧ ॥ ਸੁਇਨੇ ਕਾ ਬਿਰਖੁ ਪਤ ਪਰਵਾਲਾ ਫੁਲ ਜਵੇਹਰ ਲਾਲ ॥ ਤਿਤੁ ਫਲ ਰਤਨ ਲਗਹਿ ਮੁਖਿ ਭਾਖਿਤ
ਹਿਰਦੈ ਰਿਦੈ ਨਿਹਾਲੁ ॥ ਨਾਨਕ ਕਰਮੁ ਹੋਵੈ ਮੁਖਿ ਮਸਤਕਿ ਲਿਖਿਆ ਹੋਵੈ ਲੇਖੁ ॥ ਅਠਿਸਠਿ ਤੀਰਥ ਗੁਰ ਕੀ
ਚਰਣੀ ਪੂਜੈ ਸਦਾ ਵਿਸੇਖੁ ॥ ਹੰਸੁ ਹੇਤੁ ਲੋਭੁ ਕੋਪੁ ਚਾਰੇ ਨਦੀਆ ਅਗਿ ॥ ਪਵਹਿ ਦਝਹਿ ਨਾਨਕਾ ਤਰੀਐ ਕਰਮੀ
ਲਗਿ ॥੨॥ ਪਉੜੀ ॥ ਜੀਵਦਿਆ ਮਰੁ ਮਾਰਿ ਨ ਪਛੋਤਾਈਐ ॥ ਝੂਠਾ ਇਹੁ ਸੰਸਾਰੁ ਕਿਨਿ ਸਮਝਾਈਐ ॥ ਸਚਿ ਨ
ਧਰੇ ਪਿਆਰੁ ਧੰਧੈ ਧਾਈਐ ॥ ਕਾਲੁ ਬੁਰਾ ਖੈ ਕਾਲੁ ਸਿਰਿ ਦੁਨੀਆਈਐ ॥ ਹੁਕਮੀ ਸਿਰਿ ਜੰਦਾਰੁ ਮਾਰੇ ਦਾਈਐ ॥
ਆਪੇ ਦੇਇ ਪਿਆਰੁ ਮੰਨਿ ਵਸਾਈਐ ॥ ਮੁਹਤੁ ਨ ਚਸਾ ਵਿਲੰਮੁ ਭਰੀਐ ਪਾਈਐ ॥ ਗੁਰ ਪਰਸਾਦੀ ਬੁਝਿ ਸਚਿ
ਸਮਾਈਐ ॥੨੦॥ ਸਲੋਕੁ ਮਃ ੧ ॥ ਤੁਮੀ ਤੁਮਾ ਵਿਸੁ ਅਕੁ ਧਤੂਰਾ ਨਿਮੁ ਫਲੁ ॥ ਮਨਿ ਮੁਖਿ ਵਸਹਿ ਤਿਸੁ ਜਿਸੁ
ਤੂੰ ਚਿਤਿ ਨ ਆਵਹੀ ॥ ਨਾਨਕ ਕਹੀਐ ਕਿਸੁ ਹੰਢਨਿ ਕਰਮਾ ਬਾਹਰੇ ॥੧॥ ਮਃ ੧ ॥ ਮਤਿ ਪੰਖੇਰੂ ਕਿਰਤੁ ਸਾਥਿ

ਕਬ ਉਤਮ ਕਬ ਨੀਚ ॥ ਕਬ ਚੰਦਨਿ ਕਬ ਅਕਿ ਡਾਲਿ ਕਬ ਉਚੀ ਪਰੀਤਿ ॥ ਨਾਨਕ ਹੁਕਮਿ ਚਲਾਈਐ ਸਾਹਿਬ ਲਗੀ ਰੀਤਿ ॥੨॥ ਪਉੜੀ ॥ ਕੇਤੇ ਕਹਹਿ ਵਖਾਣ ਕਹਿ ਕਹਿ ਜਾਵਣਾ ॥ ਵੇਦ ਕਹਹਿ ਵਖਿਆਣ ਅੰਤੁ ਨ ਪਾਵਣਾ ॥ ਪੜਿਐ ਨਾਹੀ ਭੇਦੁ ਬੁਝਿਐ ਪਾਵਣਾ ॥ ਖਟੁ ਦਰਸਨ ਕੈ ਭੇਖਿ ਕਿਸੈ ਸਚਿ ਸਮਾਵਣਾ ॥ ਸਚਾ ਪੁਰਖੁ ਅਲਖੁ ਸਬਦਿ ਸੁਹਾਵਣਾ ॥ ਮੰਨੇ ਨਾਉ ਬਿਸੰਖ ਦਰਗਹ ਪਾਵਣਾ ॥ ਖਾਲਕ ਕਉ ਆਦੇਸੁ ਢਾਢੀ ਗਾਵਣਾ ॥ ਨਾਨਕ ਜੁਗੁ ਜੁਗੁ ਏਕੁ ਮੰਨਿ ਵਸਾਵਣਾ ॥੨੧॥ ਸਲੋਕੁ ਮਹਲਾ ੨ ॥ ਮੰਤ੍ਰੀ ਹੋਇ ਅਠੂਹਿਆ ਨਾਗੀ ਲਗੈ ਜਾਇ ॥ ਆਪਣ ਹਥੀ ਆਪਣੈ ਦੇ ਕੂਚਾ ਆਪੇ ਲਾਇ ॥ ਹੁਕਮੁ ਪਇਆ ਧੁਰਿ ਖਸਮ ਕਾ ਅਤੀ ਹੂ ਧਕਾ ਖਾਇ ॥ ਗੁਰਮੁਖ ਸਿਉ ਮਨਮੁਖੁ ਅੜੇ ਡੁਬੈ ਹਕਿ ਨਿਆਇ ॥ ਦੁਹਾ ਸਿਰਿਆ ਆਪੇ ਖਸਮੁ ਵੇਖੈ ਕਰਿ ਵਿਉਪਾਇ ॥ ਨਾਨਕ ਏਵੈ ਜਾਣੀਐ ਸਭ ਕਿਛੁ ਤਿਸਹਿ ਰਜਾਇ ॥੧॥ ਮਹਲਾ ੨ ॥ ਨਾਨਕ ਪਰਖੇ ਆਪ ਕਉ ਤਾ ਪਾਰਖੁ ਜਾਣੁ ॥ ਰੋਗੁ ਦਾਰੂ ਦੋਵੈ ਬੁਝੈ ਤਾ ਵੈਦੁ ਸੁਜਾਣੁ ॥ ਵਾਟ ਨ ਕਰਈ ਮਾਮਲਾ ਜਾਣੈ ਮਿਹਮਾਣੁ ॥ ਮੂਲੁ ਜਾਣਿ ਗਲਾ ਕਰੇ ਹਾਣਿ ਲਾਏ ਹਾਣੁ ॥ ਲਬਿ ਨ ਚਲਈ ਸਚਿ ਰਹੈ ਸੋ ਵਿਸਟੁ ਪਰਵਾਣੁ ॥ ਸਰੁ ਸੰਧੇ ਆਗਾਸ ਕਉ ਕਿਉ ਪਹੁਚੈ ਬਾਣੁ ॥ ਅਗੈ ਓਹੁ ਅਗੰਮੁ ਹੈ ਵਾਹੇਦੜੁ ਜਾਣੁ ॥੨॥ ਪਉੜੀ ॥ ਨਾਰੀ ਪੁਰਖ ਪਿਆਰੁ ਪ੍ਰੇਮਿ ਸੀਗਾਰੀਆ ॥ ਕਰਨਿ ਭਗਤਿ ਦਿਨੁ ਰਾਤਿ ਨ ਰਹਨੀ ਵਾਰੀਆ ॥ ਮਹਲਾ ਮੰਝਿ ਨਿਵਾਸੁ ਸਬਦਿ ਸਵਾਰੀਆ ॥ ਸਚੁ ਕਹਨਿ ਅਰਦਾਸਿ ਸੇ ਵੇਚਾਰੀਆ ॥ ਸੋਹਨਿ ਖਸਮੈ ਪਾਸਿ ਹੁਕਮਿ ਸਿਧਾਰੀਆ ॥ ਸਖੀ ਕਹਨਿ ਅਰਦਾਸਿ ਮਨਹੁ ਪਿਆਰੀਆ ॥ ਬਿਨੁ ਨਾਵੈ ਧ੍ਰਿਗੁ ਵਾਸੁ ਫਿਟੁ ਸੁ ਜੀਵਿਆ ॥ ਸਬਦਿ ਸਵਾਰੀਆਸੁ ਅੰਮ੍ਰਿਤੁ ਪੀਵਿਆ ॥੨੨॥ ਸਲੋਕੁ ਮਃ ੧ ॥ ਮਾਰੂ ਮੀਹਿ ਨ ਤ੍ਰਿਪਤਿਆ ਅਗੀ ਲਹੈ ਨ ਭੁਖ ॥ ਰਾਜਾ ਰਾਜਿ ਨ ਤ੍ਰਿਪਤਿਆ ਸਾਇਰ ਭਰੇ ਕਿਸੁਕ ॥ ਨਾਨਕ ਸਚੇ ਨਾਮ ਕੀ ਕੇਤੀ ਪੁਛਾ ਪੁਛ ॥੧॥ ਮਹਲਾ ੨ ॥ ਨਿਹਫਲੰ ਤਸਿ ਜਨਮਸਿ ਜਾਵਤੁ ਬ੍ਰਹਮ ਨ ਬਿੰਦਤੇ ॥ ਸਾਗਰੰ ਸੰਸਾਰਸਿ ਗੁਰ ਪਰਸਾਦੀ ਤਰਹਿ ਕੇ ॥ ਕਰਣ ਕਾਰਣ ਸਮਰਥੁ ਹੈ ਕਹੁ ਨਾਨਕ ਬੀਚਾਰਿ ॥ ਕਾਰਣੁ ਕਰਤੇ ਵਸਿ ਹੈ ਜਿਨਿ ਕਲ ਰਖੀ ਧਾਰਿ ॥੨॥ ਪਉੜੀ ॥ ਖਸਮੈ ਕੈ ਦਰਬਾਰਿ ਢਾਢੀ ਵਸਿਆ ॥ ਸਚਾ ਖਸਮੁ ਕਲਾਣਿ ਕਮਲੁ ਵਿਗਸਿਆ ॥ ਖਸਮਹੁ ਪੂਰਾ ਪਾਇ ਮਨਹੁ ਰਹਸਿਆ ॥ ਦੁਸਮਨ ਕਢੇ ਮਾਰਿ ਸਜਣ ਸਰਸਿਆ ॥ ਸਚਾ ਸਤਿਗੁਰੁ ਸੇਵਨਿ ਸਚਾ

ਮਾਰਗੁ ਦਸਿਆ ॥ ਸਚਾ ਸਬਦੁ ਬੀਚਾਰਿ ਕਾਲੁ ਵਿਧਉਸਿਆ ॥ ਢਾਢੀ ਕਥੇ ਅਕਥੁ ਸਬਦਿ ਸਵਾਰਿਆ ॥ ਨਾਨਕ ਗੁਣ ਗਹਿ ਰਾਸਿ ਹਰਿ ਜੀਉ ਮਿਲੇ ਪਿਆਰਿਆ ॥੨੩॥ ਸਲੋਕੁ ਮਃ ੧ ॥ ਖਤਿਅਹੁ ਜੰਮੇ ਖਤੇ ਕਰਨਿ ਤ ਖਤਿਆ ਵਿਚਿ ਪਾਹਿ ॥ ਧੋਤੇ ਮੂਲਿ ਨ ਉਤਰਹਿ ਜੇ ਸਉ ਧੋਵਣ ਪਾਹਿ ॥ ਨਾਨਕ ਬਖਸੇ ਬਖਸੀਅਹਿ ਨਾਹਿ ਤ ਪਾਹੀ ਪਾਹਿ ॥੧॥ ਮਃ ੧ ॥ ਨਾਨਕ ਬੋਲਣੁ ਝਖਣਾ ਦੁਖ ਛਡਿ ਮੰਗੀਅਹਿ ਸੁਖ ॥ ਸੁਖੁ ਦੁਖੁ ਦੁਇ ਦਰਿ ਕਪੜੇ ਪਹਿਰਹਿ ਜਾਇ ਮਨੁਖ ॥ ਜਿਥੈ ਬੋਲਣਿ ਹਾਰੀਐ ਤਿਥੈ ਚੰਗੀ ਚੁਪ ॥੨॥ ਪਉੜੀ ॥ ਚਾਰੇ ਕੁੰਡਾ ਦੇਖਿ ਅੰਦਰੁ ਭਾਲਿਆ ॥ ਸਚੈ ਪੁਰਖਿ ਅਲਖਿ ਸਿਰਜਿ ਨਿਹਾਲਿਆ ॥ ਉਝੜਿ ਭੁਲੇ ਰਾਹ ਗੁਰਿ ਵੇਖਾਲਿਆ ॥ ਸਤਿਗੁਰ ਸਚੇ ਵਾਹੁ ਸਚੁ ਸਮਾਲਿਆ ॥ ਪਾਇਆ ਰਤਨੁ ਘਰਾਹੁ ਦੀਵਾ ਬਾਲਿਆ ॥ ਸਚੈ ਸਬਦਿ ਸਲਾਹਿ ਸੁਖੀਏ ਸਚ ਵਾਲਿਆ ॥ ਨਿਡਰਿਆ ਡਰੁ ਲਗਿ ਗਰਬਿ ਸਿ ਗਾਲਿਆ ॥ ਨਾਵਹੁ ਭੁਲਾ ਜਗੁ ਫਿਰੈ ਬੇਤਾਲਿਆ ॥੨੪॥ ਸਲੋਕੁ ਮਃ ੩ ॥ ਭੈ ਵਿਚਿ ਜੰਮੈ ਭੈ ਮਰੈ ਭੀ ਭਉ ਮਨ ਮਹਿ ਹੋਇ ॥ ਨਾਨਕ ਭੈ ਵਿਚਿ ਜੇ ਮਰੈ ਸਹਿਲਾ ਆਇਆ ਸੋਇ ॥੧॥ ਮਃ ੩ ॥ ਭੈ ਵਿਣੁ ਜੀਵੈ ਬਹੁਤੁ ਬਹੁਤੁ ਖੁਸੀਆ ਖੁਸੀ ਕਮਾਇ ॥ ਨਾਨਕ ਭੈ ਵਿਣੁ ਜੇ ਮਰੈ ਮੁਹਿ ਕਾਲੈ ਉਠਿ ਜਾਇ ॥੨॥ ਪਉੜੀ ॥ ਸਤਿਗੁਰੁ ਹੋਇ ਦਇਆਲੁ ਤ ਸਰਧਾ ਪੂਰੀਐ ॥ ਸਤਿਗੁਰੁ ਹੋਇ ਦਇਆਲੁ ਨ ਕਬਹੂੰ ਝੂਰੀਐ ॥ ਸਤਿਗੁਰੁ ਹੋਇ ਦਇਆਲੁ ਤਾ ਦੁਖੁ ਨ ਜਾਣੀਐ ॥ ਸਤਿਗੁਰੁ ਹੋਇ ਦਇਆਲੁ ਤਾ ਹਰਿ ਰੰਗੁ ਮਾਣੀਐ ॥ ਸਤਿਗੁਰੁ ਹੋਇ ਦਇਆਲੁ ਤਾ ਜਮ ਕਾ ਡਰੁ ਕੇਹਾ ॥ ਸਤਿਗੁਰੁ ਹੋਇ ਦਇਆਲੁ ਤਾ ਸਦ ਹੀ ਸੁਖੁ ਦੇਹਾ ॥ ਸਤਿਗੁਰੁ ਹੋਇ ਦਇਆਲੁ ਤਾ ਨਵ ਨਿਧਿ ਪਾਈਐ ॥ ਸਤਿਗੁਰੁ ਹੋਇ ਦਇਆਲੁ ਤ ਸਚਿ ਸਮਾਈਐ ॥੨੫॥ ਸਲੋਕੁ ਮਃ ੧ ॥ ਸਿਰੁ ਖੋਹਾਇ ਪੀਅਹਿ ਮਲਵਾਣੀ ਜੂਠਾ ਮੰਗਿ ਮੰਗਿ ਖਾਹੀ ॥ ਫੋਲਿ ਫਦੀਹਤਿ ਮੁਹਿ ਲੈਨਿ ਭੜਾਸਾ ਪਾਣੀ ਦੇਖਿ ਸਗਾਹੀ ॥ ਭੇਡਾ ਵਾਗੀ ਸਿਰੁ ਖੋਹਾਇਨਿ ਭਰੀਅਨਿ ਹਥ ਸੁਆਹੀ ॥ ਮਾਊ ਪੀਊ ਕਿਰਤੁ ਗਵਾਇਨਿ ਟਬਰ ਰੋਵਨਿ ਧਾਹੀ ॥ ਓਨਾ ਪਿੰਡੁ ਨ ਪਤਲਿ ਕਿਰਿਆ ਨ ਦੀਵਾ ਮੁਏ ਕਿਥਾਊ ਪਾਹੀ ॥ ਅਠਸਠਿ ਤੀਰਥ ਦੇਨਿ ਨ ਢੋਈ ਬ੍ਰਹਮਣ ਅੰਨੁ ਨ ਖਾਹੀ ॥ ਸਦਾ ਕੁਚੀਲ ਰਹਹਿ ਦਿਨੁ ਰਾਤੀ ਮਥੈ ਟਿਕੇ ਨਾਹੀ ॥ ਝੁੰਡੀ ਪਾਇ ਬਹਨਿ ਨਿਤਿ ਮਰਣੈ ਦੜਿ ਦੀਬਾਣਿ ਨ ਜਾਹੀ ॥ ਲਕੀ ਕਾਸੇ ਹਥੀ ਫੁੰਮਣ ਅਗੋ ਪਿਛੀ ਜਾਹੀ ॥ ਨਾ ਓਇ ਜੋਗੀ ਨਾ ਓਇ ਜੰਗਮ

ਨਾ ਓਇ ਕਾਜੀ ਮੁੰਲਾ ॥ ਦਯਿ ਵਿਗੋਏ ਫਿਰਹਿ ਵਿਗੁਤੇ ਫਿਟਾ ਵਤੈ ਗਲਾ ॥ ਜੀਆ ਮਾਰਿ ਜੀਵਾਲੇ ਸੋਈ ਅਵਰੁ ਨ ਕੋਈ ਰਖੈ ॥ ਦਾਨਹੁ ਤੈ ਇਸਨਾਨਹੁ ਵੰਜੇ ਭਸੁ ਪਈ ਸਿਰਿ ਖੁਥੈ ॥ ਪਾਣੀ ਵਿਚਹੁ ਰਤਨ ਉਪੰਨੇ ਮੇਰੁ ਕੀਆ ਮਾਧਾਣੀ ॥ ਅਠਸਠਿ ਤੀਰਥ ਦੇਵੀ ਥਾਪੇ ਪੁਰਬੀ ਲਗੈ ਬਾਣੀ ॥ ਨਾਇ ਨਿਵਾਜਾ ਨਾਤੈ ਪੂਜਾ ਨਾਵਨਿ ਸਦਾ ਸੁਜਾਣੀ ॥ ਮੁਇਆ ਜੀਵਦਿਆ ਗਤਿ ਹੋਵੈ ਜਾਂ ਸਿਰਿ ਪਾਈਐ ਪਾਣੀ ॥ ਨਾਨਕ ਸਿਰਖੁਥੇ ਸੈਤਾਨੀ ਏਨਾ ਗਲ ਨ ਭਾਣੀ ॥ ਵੁਠੈ ਹੋਇਐ ਹੋਇ ਬਿਲਾਵਲੁ ਜੀਆ ਜੁਗਤਿ ਸਮਾਣੀ ॥ ਵੁਠੈ ਅੰਨੁ ਕਮਾਦੁ ਕਪਾਹਾ ਸਭਸੈ ਪੜਦਾ ਹੋਵੈ ॥ ਵੁਠੈ ਘਾਹੁ ਚਰਹਿ ਨਿਤਿ ਸੁਰਹੀ ਸਾ ਧਨ ਦਹੀ ਵਿਲੋਵੈ ॥ ਤਿਤੁ ਘਿਇ ਹੋਮ ਜਗ ਸਦ ਪੂਜਾ ਪਇਐ ਕਾਰਜੁ ਸੋਹੈ ॥ ਗੁਰੂ ਸਮੁੰਦੁ ਨਦੀ ਸਭਿ ਸਿਖੀ ਨਾਤੈ ਜਿਤੁ ਵਡਿਆਈ ॥ ਨਾਨਕ ਜੇ ਸਿਰਖੁਥੇ ਨਾਵਨਿ ਨਾਹੀ ਤਾ ਸਤ ਚਟੇ ਸਿਰਿ ਛਾਈ ॥੧॥ ਮਃ ੨ ॥ ਅਗੀ ਪਾਲਾ ਕਿ ਕਰੇ ਸੂਰਜ ਕੇਹੀ ਰਾਤਿ ॥ ਚੰਦ ਅਨੇਰਾ ਕਿ ਕਰੇ ਪਉਣ ਪਾਣੀ ਕਿਆ ਜਾਤਿ ॥ ਧਰਤੀ ਚੀਜੀ ਕਿ ਕਰੇ ਜਿਸੁ ਵਿਚਿ ਸਭੁ ਕਿਛੁ ਹੋਇ ॥ ਨਾਨਕ ਤਾ ਪਤਿ ਜਾਣੀਐ ਜਾ ਪਤਿ ਰਖੈ ਸੋਇ ॥੨॥ ਪਉੜੀ ॥ ਤੁਧੁ ਸਚੇ ਸੁਬਹਾਨੁ ਸਦਾ ਕਲਾਣਿਆ ॥ ਤੂੰ ਸਚਾ ਦੀਬਾਣੁ ਹੋਰਿ ਆਵਣ ਜਾਣਿਆ ॥ ਸਚੁ ਜਿ ਮੰਗਹਿ ਦਾਨੁ ਸਿ ਤੁਧੈ ਜੇਹਿਆ ॥ ਸਚੁ ਤੇਰਾ ਫੁਰਮਾਨੁ ਸਬਦੇ ਸੋਹਿਆ ॥ ਮੰਨਿਐ ਗਿਆਨੁ ਧਿਆਨੁ ਤੁਧੈ ਤੇ ਪਾਇਆ ॥ ਕਰਮਿ ਪਵੈ ਨੀਸਾਨੁ ਨ ਚਲੈ ਚਲਾਇਆ ॥ ਤੂੰ ਸਚਾ ਦਾਤਾਰੁ ਨਿਤ ਦੇਵਹਿ ਚੜਹਿ ਸਵਾਇਆ ॥ ਨਾਨਕੁ ਮੰਗੈ ਦਾਨੁ ਜੋ ਤੁਧੁ ਭਾਇਆ ॥੨੬॥ ਸਲੋਕੁ ਮਃ ੨ ॥ ਦੀਖਿਆ ਆਖਿ ਬੁਝਾਇਆ ਸਿਫਤੀ ਸਚਿ ਸਮੇਉ ॥ ਤਿਨ ਕਉ ਕਿਆ ਉਪਦੇਸੀਐ ਜਿਨ ਗੁਰੁ ਨਾਨਕ ਦੇਉ ॥੧॥ ਮਃ ੧ ॥ ਆਪਿ ਬੁਝਾਏ ਸੋਈ ਬੂਝੈ ॥ ਜਿਸੁ ਆਪਿ ਸੁਝਾਏ ਤਿਸੁ ਸਭੁ ਕਿਛੁ ਸੂਝੈ ॥ ਕਹਿ ਕਹਿ ਕਥਨਾ ਮਾਇਆ ਲੂਝੈ ॥ ਹੁਕਮੀ ਸਗਲ ਕਰੇ ਆਕਾਰ ॥ ਆਪੇ ਜਾਣੈ ਸਰਬ ਵੀਚਾਰ ॥ ਅਖਰ ਨਾਨਕ ਅਖਿਓ ਆਪਿ ॥ ਲਹੈ ਭਰਾਂਤਿ ਹੋਵੈ ਜਿਸੁ ਦਾਤਿ ॥੨॥ ਪਉੜੀ ॥ ਹਉ ਢਾਢੀ ਵੇਕਾਰੁ ਕਾਰੈ ਲਾਇਆ ॥ ਰਾਤਿ ਦਿਹੈ ਕੈ ਵਾਰ ਧੁਰਹੁ ਫੁਰਮਾਇਆ ॥ ਢਾਢੀ ਸਚੈ ਮਹਲਿ ਖਸਮਿ ਬੁਲਾਇਆ ॥ ਸਚੀ ਸਿਫਤਿ ਸਾਲਾਹ ਕਪੜਾ ਪਾਇਆ ॥ ਸਚਾ ਅੰਮ੍ਰਿਤ ਨਾਮੁ ਭੋਜਨੁ ਆਇਆ ॥ ਗੁਰਮਤੀ ਖਾਧਾ ਰਜਿ ਤਿਨਿ ਸੁਖੁ ਪਾਇਆ ॥ ਢਾਢੀ ਕਰੇ ਪਸਾਉ ਸਬਦੁ ਵਜਾਇਆ ॥ ਨਾਨਕ ਸਚੁ ਸਾਲਾਹਿ ਪੂਰਾ ਪਾਇਆ ॥੨੭॥ ਸੁਧੁ